ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 17 ਅਗਸਤ ਤੋਂ ਐਤਵਾਰ, 23 ਅਗਸਤ, 2026

WEEKLY ZIKAR PUNJAB
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ

ਹਫਤਾਵਾਰੀ ਅਖ਼ਬਾਰ
Ludhiana : Monday, 17 August to Sunday, 23 August 2026

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 33 | Website : www.zikarpunjab.com



## ਪ੍ਰਧਾਨ ਮੰਤਰੀ ਮੋਦੀ ਨੇ ਲਾਲ ਕਿਲ੍ਹੇ 'ਤੇ ਲਹਿਰਾਇਆ ਤਿਰੰਗਾ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 80ਵੇਂ ਅਜ਼ਾਦੀ ਦਿਵਸ ਦੇ ਮੌਕੇ 'ਤੇ ਲਾਲ ਕਿਲ੍ਹੇ ਤੋਂ ਸੱਤਧਾਰਾ (ਸ਼ਕਤੀ ਦੀਆਂ ਸੱਤ ਧਾਰਾਵਾਂ) ਦਾ ਸੱਦਾ ਦਿੱਤਾ ਅਤੇ ਸੱਤ-ਅਯਾਮੀ ਵਿਕਾਸ ਦੇ ਦ੍ਰਿਸ਼ਟੀਕੋਣ ਦੀ ਰੂਪਰੇਖਾ ਦੱਸੀ। ਭਾਰਤ ਨੂੰ ਇੱਕ ਗਲੋਬਲ ਪਾਵਰਹਾਊਸ ਬਣਾਉਣ ਲਈ, ਉਨ੍ਹਾਂ ਨੇ ਨਿਰਮਾਣ ਬਿਜਲੀ, ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ, ਤਕਨਾਲੋਜੀ ਅਤੇ ਨਵੀਨਤਾ, ਸਪੀਡ ਪਾਵਰ,ਗ੍ਰੀਨ ਅਤੇ ਬਲੂ ਅਰਥਵਿਵਸਥਾਵਾਂ ਅਤੇ ਸਾਫਟ ਪਾਵਰ ਵੱਲ ਕੰਮ ਕਰਨ 'ਤੇ ਜ਼ੋਰ ਦਿੱਤਾ। ਰਾਸ਼ਟਰ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਨੂੰ ਉੱਭਰ ਰਹੇ ਵਿਸ਼ਵਵਿਆਪੀ ਮੌਕਿਆਂ ਦਾ ਫਾਇਦਾ ਉਠਾਉਣ ਅਤੇ ਅਜਿਹੀਆਂ ਸਮਰੱਥਾਵਾਂ ਵਿਕਸਤ ਕਰਨ ਲਈ ਆਪਣੀ ਤਾਕਤ ਦੀ ਵਰਤੋਂ ਕਰਨੀ ਚਾਹੀਦੀ ਹੈ ਜੋ ਦੁਨੀਆ ਦੇ ਸਭ ਤੋਂ ਵਧੀਆ ਨਾਲ ਮੁਕਾਬਲਾ ਕਰ ਸਕਣ। ਸਾਨੂੰ ਦੇਸ਼ ਦੇ ਅੰਦਰ ਹੀ ਛੋਟੇ ਪੈਮਾਨੇ ਦੇ ਉਤਪਾਦਾਂ ਤੋਂ ਲੈ ਕੇ ਵੱਡੇ ਪੈਮਾਨੇ ਦੇ ਉਤਪਾਦਾਂ ਤੱਕ, ਪੂਰੀ ਮੁੱਲ ਲੜੀ ਵਿਕਸਤ ਕਰਨੀ ਚਾਹੀਦੀ

- **ਨਿਰਮਾਣ ਸ਼ਕਤੀ, ਖੇਤੀਬਾੜੀ-ਭੋਜਨ ਪ੍ਰੋਸੈਸਿੰਗ, ਤਕਨਾਲੋਜੀ ਅਤੇ ਨਵੀਨਤਾ, ਗਤੀ ਸ਼ਕਤੀ, ਗ੍ਰੀਨ ਅਤੇ ਬਲੂ ਅਰਥਵਿਵਸਥਾਵਾਂ ਅਤੇ ਸਾਫਟ ਪਾਵਰ ਵੱਲ ਕੰਮ ਕਰਨ 'ਤੇ ਜ਼ੋਰ ਦਿੱਤਾ**

ਹੈ। ਇਸ ਲਈ ਭਾਰਤ ਦੇ ਅੰਦਰ ਹੀ ਪੂਰੀ ਉਤਪਾਦਨ ਪ੍ਰਕਿਰਿਆ, ਹਿੱਸਿਆਂ ਤੋਂ ਲੈ ਕੇ ਸੰਪੂਰਨ ਨਿਰਮਾਣ ਤੱਕ, ਨੂੰ ਸੰਭਾਲਣ ਦੀ ਸਮਰੱਥਾ ਬਣਾਉਣ ਦੀ ਲੋੜ ਹੈ। ਇਹ ਭਾਰਤ ਨੂੰ ਵਿਸ਼ਵ ਸਪਲਾਈ ਲੜੀ ਵਿੱਚ ਇੱਕ ਪ੍ਰਮੁੱਖ ਨਿਰਮਾਣ ਕੇਂਦਰ ਵਜੋਂ ਉਭਰਨ ਦੇ ਯੋਗ ਬਣਾਏਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਨੂੰ ਨਿਰਮਾਣ ਖੇਤਰ ਵਿੱਚ ਭਾਰਤ ਵੱਲੋਂ ਪੇਸ਼ ਕੀਤੇ ਗਏ ਮੌਕਿਆਂ ਨੂੰ ਗੁਆਉਣਾ ਨਹੀਂ ਚਾਹੀਦਾ। ਇਸ ਨੂੰ ਪ੍ਰਾਪਤ ਕਰਨ ਲਈ, ਸਾਨੂੰ ਤਿੰਨ ਮੁੱਖ ਮਾਪਦੰਡਾਂ ਦੇ ਅਧਾਰ 'ਤੇ ਅੱਗੇ ਵਧਣਾ ਚਾਹੀਦਾ ਹੈ। ਕਾਰਜ, ਗੁਣਵੱਤਾ ਅਤੇ ਪੈਮਾਨਾ। ਇਸ ਨੂੰ ਪ੍ਰਾਪਤ ਕਰਨ ਲਈ, ਸਾਡੀਆਂ ਫੈਕਟਰੀਆਂ ਪ੍ਰਤੀਯੋਗੀ, ਉਤਪਾਦ ਉਪਭੋਗਤਾ-ਅਨੁਕੂਲ ਅਤੇ ਪੈਕੇਜਿੰਗ ਵਿਸ਼ਵਵਿਆਪੀ ਦਰਸ਼ਕਾਂ ਨੂੰ ਆਕਰਸ਼ਿਤ ਕਰਨ ਵਾਲੀਆਂ ਹੋਣੀਆਂ ਚਾਹੀਦੀਆਂ ਹਨ। ਪ੍ਰਧਾਨ ਮੰਤਰੀ ਮੋਦੀ ਨੇ ਭਾਰਤੀ ਕਿਸਾਨਾਂ ਅਤੇ ਖੇਤੀਬਾੜੀ ਉਤਪਾਦਾਂ ਨੂੰ ਵਿਸ਼ਵਵਿਆਪੀ ਖਪਤਕਾਰਾਂ ਨਾਲ ਜੋੜ ਕੇ ਖੇਤ ਤੋਂ ਨਿਰਯਾਤ ਬਜ਼ਾਰ ਵਿੱਚ ਲਿਜਾਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਰਵਾਇਤੀ ਭਾਰਤੀ ਭੋਜਨ, ਬਾਜਰਾ ਅਤੇ ਹੋਰ ਸਵਦੇਸ਼ੀ ਉਤਪਾਦਾਂ ਨੂੰ ਵਿਸ਼ਵਵਿਆਪੀ ਬ੍ਰਾਂਡਾਂ ਵਜੋਂ ਵਿਕਸਤ ਕੀਤਾ ਜਾਣਾ ਚਾਹੀਦਾ ਹੈ। ਇਸ ਦੇ ਤਹਿਤ, ਪ੍ਰਧਾਨ ਮੰਤਰੀ ਮੋਦੀ ਨੇ ਏਆਈ, ਕੁਆਂਟਮ ਤਕਨਾਲੋਜੀ, ਸਪੇਸ, ਰੋਬੋਟਿਕਸ, • ਬਾਕੀ ਸਫ਼ਾ 2 'ਤੇ

## ਆਜ਼ਾਦੀ ਦਾ 80ਵਾਂ ਦਿਹਾੜਾ ਪੰਜਾਬ ਦੀਆਂ ਔਰਤਾਂ ਦੀ 'ਆਰਥਿਕ ਆਜ਼ਾਦੀ' ਦਾ ਸਾਲ ਹੋਵੇਗਾ : ਮਾਨ

- **ਪਹਿਲੀ ਵਾਰ ਔਰਤਾਂ ਕੋਲ ਆਪਣੀ ਮਰਜ਼ੀ ਨਾਲ ਪੈਸੇ ਖਰਚਣ ਦੀ ਆਜ਼ਾਦੀ ਹੈ**
- **74.59 ਲੱਖ ਰਜਿਸਟਰਡ ਔਰਤਾਂ ਵਿੱਚੋਂ 65 ਲੱਖ ਤੋਂ ਵੱਧ ਔਰਤਾਂ ਨੂੰ ਮਿਲੀ ਸਨਮਾਨ ਰਾਸ਼ੀ**
- **ਸਰਕਾਰ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰ ਰਹੀ ਹੈ**



**ਫ਼ਿਰੋਜ਼ਪੁਰ** : ਫਿਰੋਜ਼ਪੁਰ ਕੈਂਟ ਬੋਰਡ ਸਟੇਡੀਅਮ ਵਿਖੇ 80ਵੇਂ ਆਜ਼ਾਦੀ ਦਿਹਾੜੇ ਦੇ ਰਾਜ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਜ਼ਾਦੀ ਦਾ 80ਵਾਂ ਦਿਹਾੜਾ ਪੰਜਾਬ ਦੀਆਂ ਔਰਤਾਂ ਲਈ 'ਆਰਥਿਕ ਆਜ਼ਾਦੀ' ਦਾ ਸਾਲ ਹੋਵੇਗਾ। ਪਹਿਲੀ ਵਾਰ ਮਾਵਾਂ-ਧੀਆਂ ਨੂੰ ਆਪਣੀ ਮਰਜ਼ੀ ਅਨੁਸਾਰ ਪੈਸੇ ਖਰਚਣ ਦੀ ਆਜ਼ਾਦੀ ਮਿਲ ਰਹੀ ਹੈ, ਜਿਸ ਵਿੱਚ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਰਜਿਸਟਰਡ 74.59 ਲੱਖ ਔਰਤਾਂ ਵਿੱਚੋਂ 65 ਲੱਖ ਤੋਂ ਵੱਧ ਔਰਤਾਂ ਨੂੰ ਸਨਮਾਨ ਰਾਸ਼ੀ ਮਿਲ ਚੁੱਕੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਾਨ ਰਾਸ਼ਟਰੀ ਨਾਇਕਾਂ ਦੇ ਪੂਰਨਿਆਂ 'ਤੇ ਚੱਲਦਿਆਂ ਉਨ੍ਹਾਂ ਦੀ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਕੇ ਸਾਰਿਆਂ ਦੀ ਭਲਾਈ ਅਤੇ ਖੁਸ਼ਹਾਲ 'ਰੰਗਲਾ ਪੰਜਾਬ' ਬਣਾਉਣ ਲਈ ਅਣਥੱਕ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਕਤੀਕਰਨ ਦੀ ਇਹ ਭਾਵਨਾ ਪੂਰੇ ਪੰਜਾਬ ਵਿੱਚ ਸਿੱਖਿਆ ਅਤੇ ਸਿਹਤ ਸੰਭਾਲ ਵਿੱਚ ਸੁਧਾਰ, ਨੌਜਵਾਨਾਂ ਲਈ ਰੋਜ਼ਗਾਰ, ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ, ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ ਅਤੇ ਜਨਤਕ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਪੰਜਾਬ ਦੀ ਪਛਾਣ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖ ਕੇ ਵਧਾਈ ਜਾ ਰਹੀ ਹੈ।

ਇਸ ਸ਼ੁੱਭ ਦਿਹਾੜੇ ਦੀਆਂ ਕੁੱਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ: "ਅੱਜ 80ਵੇਂ ਆਜ਼ਾਦੀ ਦਿਹਾੜੇ ਦੇ ਮੌਕੇ 'ਤੇ ਫ਼ਿਰੋਜ਼ਪੁਰ ਦੀ ਪਵਿੱਤਰ ਧਰਤੀ ਹੁਸੈਨੀਵਾਲਾ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਅਤੇ ਹੋਰ ਰਾਸ਼ਟਰੀ ਨਾਇਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਅਸੀਂ ਸ਼ਹੀਦਾਂ ਦੇ ਸੁਪਨਿਆਂ ਦਾ 'ਰੰਗਲਾ ਪੰਜਾਬ' ਬਣਾਉਣ ਲਈ ਲਗਾਤਾਰ ਕੰਮ ਕਰ ਰਹੇ ਹਾਂ। 69,093 ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ, ਸੂਬੇ ਦੇ 88 ਫੀਸਦੀ ਖੇਤਾਂ ਨੂੰ ਹੁਣ ਨਹਿਰੀ ਪਾਣੀ ਮਿਲ • ਬਾਕੀ ਸਫ਼ਾ 2 'ਤੇ

### ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਆਦਰਸ਼ਾਂ 'ਤੇ ਚੱਲ ਰਹੀ ਹੈ : ਮਾਨ

ਜ਼ਿਕਰ ਪੰਜਾਬ

**ਹੁਸੈਨੀਵਾਲਾ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਹਰ ਫੈਸਲਾ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਜੀਵਨ, ਦਰਸ਼ਨ ਅਤੇ ਮਹਾਨ ਕੁਰਬਾਨੀ ਦੇ ਸਿਧਾਂਤਾਂ 'ਤੇ ਆਧਾਰਿਤ ਹੈ। ਉਨ੍ਹਾਂ ਕਿਹਾ ਕਿ ਇੱਕ ਆਜ਼ਾਦ, ਪ੍ਰਗਤੀਸ਼ੀਲ ਅਤੇ ਖੁਸ਼ਹਾਲ ਪੰਜਾਬ ਸਬੰਧੀ ਉਨ੍ਹਾਂ ਦੀ ਸੋਚ ਨੂੰ ਹਕੀਕਤ ਵਿੱਚ ਬਦਲਣ ਲਈ ਸਾਡੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਹੁਸੈਨੀਵਾਲਾ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ, ਉਨ੍ਹਾਂ ਕਿਹਾ ਕਿ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਕੋਈ ਕਸਰ ਨਹੀਂ ਛੱਡੇਗੀ ਅਤੇ ਉਨ੍ਹਾਂ ਦੀ ਸ਼ਾਨਦਾਰ ਵਿਰਾਸਤ ਨੂੰ ਸੁਰੱਖਿਅਤ ਰੱਖਣ ਅਤੇ ਹੁਸੈਨੀਵਾਲਾ ਨੂੰ ਇੱਕ ਪ੍ਰਮੁੱਖ ਸੈਰ-ਸਪਾਟਾ ਸਥਾਨ ਵਿੱਚ ਬਦਲਣ ਲਈ ਸਮਰਪਿਤ ਵਿਰਾਸਤੀ



ਕੰਪਲੈਕਸ 'ਤੇ 24.99 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਇਸ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਇਨ੍ਹਾਂ ਮਹਾਨ ਆਗੂਆਂ ਨੇ ਦੇਸ਼ ਅਤੇ ਇਸਦੇ ਲੋਕਾਂ ਦੀ ਖ਼ਾਤਰ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ। ਇਹ ਸਥਾਨ ਹਰ ਦੇਸ਼ ਵਾਸੀ ਲਈ ਬਹੁਤ ਪਵਿੱਤਰ ਹੈ ਕਿਉਂਕਿ ਇਸੇ ਸਥਾਨ 'ਤੇ ਅੰਗਰੇਜ਼ਾਂ ਵੱਲੋਂ ਬਿਨਾਂ ਕਿਸੇ ਸਨਮਾਨ ਦੇ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਦੀਆਂ ਮ੍ਰਿਤਕ ਦੇਹਾਂ ਦਾ ਸਸਕਾਰ ਕੀਤਾ ਗਿਆ ਸੀ। ਇਹ ਸਥਾਨ ਦੇਸ਼ ਦੇ ਨੌਜਵਾਨਾਂ ਨੂੰ ਦੇਸ਼ ਪ੍ਰਤੀ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰਦਾ ਰਿਹਾ ਹੈ।÷

ਮੁੱਖ ਮੰਤਰੀ ਨੇ ਕਿਹਾ, ÷ਮੈਂ ਖੁਦ ਨੂੰ ਬਹੁਤ ਸੁਭਾਗਾ ਸਮਝਦਾ ਹਾਂ ਕਿ ਮੈਨੂੰ ਇਸ ਪਵਿੱਤਰ ਧਰਤੀ 'ਤੇ ਆ ਕੇ ਉਨ੍ਹਾਂ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਮੌਕਾ ਮਿਲਿਆ ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਵਾਰ • ਬਾਕੀ ਸਫ਼ਾ 2 'ਤੇ

### ਸ਼ਾਨਦਾਰ ਪਰੇਡ, ਸੱਭਿਆਚਾਰਕ ਵੰਨਗੀਆਂ ਅਤੇ ਪ੍ਰਾਪਤੀਆਂ ਦਰਸਾਉਂਦੀਆਂ ਝਾਕੀਆਂ ਨੇ ਆਜ਼ਾਦੀ ਦਿਹਾੜੇ ਦੇ ਸਮਾਗਮਾਂ ਨੂੰ ਚਾਰ ਚੰਨ ਲਾਏ

ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਪੁਲਿਸ (ਪੁਰਸ਼ ਅਤੇ ਮਹਿਲਾ), ਬੀ.ਐਸ.ਐਫ, ਪੀ.ਏ.ਪੀ., ਹਿਮਾਚਲ ਪੁਲਿਸ, ਪੰਜਾਬ ਹੋਮ ਗਾਰਡਜ਼, ਐਨ.ਸੀ.ਸੀ, ਸਕਾਉਟਸ ਐਂਡ ਗਾਈਡਜ਼ ਅਤੇ ਪੰਜਾਬ ਪੁਲਿਸ ਬੈਂਡ ਦੀਆਂ ਟੁਕੜੀਆਂ ਵੱਲੋਂ ਪੇਸ਼ ਕੀਤੇ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਲਈ। ਪਰੇਡ ਦੀ ਅਗਵਾਈ ਪਰੇਡ ਕਮਾਂਡਰ ਧੀਰੇਂਦਰ ਵਰਮਾ (ਆਈ.ਪੀ.ਐਸ.) ਅਤੇ ਸਹਾਇਕ ਪਰੇਡ ਕਮਾਂਡਰ ਪ੍ਰੀਤ ਕਮਲ ਸਿੰਘ (ਪੀ.ਪੀ.ਐਸ.) ਨੇ ਕੀਤੀ। ਸਕੂਲੀ ਵਿਦਿਆਰਥੀਆਂ ਵੱਲੋਂ ਪੀ.ਟੀ. ਸ਼ੋਅ, ਗਿੱਧਾ, ਭੰਗੜਾ ਅਤੇ ਸਕੂਲਾਂ-ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਹੋਰ ਰਵਾਇਤੀ ਲੋਕ ਨਾਚਾਂ ਦੇ ਰੰਗਾਰੰਗ ਪ੍ਰੋਗਰਾਮ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਸਮਾਗਮ ਦੌਰਾਨ 'ਯੁੱਧ ਨਸ਼ਿਆਂ ਵਿਰੁੱਧ', 'ਮਾਵਾਂ ਧੀਆਂ ਸਤਿਕਾਰ ਯੋਜਨਾ', 'ਮੁੱਖ ਮੰਤਰੀ ਸਿਹਤ ਯੋਜਨਾ', ਖੇਤੀਬਾੜੀ ਖੇਤਰ, ਜੰਗਲਾਤ ਅਤੇ ਹੋਰ ਖੇਤਰਾਂ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦੀਆਂ ਝਾਕੀਆਂ ਵੀ ਖਿੱਚ ਦਾ ਕੇਂਦਰ ਬਣੀਆਂ। ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਡੀ.ਜੀ.ਪੀ. ਗੌਰਵ ਯਾਦਵ ਅਤੇ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

## ਤਾਰਿਕ ਰਹਿਮਾਨ ਦੀ ਭਾਰਤ ਫੇਰੀ ਤੋਂ ਪਹਿਲਾਂ ਬੰਗਲਾਦੇਸ਼ ਨੇ ਰੱਖੀਆਂ ਦੋ ਸ਼ਰਤਾਂ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਬੰਗਲਾਦੇਸ਼ ਨੇ ਇੱਕ ਵਾਰ ਫਿਰ ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਦੀ ਭਾਰਤ ਦੀ ਸੰਭਾਵੀ ਫੇਰੀ ਨੂੰ ਸ਼ੇਖ ਹਸੀਨਾ ਅਤੇ ਹੋਰ ਭਗੌੜੇ ਅਪਰਾਧੀਆਂ ਦੀ ਹਵਾਲਗੀ ਨਾਲ ਜੋੜਿਆ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਅਗਲੇ ਮਹੀਨੇ ਹੋਣ ਵਾਲੇ ਬ੍ਰਿਕਸ ਸੰਮੇਲਨ ਤੋਂ ਪਹਿਲਾਂ ਉਨ੍ਹਾਂ ਦੀ ਭਾਰਤ ਫੇਰੀ ਹੁਣ ਅਸੰਭਵ ਹੈ।ਬੰਗਲਾਦੇਸ਼ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਐਤਵਾਰ ਨੂੰ ਕਿਹਾ ਕਿ ਦੋਵਾਂ ਦੇਸ਼ਾਂ ਦੇ ਅਧਿਕਾਰੀ ਕਈ ਹਫ਼ਤਿਆਂ ਤੋਂ ਪ੍ਰਧਾਨ ਮੰਤਰੀ ਰਹਿਮਾਨ ਦੀ ਦੁਵੱਲੀ ਫੇਰੀ ਦੀ ਸੰਭਾਵਨਾ 'ਤੇ ਚਰਚਾ ਕਰ ਰਹੇ ਸਨ, ਪਰ 5 ਅਗਸਤ ਨੂੰ ਸ਼ੇਖ ਹਸੀਨਾ ਦੀ ਖੁੱਲ੍ਹੀ ਪ੍ਰੈਸ ਕਾਨਫਰੰਸ ਨੇ ਪ੍ਰਕਿਰਿਆ ਨੂੰ ਵਿਗਾੜ ਦਿੱਤਾ। ਬੁਲਾਰੇ ਨੇ ਕਿਹਾ, ਅਸੀਂ ਇਸ ਮੁੱਦੇ 'ਤੇ ਆਪਣਾ ਰੁਖ਼ ਸਪੱਸ਼ਟ ਕਰ ਦਿੱਤਾ ਹੈ। ਸਾਨੂੰ ਦੌਰੇ • ਬਾਕੀ ਸਫ਼ਾ 2 'ਤੇ

## ਖਨੌਰੀ ਬਾਰਡਰ 'ਤੇ ਮੁੜ ਤਣਾਅ; ਕਿਸਾਨਾਂ ਦਾ ਦਿੱਲੀ ਕੂਚ ਰੋਕਣ ਲਈ ਹਰਿਆਣਾ ਪੁਲਿਸ ਨੇ ਲਾਏ ਬੈਰੀਕੇਡ

ਜ਼ਿਕਰ ਪੰਜਾਬ

**ਖਨੌਰੀ** : ਦਿੱਲੀ ਵੱਲ ਤਾਜ਼ਾ ਮਾਰਚ ਦੇ ਦਿੱਤੇ ਸੱਦੇ ਤੋਂ ਬਾਅਦ ਐਤਵਾਰ ਨੂੰ ਪੰਜਾਬ-ਹਰਿਆਣਾ ਸਰਹੱਦ 'ਤੇ ਸਥਿਤੀ ਇੱਕ ਵਾਰ ਫਿਰ ਤਣਾਅਪੂਰਨ ਹੋ ਗਈ। ਹਰਿਆਣਾ ਪੁਲੀਸ ਨੇ ਕਿਸਾਨਾਂ ਨੂੰ ਰਾਜਧਾਨੀ ਵੱਲ ਵਧਣ ਤੋਂ ਰੋਕਣ ਲਈ ਖਨੌਰੀ ਚੈੱਕਪੋਸਟ 'ਤੇ ਭਾਰੀ ਬੈਰੀਕੇਡਿੰਗ ਕਰ ਦਿੱਤੀ ਹੈ। ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ਦੇ ਬੈਨਰ ਹੇਠ ਸੈਂਕੜੇ ਕਿਸਾਨ ਸਰਹੱਦ 'ਤੇ ਇਕੱਠੇ ਹੋਏ। ਪਰ ਕਿਸਾਨਾਂ ਨੂੰ ਪੰਜਾਬ ਵਾਲੇ ਪਾਸੇ ਹੀ ਰੋਕ ਲਿਆ ਗਿਆ ਹੈ। ਹਰਿਆਣਾ ਵਿਚ ਦਾਖਲ ਹੋਣ ਤੋਂ ਰੋਕਣ ਲਈ ਪ੍ਰਸ਼ਾਸਨ ਨੇ ਬਹੁ-ਪਰਤੀ ਬੈਰੀਕੇਡ, ਕੰਕਰੀਟ ਦੇ ਬਲਾਕ, ਜ਼ੰਜੀਰਾਂ ਨਾਲ ਬੰਨ੍ਹੇ ਲੋਹੇ ਦੇ ਪਿੰਜਰੇ ਲਾਏ ਹਨ ਅਤੇ ਪੁਲੀਸ ਟੁਕੜੀਆਂ ਤਾਇਨਾਤ ਕੀਤੀਆਂ ਹਨ। ਪ੍ਰਦਰਸ਼ਨਕਾਰੀ ਕਿਸਾਨ ਜਥੇਬੰਦੀਆਂ




ਸਾਰੀਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਦੀ ਮੰਗ ਕਰ ਰਹੀਆਂ ਹਨ। ਇਸ ਤੋਂ ਇਲਾਵਾ ਉਹ ਪ੍ਰਸਤਾਵਿਤ ਮੁਕਤ ਵਪਾਰ ਸਮਝੌਤਿਆਂ ਦਾ ਵਿਰੋਧ ਕਰ ਰਹੇ ਹਨ ਅਤੇ ਗ੍ਰਿਫ਼ਤਾਰ ਕੀਤੇ ਗਏ ਕਿਸਾਨ ਆਗੂਆਂ ਦੀ ਤੁਰੰਤ ਰਿਹਾਈ ਦੀ ਮੰਗ ਕਰ ਰਹੇ ਹਨ।ਖਨੌਰੀ ਬਾਰਡਰ ਪੰਜਾਬ ਅਤੇ ਹਰਿਆਣਾ ਨੂੰ ਜੋੜਨ ਵਾਲਾ ਇੱਕ ਅਹਿਮ ਰੂਟ ਹੈ, ਜਿਸ ਕਾਰਨ ਇੱਥੇ ਲਗਾਈਆਂ ਗਈਆਂ ਪਾਬੰਦੀਆਂ ਦਾ ਅਸਰ ਦੋਵਾਂ ਸੂਬਿਆਂ ਵਿਚਾਲੇ ਆਵਾਜਾਈ 'ਤੇ ਪੈਣਾ ਲਾਜ਼ਮੀ ਹੈ। ਪ੍ਰਸ਼ਾਸਨ ਨੇ ਯਾਤਰੀਆਂ ਨੂੰ ਚੌਕਸ ਰਹਿਣ ਅਤੇ ਬਦਲਵੇਂ ਰੂਟ ਵਰਤਣ ਦੀ ਸਲਾਹ ਦਿੱਤੀ ਹੈ। ਦੂਜੇ ਪਾਸੇ ਕਿਸਾਨਾਂ ਨੇ ਸਾਫ਼ ਕਰ ਦਿੱਤਾ ਹੈ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਸੰਘਰਸ਼ ਜਾਰੀ ਰਹੇਗਾ।ਗੌਰਤਲਬ • ਬਾਕੀ ਸਫ਼ਾ 2 'ਤੇ

## ਮੁੰਬਈ ਵਿੱਚ ਇੱਕੋ ਪਰਿਵਾਰ ਦੇ 4 ਜੀਆਂ ਦੀਆਂ ਲਾਸ਼ਾਂ ਬਰਾਮਦ

ਜ਼ਿਕਰ ਪੰਜਾਬ

**ਮੁੰਬਈ** : ਮੁੰਬਈ ਦੇ ਉੱਚ-ਸੁਰੱਖਿਆ ਵਾਲੇ ਨੇਵੀ ਨਗਰ ਇਲਾਕੇ ਵਿੱਚ ਇੱਕ ਦਿਲ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ। ਇੱਥੇ ਇੱਕੋ ਪਰਿਵਾਰ ਦੇ ਚਾਰ ਮੈਂਬਰ ਘਰ ਵਿੱਚ ਮ੍ਰਿਤਕ ਮਿਲੇ। ਮ੍ਰਿਤਕਾਂ ਵਿੱਚ ਭਾਰਤੀ ਜਲ ਸੈਨਾ ਦਾ ਇੱਕ ਕਰਮਚਾਰੀ, ਉਸ ਦੀ ਪਤਨੀ ਅਤੇ ਉਨ੍ਹਾਂ ਦੇ ਦੋ ਨਿੱਕੇ ਬੱਚੇ ਸ਼ਾਮਲ ਹਨ। ਦੋਵਾਂ ਬੱਚਿਆਂ ਵਿੱਚੋਂ ਇੱਕ ਦੀ ਉਮਰ ਸਿਰਫ਼ ਦੋ ਮਹੀਨੇ ਅਤੇ ਦੂਜੇ ਦੀ ਤਿੰਨ ਸਾਲ ਦੱਸੀ ਜਾ ਰਹੀ ਹੈ। ਪੁਲਿਸ ਦੀ ਮੁੱਢਲੀ ਜਾਂਚ ਵਿੱਚ ਸ਼ੱਕ ਹੈ ਕਿ ਜਲ ਸੈਨਾ ਕਰਮਚਾਰੀ ਨੇ ਪਹਿਲਾਂ ਆਪਣੇ ਪਰਿਵਾਰ ਨੂੰ ਜ਼ਹਿਰੀਲਾ ਪਦਾਰਥ ਦਿੱਤਾ ਅਤੇ ਬਾਅਦ ਵਿੱਚ ਖੁਦ ਵੀ ਆਪਣੀ ਜਾਨ ਲੈ ਲਈ। ਹਾਲਾਂਕਿ ਪੁਲਿਸ ਵੱਲੋਂ ਮੌਤ ਦੇ ਕਾਰਨਾਂ ਦੀ ਅਜੇ ਪੂਰੀ ਪੁਸ਼ਟੀ ਨਹੀਂ ਕੀਤੀ ਗਈ ਹੈ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ • ਬਾਕੀ ਸਫ਼ਾ 2 'ਤੇ

## ਅੰਮ੍ਰਿਤਸਰ ਦਿਹਾਤੀ ਪੁਲਿਸ ਦੇ ਹੱਥ ਲੱਗੀ ਵੱਡੀ ਸਫ਼ਲਤਾ, 690 ਗ੍ਰਾਮ ਆਈਈਡੀ ਬਰਾਮਦ

ਜ਼ਿਕਰ ਪੰਜਾਬ

**ਚੰਡੀਗੜ੍ਹ** : ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇੱਕ ਪੁਲਿਸ ਨੂੰ ਉਸ ਸਮੇਂ ਵੱਡੀ ਸਫ਼ਲਤਾ ਹਾਸਲ ਹੋਈ, ਜਦੋਂ ਇੱਕ ਅੱਤਵਾਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ। ਕਾਰਵਾਈ ਦੌਰਾਨ, ਪੁਲਿਸ ਨੇ 690 ਗ੍ਰਾਮ ਵਜ਼ਨ ਵਾਲਾ ਇੱਕ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (954) ਬਰਾਮਦ ਕੀਤਾ। ਇੱਕ ਇਲੈਕਟ?ਰਾਨਿਕ ਡੈਟੋਨੇਟਰ, ਬੈਟਰੀ, ਟਾਈਮਰ ਅਤੇ ਇੱਕ ਲੋਹੇ ਦਾ ਡੱਬਾ ਵੀ ਬਰਾਮਦ ਕੀਤਾ ਗਿਆ ਹੈ। ਪੁਲਿਸ ਦੇ ਅਨੁਸਾਰ, ਬਰਾਮਦ ਕੀਤੀ ਗਈ ਵਿਸਫੋਟਕ ਸਮੱਗਰੀ ਦੀ ਵਰਤੋਂ ਕਰਕੇ ਇੱਕ ਵੱਡਾ ਹਮਲਾ ਕਰਨ ਦੀ ਸਾਜ਼ਿਸ਼ ਰਚੀ ਗਈ ਸੀ। ਪੁਲਿਸ ਨੇ ਸਮੇਂ ਸਿਰ ਇਸ ਸਾਜ਼ਿਸ਼ ਦਾ ਪਤਾ ਲਗਾ ਲਿਆ ਅਤੇ ਸੰਭਾਵੀ ਖ਼ਤਰੇ ਨੂੰ ਟਾਲ ਦਿੱਤਾ। ਆਈਈਡੀ ਅਤੇ ਹੋਰ ਵਿਸਫੋਟਕ ਸਮੱਗਰੀ ਦੀ ਬਰਾਮਦਗੀ ਤੋਂ ਬਾਅਦ, ਸੁਰੱਖਿਆ ਪ੍ਰੋਟੋਕੋਲ ਦੇ ਅਨੁਸਾਰ ਪੂਰੇ ਖੇਤਰ ਨੂੰ ਸੁਰੱਖਿਅਤ ਕਰ ਲਿਆ ਗਿਆ ਸੀ, ਅਤੇ ਇੱਕ ਬੰਬ




ਨਿਰੋਧਕ ਦਸਤੇ ਨੂੰ ਮੌਕੇ 'ਤੇ ਬੁਲਾਇਆ ਗਿਆ ਸੀ। ਬੰਬ ਨਿਰੋਧਕ ਦਸਤੇ ਨੇ ਸਥਾਪਿਤ ਸੁਰੱਖਿਆ ਪ੍ਰਕਿਰਿਆਵਾਂ ਦੀ ਪਾਲਣਾ ਕਰਦੇ ਹੋਏ ਵਿਸਫੋਟਕ ਸਮੱਗਰੀ ਨੂੰ ਸੁਰੱਖਿਅਤ ਢੰਗ ਨਾਲ ਨਕਾਰਾ ਕਰ ਦਿੱਤਾ, ਜਿਸ ਨਾਲ ਪੁਲਿਸ ਸਥਾਪਨਾ ਅਤੇ ਆਲੇ ਦੁਆਲੇ ਦੇ ਖੇਤਰ ਨੂੰ ਕਿਸੇ ਵੀ ਸੰਭਾਵੀ ਨੁਕਸਾਨ ਤੋਂ ਬਚਾਅ ਹੋ ਗਿਆ।

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇਸ ਕਾਰਵਾਈ ਨੂੰ ਦੇਸ਼ ਵਿਰੋਧੀ ਤੱਤਾਂ ਦੀ ਇੱਕ ਵੱਡੀ ਸਾਜ਼ਿਸ਼ ਨੂੰ ਨਾਕਾਮ ਕਰਨ ਵਿੱਚ ਇੱਕ ਮਹੱਤਵਪੂਰਨ ਸਫਲਤਾ ਦੱਸਿਆ ਹੈ। ਪੁਲਿਸ ਹੁਣ ਜਾਂਚ ਕਰ ਰਹੀ ਹੈ ਕਿ ਇਸ ਅੱਤਵਾਦੀ ਸਾਜ਼ਿਸ਼ ਪਿੱਛੇ ਕੌਣ ਸੀ ਅਤੇ ਉਨ੍ਹਾਂ ਨੂੰ ਕਿਸ ਪੱਧਰ ਦਾ ਸਮਰਥਨ ਮਿਲਿਆ ਸੀ। ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਸਬੰਧਤ ਪੁਲਿਸ ਸਟੇਸ਼ਨ ਵਿੱਚ ਐਫਆਈਆਰ ਦਰਜ ਕਰ ਲਈ ਗਈ ਹੈ। ਪੁਲਿਸ ਪੂਰੀ ਜਾਂਚ ਕਰ ਰਹੀ ਹੈ। ਜਾਂਚ ਏਜੰਸੀਆਂ ਸਾਜ਼ਿਸ਼ ਵਿੱਚ ਸ਼ਾਮਲ ਲੋਕਾਂ ਦੀ ਪਛਾਣ ਕਰ ਰਹੀਆਂ ਹਨ, ਨਾਲ ਹੀ ਉਨ੍ਹਾਂ ਦੇ ਨੈੱਟਵਰਕ ਅਤੇ ਸੰਭਾਵੀ ਸਾਥੀਆਂ ਬਾਰੇ ਜਾਣਕਾਰੀ ਇਕੱਠੀ ਕਰ ਰਹੀਆਂ ਹਨ।

## ਮੋਦੀ ਨੇ ਵਿਰੋਧੀ ਆਗੂਆਂ ਨੂੰ ਦਿਮਾਗੀ ਨਕਸਲੀ ਨਹੀਂ ਕਿਹਾ, ਸਰਕਾਰ ਦਾ ਸਪੱਸ਼ਟੀਕਰਨ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਆਪਣੇ 80ਵੇਂ ਸੁਤੰਤਰਤਾ ਦਿਵਸ ਦੇ ਭਾਸ਼ਣ ਵਿੱਚ 'ਦਿਮਾਗੀ ਨਕਸਲੀ' ਸ਼ਬਦ ਦੀ ਵਰਤੋਂ ਕਰਨ ਤੋਂ ਬਾਅਦ ਕਾਂਗਰਸ ਪਾਰਟੀ ਅਤੇ ਕਾਕਰੋਚ ਜੰਤਾ ਪਾਰਟੀ ਦੇ ਆਗੂਆਂ ਵੱਲੋਂ ਇਸ ਦਾ ਵਿਰੋਧ ਕੀਤਾ ਗਿਆ। ਇਸ ਸਬੰਧ ਵਿੱਚ ਐਤਵਾਰ ਸਵੇਰੇ ਸਰਕਾਰ ਨੇ ਅੱਗੇ ਆ ਕੇ ਇਸ ਉੱਤੇ ਸਪੱਸ਼ਟੀਕਰਨ ਦਿੱਤਾ ਹੈ। ਸੰਸਦੀ ਮਾਮਲਿਆਂ ਦੇ ਮੰਤਰੀ ਕਿਰਨ ਰਿਜਿਜੂ ਨੇ ਕਿਹਾ ਕਿ ਇਹ ਇਸ਼ਾਰਾ ਉਨ੍ਹਾਂ ਲੋਕਾਂ ਲਈ ਨਹੀਂ ਸੀ ਜੋ ਭਾਰਤੀ ਸੰਵਿਧਾਨ ਵਿੱਚ ਵਿਸ਼ਵਾਸ ਰੱਖਦੇ ਹਨ, ਸਿਰਫ਼ ਉਨ੍ਹਾਂ ਲਈ ਸੀ ਜੋ ਵੱਖਵਾਦੀ ਭਾਵਨਾਵਾਂ ਰੱਖਦੇ ਹਨ। ਰਿਜਿਜੂ ਨੇ ਕਿਹਾ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਰੋਧੀ ਆਗੂਆਂ ਨੂੰ ਦਿਮਾਗੀ ਨਕਸਲੀ ਨਹੀਂ ਕਿਹਾ। ਪ੍ਰਧਾਨ ਮੰਤਰੀ ਨੇ ਸ਼ਨਿੱਚਰਵਾਰ ਨੂੰ ਕਿਹਾ ਸੀ ਕਿ ਜਦੋਂ ਕਿ ਭਾਰਤ ਨੇ ਹਥਿਆਰਬੰਦ ਨਕਸਲੀਆਂ ਨੂੰ ਸਫਲਤਾਪੂਰਵਕ ਖਤਮ ਕਰ ਦਿੱਤਾ ਹੈ, ਸਾਨੂੰ 'ਦਿਮਾਗੀ ਨਕਸਲੀਆਂ' ਤੋਂ ਸਾਵਧਾਨ ਰਹਿਣਾ ਚਾਹੀਦਾ ਹੈ ਜੋ ਖੱਬੇਪੱਖੀ ਅਤਿਵਾਦ ਨੂੰ ਬੌਧਿਕ ਖੁਰਾਕ ਪ੍ਰਦਾਨ ਕਰਦੇ ਹਨ। ਪੀ.ਐੱਮ. ਨੇ ਨਾਗਰਿਕਾਂ ਨੂੰ 'ਦਿਮਾਗੀ ਨਕਸਲੀਆਂ' ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਵੱਖ ਕਰਨ ਦਾ ਸੱਦਾ ਵੀ ਦਿੱਤਾ। ਸੀਨੀਅਰ ਕਾਂਗਰਸ ਆਗੂ ਪੀ. ਚਿਦੰਬਰਮ ਨੇ ਕਿਹਾ ਸੀ ਕਿ ਉਨ੍ਹਾਂ ਨੂੰ 'ਦਿਮਾਗੀ ਨਕਸਲੀ' ਹੋਣ 'ਤੇ ਮਾਣ ਹੈ। ਇਸ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਸੀ.ਜੇ.ਪੀ. ਦੇ ਬੁਲਾਰੇ ਸੌਰਵ ਦਾਸ ਨੇ ਕਿਹਾ, 'ਦਿਮਾਗੀ ਨਕਸਲੀ' ਜਾਂ ਕੁਝ ਵੀ ਕੰਮ ਨਹੀਂ ਕਰਨ ਵਾਲਾ, ਪ੍ਰਧਾਨ ਮੰਤਰੀ। ਤੁਸੀਂ ਪੜ੍ਹੇ-ਲਿਖੇ ਨੌਜਵਾਨਾਂ ਨੂੰ 'ਨਕਸਲੀ' ਆਦਿ ਕਿਵੇਂ ਕਹਿ ਸਕਦੇ ਹੋ?



## ਵੋਟ ਬੈਂਕ ਦੇ ਲਾਲਚ 'ਚ ਕਾਂਗਰਸ ਭੁੱਲ ਗਈ 'ਵੰਦੇ ਮਾਤਰਮ'

## ਚਿਤੌੜਗੜ੍ਹ ਰੈਲੀ 'ਚ ਅਮਿਤ ਸ਼ਾਹ ਦਾ ਤਿੱਖਾ ਹਮਲਾ

ਜ਼ਿਕਰ ਪੰਜਾਬ

**ਜੈਪੁਰ** : ਰਾਜਸਥਾਨ ਦੇ ਚਿਤੌੜਗੜ੍ਹ 'ਚ ਇਕ ਜਨ ਸਭਾ ਨੂੰ ਸੰਬੋਧਨ ਕਰਦੇ ਹੋਏ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਾਂਗਰਸ 'ਤੇ ਆਜ਼ਾਦੀ ਦਿਵਸ ਦੇ ਮੌਕੇ 'ਤੇ ਰਾਸ਼ਟਰੀ ਗੀਤ 'ਵੰਦੇ ਮਾਤਰਮ' ਦਾ ਅਪਮਾਨ ਕਰਨ ਦਾ ਗੰਭੀਰ ਦੋਸ਼ ਲਗਾਇਆ ਹੈ।ਕਾਂਗਰਸ 'ਤੇ ਚੁਟਕੀ ਲੈਂਦਿਆਂ ਅਮਿਤ ਸ਼ਾਹ ਨੇ ਕਿਹਾ, ÷ਉਨ੍ਹਾਂ ਦੀ ਬੇਸ਼ਰਮੀ ਦੇਖੋ। ਕਾਂਗਰਸ ਪਾਰਟੀ ਹੈੱਡਕੁਆਰਟਰ 'ਤੇ ਰਾਸ਼ਟਰੀ ਗੀਤ 'ਵੰਦੇ ਮਾਤਰਮ' ਗਾਇਆ ਜਾ ਰਿਹਾ ਸੀ। ਗੀਤ ਦੌਰਾਨ ਕਾਂਗਰਸ ਨੇਤਾ ਸੋਨੀਆ ਗਾਂਧੀ ਨੇ ਕਾਂਗਰਸ ਪ੍ਰਧਾਨ ਨੂੰ ਗੀਤ ਬੰਦ ਕਰਨ ਲਈ ਕਿਹਾ।ਅਸੀਂ ਸਾਰੇ ਟੀਵੀ 'ਤੇ ਦੇਖਦੇ ਰਹੇ, ਸੋਨੀਆ ਜੀ, 140 ਕਰੋੜ ਲੋਕ ਤੁਹਾਨੂੰ ਦੇਖ ਰਹੇ ਹਨ। ਤੁਹਾਡੇ ਕੀਤੇ ਗੁਨਾਹ ਨੂੰ ਦੇਸ਼ ਦੇ ਲੋਕ ਕਦੇ ਮਾਫ਼ ਨਹੀਂ ਕਰਨਗੇ। 'ਵੰਦੇ ਮਾਤਰਮ' ਗੀਤ ਨੂੰ ਅਧੂਰਾ ਛੱਡਣ ਦਾ ਸੁਪਨਾ ਵੀ ਕੋਈ ਕਿਵੇਂ ਲੈ ਸਕਦਾ ਹੈ? ਕਾਂਗਰਸ ਵਾਲਿਆਂ ਨੂੰ ਸ਼ਰਮ ਆਉਣੀ ਚਾਹੀਦੀ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਤਵਾਰ ਨੂੰ ਕਾਂਗਰਸ 'ਤੇ ਰਾਸ਼ਟਰੀ ਗੀਤ 'ਵੰਦੇ ਮਾਤਰਮ' ਦਾ ਅਪਮਾਨ ਕਰਨ ਦਾ ਦੋਸ਼ ਲਗਾਇਆ ਅਤੇ ਮੰਗ ਕੀਤੀ ਕਿ ਪਾਰਟੀ ਲੋਕਾਂ ਅਤੇ ਗੀਤ ਦੇ ਲੇਖਕ ਬੰਕਿਮ ਚੰਦਰ ਚਟੋਪਾਧਿਆਏ ਤੋਂ ਮਾਫੀ ਮੰਗੇ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਹੈੱਡਕੁਆਰਟਰ ਵਿਖੇ ਸੁਤੰਤਰਤਾ ਦਿਵਸ ਦੇ ਪ੍ਰੋਗਰਾਮ ਦੌਰਾਨ ਪਾਰਟੀ ਆਗੂ ਸੋਨੀਆ ਗਾਂਧੀ ਨੇ 'ਵੰਦੇ ਮਾਤਰਮ' ਗੀਤ ਨੂੰ ਅੱਧ ਵਿਚਕਾਰ ਬੰਦ ਕਰਨ ਲਈ ਕਿਹਾ ਸੀ। ਗ੍ਰਹਿ ਮੰਤਰੀ ਨੇ ਦੋਸ਼ ਲਾਇਆ ਕਿ ਵੋਟ ਬੈਂਕ ਦੀ ਰਾਜਨੀਤੀ ਕਾਰਨ ਕਾਂਗਰਸ 'ਵੰਦੇ ਮਾਤਰਮ' ਨੂੰ ਭੁੱਲ ਗਈ ਹੈ। ਸ਼ਾਹ ਨੇ ਕਿਹਾ ਕਿ ਅਸੀਂ ਸਾਰਿਆਂ ਨੇ ਇਹ ਟੈਲੀਵਿਜ਼ਨ 'ਤੇ ਦੇਖਿਆ ਅਤੇ ਕਿਹਾ ਕਿ ਸੋਨੀਆ ਗਾਂਧੀ ਨੂੰ ਲੋਕਾਂ ਅਤੇ ਬੰਕਿਮ ਚੰਦਰ ਚਟੋਪਾਧਿਆਏ ਦੀ ਅਮਰ ਆਤਮਾ ਤੋਂ ਮਾਫੀ ਮੰਗਣੀ ਚਾਹੀਦੀ ਹੈ।



## ਹਵਾਈ ਅੱਡੇ 'ਤੇ ਪਿਸਤੌਲ ਚੱਲਣ ਕਾਰਨ ਦੋ ਜਣੇ ਜ਼ਖ਼ਮੀ

ਜ਼ਿਕਰ ਪੰਜਾਬ

**ਵਾਰਾਣਸੀ** : ਵਾਰਾਣਸੀ ਹਵਾਈ ਅੱਡੇ 'ਤੇ ਐਤਵਾਰ ਸਵੇਰੇ ਸੁਰੱਖਿਆ ਜਾਂਚ ਦੌਰਾਨ ਇੱਕ ਯਾਤਰੀ ਦਾ ਲਾਇਸੈਂਸੀ ਪਿਸਤੌਲ ਅਚਾਨਕ ਚੱਲ ਗਿਆ, ਜਿਸ ਨਾਲ ਦੋ ਵਿਅਕਤੀ ਜ਼ਖ਼ਮੀ ਹੋ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ।ਘਟਨਾ ਦਾ ਵੇਰਵਾ ਅਤੇ ਜ਼ਖਮੀ ਹਸਪਤਾਲ 'ਚ ਕਰਵਾਏ ਦਾਖਲ ਲਾਲ ਬਹਾਦੁਰ ਸ਼ਾਸਤਰੀ ਇੰਟਰਨੈਸ਼ਨਲ ਹਵਾਈ ਅੱਡੇ ਦੇ ਅਧਿਕਾਰੀਆਂ ਨੇ ਦੱਸਿਆ ਕਿ ਇੱਕ ਯਾਤਰੀ ਜਹਾਜ਼ ਵਿੱਚ ਲਿਜਾਣ ਲਈ ਆਪਣੇ ਹਥਿਆਰ ਦੀ ਘੋਸ਼ਣਾ ਕਰ ਰਿਹਾ ਸੀ, ਜਦੋਂ ਇੱਕ ਗੋਲੀ ਅਚਾਨਕ ਚੱਲ ਗਈ ਅਤੇ ਦੋ ਕਾਰਗੋ • ਬਾਕੀ ਸਫ਼ਾ 2 'ਤੇ

## 'ਵੰਦੇ ਮਾਤਰਮ' ਦੇ ਅਪਮਾਨ ਦੇ ਦੋਸ਼ 'ਚ ਸੋਨੀਆ ਗਾਂਧੀ ਖ਼ਿਲਾਫ਼ FIR ਦਰਜ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਸੁਤੰਤਰਤਾ ਦਿਵਸ 'ਤੇ ਕਾਂਗਰਸ ਹੈੱਡਕੁਆਰਟਰ 'ਚ 'ਵੰਦੇ ਮਾਤਰਮ' ਦੇ ਅਪਮਾਨ ਦੇ ਦੋਸ਼ ਨੇ ਸਿਆਸਤ ਵਿੱਚ ਗਰਮਾਹਟ ਤੇਜ਼ ਕਰ ਦਿੱਤੀ ਹੈ। ਅਜਿਹੇ 'ਚ ਹੁਣ ਇਸ ਵਿਵਾਦ ਦੇ ਤੂਲ ਫੜਨ ਤੋਂ ਬਾਅਦ ਭਾਜਪਾ ਨੇ ਕਰਨਾਟਕ ਵਿੱਚ ਕਾਂਗਰਸ ਸੰਸਦੀ ਦਲ ਦੀ ਪ੍ਰਧਾਨ ਸੋਨੀਆ ਗਾਂਧੀ ਖ਼?ਲਾਫ਼ ਰਸਮੀ ਸ਼ਿਕਾਇਤ ਦਰਜ ਕਰਵਾਈ ਹੈ। ਦੱਸ ਦੇਈਏ ਕਿ ਇਹ ਸ਼ਿਕਾਇਤ ਕਰਨਾਟਕ ਦੇ ਉਰਵਾ ਪੁਲਿਸ ਸਟੇਸ਼ਨ 'ਚ ਦਰਜ ਕਰਵਾਈ ਗਈ ਹੈ।15 ਅਗਸਤ ਸੁਤੰਤਰਤਾ ਦਿਵਸ ਵਾਲੇ ਦਿਨ ਕਾਂਗਰਸ ਹੈੱਡਕੁਆਰਟਰ ਵਿੱਚ ਇੱਕ ਪ੍ਰੋਗਰਾਮ • ਬਾਕੀ ਸਫ਼ਾ 2 'ਤੇ



## ਕੇਂਦਰ ਨੇ ਪੰਜਾਬ ਵਿੱਚ ਕਾਦੀਆਂ-ਬਿਆਸ ਰੇਲਵੇ ਲਾਈਨ ਲਈ 1,419 ਕਰੋੜ ਰੁਪਏ ਮਨਜ਼ੂਰ ਕੀਤੇ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਭਾਰਤੀ ਜਨਤਾ ਪਾਰਟੀ ਦੇ ਆਗੂ ਅਤੇ ਸਾਬਕਾ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਐਤਵਾਰ ਨੂੰ ਕਿਹਾ ਕਿ ਕੇਂਦਰ ਨੇ ਪੰਜਾਬ ਵਿੱਚ 39.68 ਕਿਲੋਮੀਟਰ ਲੰਮੀ ਕਾਦੀਆਂ-ਬਿਆਸ ਨਵੀਂ 'ਬ੍ਰੌਡਗੇਜ' ਰੇਲਵੇ ਲਾਈਨ ਲਈ 1,419.05 ਕਰੋੜ ਰੁਪਏ ਦੇ ਵਿਸਤ੍ਰਿਤ ਅਨੁਮਾਨ ਨੂੰ ਮਨਜ਼ੂਰੀ ਦੇ ਦਿੱਤੀ ਹੈ।ਬਿੱਟੂ ਨੇ ਇਸ ਨੂੰ ਪੰਜਾਬ ਲਈ ਵੱਡੀ ਪ੍ਰਾਪਤੀ ਅਤੇ ਮਾਝਾ ਖੇਤਰ ਲਈ ਇਤਿਹਾਸਕ ਕਦਮ ਦੱਸਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਰੇਲ ਮੰਤਰੀ ਅਸ਼ਵਨੀ ਵੈਸ਼ਨਵ ਅਤੇ ਰੇਲਵੇ ਬੋਰਡ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਇਸ ਲੰਮੇ ਸਮੇਂ ਤੋਂ ਅਟਕੇ ਪ੍ਰਾਜੈਕਟ ਨੂੰ ਅੱਗੇ ਵਧਾਉਣ ਨਾਲ ਗੁਰਦਾਸਪੁਰ ਜ਼ਿਲ੍ਹੇ ਦੇ ਕਾਦੀਆਂ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਬਿਆਸ ਨਾਲ 39.68 ਕਿਲੋਮੀਟਰ ਲੰਮੇ ਬ੍ਰੌਡਗੇਜ ਰੇਲ ਲਾਂਘੇ ਰਾਹੀਂ ਜੋੜਿਆ • ਬਾਕੀ ਸਫ਼ਾ 2 'ਤੇ



## ਡੀਆਈਜੀ ਪਰਮਿੰਦਰ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ

ਜ਼ਿਕਰ ਪੰਜਾਬ

**ਸਹਾਰਨਪੁਰ** : ਸਹਾਰਨਪੁਰ ਨੇੜੇ ਬੀਤੇ ਦਿਨ ਵਾਪਰੇ ਸੜਕ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਇੰਡੋ-ਤਿਬਤੀਅਨ ਬਾਰਡਰ ਪੁਲੀਸ (ਆਈ ਟੀ ਬੀ ਪੀ) ਦੇ ਡੀ ਆਈ ਜੀ ਪਰਮਿੰਦਰ ਸਿੰਘ (54), ਜੋ ਸ੍ਰੀ ਆਨੰਦਪੁਰ ਸਾਹਿਬ ਦੇ ਮੂਲ ਨਿਵਾਸੀ ਸਨ, ਦਾ ਅੱਜ ਸ੍ਰੀ ਆਨੰਦਪੁਰ ਸਾਹਿਬ ਦੇ ਚਰਨ ਗੰਗਾ ਸ਼ਮਸ਼ਾਨਘਾਟ ਵਿਖੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ ਕੀਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਉਨ੍ਹਾਂ ਦੇ ਦੋਵੇਂ ਪੁੱਤਰਾਂ ਅੰਗਦ ਅਤੇ ਜੋਤ ਨੇ ਨਮ ਅੱਖਾਂ ਨਾਲ ਅਗਨੀ ਦਿੱਤੀ। ਅੰਤਿਮ ਸਸਕਾਰ ਤੋਂ ਪਹਿਲਾਂ ਆਈ ਟੀ ਬੀ ਪੀ ਦੇ ਜਵਾਨਾਂ ਵੱਲੋਂ ਡੀ ਆਈ ਜੀ ਪਰਮਿੰਦਰ ਸਿੰਘ ਦੀ ਮ੍ਰਿਤਕ ਦੇਹ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ। ਤਿਰੰਗੇ ਵਿੱਚ ਲਿਪਟੀ • ਬਾਕੀ ਸਫ਼ਾ 2 'ਤੇ

# ਮਿਸ ਗਗਨ 'ਮਿਸ ਤੀਜ' ਤੇ 'ਸੁੰਦਰ ਪਹਿਰਾਵੇ' ਲਈ ਗੁਰਪ੍ਰੀਤ ਕੌਰ ਸਨਮਾਨਿਤ

## ਢੰਡਾਰੀ ਵਿਖੇ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਅਮਨ ਸਲੂਨ ਵੱਲੋਂ ਢੰਡਾਰੀ ਵਿਖੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੁੜਿਆ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਾਰਡ ਨੰਬਰ 32 ਤੋਂ ਵਰਿੰਦਰ ਸਿੰਘ ਵੀਰੂ ਦੀ ਧਰਮ ਪਤਨੀ ਸ਼੍ਰੀਮਤੀ ਗੁਰਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਇਲਾਕੇ ਦੀਆਂ ਮੁਟਿਆਰਾਂ ਨੇ ਗਿੱਧੇ, ਸੋਲੋ ਡਾਂਸ ਅਤੇ ਵੱਖ-ਵੱਖ ਸੱਭਿਆਚਾਰਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਪ੍ਰੋਗਰਾਮ ਨੂੰ ਯਾਦਗਾਰੀ ਬਣਾ ਦਿੱਤਾ। ਤੀਆਂ ਦੇ ਸਮਾਗਮ ਦੌਰਾਨ ਵੱਖ-ਵੱਖ ਸ਼੍ਰੇਣੀਆਂ ਵਿੱਚ ਮੁਟਿਆਰਾਂ ਦੀ ਚੋਣ ਵੀ ਕੀਤੀ ਗਈ। ਇਸ ਮੌਕੇ ਮਿਸ ਗਗਨ ਨੂੰ ਮਿਸ ਤੀਜ ਦੇ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ, ਜਦਕਿ ਸੁੰਦਰ ਪਹਿਰਾਵੇ ਲਈ ਗੁਰਪ੍ਰੀਤ ਕੌਰ, ਸੁੰਦਰ ਮੁਸਕਾਨ ਲਈ ਅਰਸ਼ਪ੍ਰੀਤ ਕੌਰ ਅਤੇ ਸੋਬਰ ਮੁਟਿਆਰ ਵਜੋਂ ਸੋਨੀਆ ਸੰਧੂ ਦੀ ਚੋਣ ਕੀਤੀ ਗਈ। ਇਸ ਤੋਂ ਇਲਾਵਾ ਬਾਲ ਕਲਾਕਾਰਾਂ ਆਰੋਹੀ ਅਤੇ ਜਸਲੀਨ ਨੇ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਹਾਜ਼ਰੀਨ ਦੀ ਵਾਹ-ਵਾਹ ਖੱਟੀ। ਮੁੱਖ ਮਹਿਮਾਨ ਸ਼੍ਰੀਮਤੀ ਗੁਰਜੀਤ ਕੌਰ ਨੇ ਤੀਆਂ ਦੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਮੁਟਿਆਰਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਪੰਜਾਬੀ ਸੱਭਿਆਚਾਰ, ਵਿਰਸੇ ਅਤੇ ਪੁਰਾਤਨ ਰਵਾਇਤਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਅਜਿਹੇ ਸਮਾਗਮ ਲਗਾਤਾਰ ਕਰਵਾਏ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਤੀਆਂ ਵਰਗੇ ਤਿਉਹਾਰ ਮਹਿਲਾਵਾਂ ਨੂੰ ਆਪਣੀ ਸੱਭਿਆਚਾਰਕ ਪਛਾਣ ਨਾਲ ਜੋੜਨ ਦੇ ਨਾਲ-ਨਾਲ ਆਪਸੀ ਪਿਆਰ ਅਤੇ ਸਾਂਝ ਨੂੰ ਵੀ ਮਜ਼ਬੂਤ ਕਰਦੇ ਹਨ। ਇਸ ਮੌਕੇ ਸ਼੍ਰੀਮਤੀ ਤਰਨਜੀਤ ਕੌਰ ਪਤਨੀ ਸੁਖ ਢੰਡਾਰੀ ਵੱਲੋਂ ਪ੍ਰੋਗਰਾਮ ਦਾ ਸੁਚੱਜੇ ਢੰਗ ਨਾਲ ਸੰਚਾਲਨ ਕੀਤਾ ਗਿਆ।



# ਆਈ.ਪੀ.ਆਰ.ਓ. ਅਮਨਪ੍ਰੀਤ ਸਿੰਘ ਮਨੌਲੀ ਦੇ ਪਿਤਾ ਮਨਜੀਤ ਸਿੰਘ ਮਨੌਲੀ ਨਮਿਤ ਅੰਤਿਮ ਅਰਦਾਸ ਹੋਈ

ਜ਼ਿਕਰ ਪੰਜਾਬ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ** : ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਵਜੋਂ ਸੇਵਾਵਾਂ ਨਿਭਾਅ ਚੁੱਕੇ ਅਤੇ ਮੌਜੂਦਾ ਸਮੇਂ ਮੁੱਖ ਮੰਤਰੀ ਦਫ਼ਤਰ, ਪੰਜਾਬ, ਚੰਡੀਗੜ੍ਹ ਵਿਖੇ ਮੀਡੀਆ ਡਿਊਟੀ 'ਤੇ ਤਾਇਨਾਤ ਸੂਚਨਾ ਤੇ ਲੋਕ ਸੰਪਰਕ ਅਫ਼ਸਰ ਸ੍ਰੀ ਅਮਨਪ੍ਰੀਤ ਸਿੰਘ ਮਨੌਲੀ ਦੇ ਸਵਰਗੀ ਪਿਤਾ ਸ੍ਰੀ ਮਨਜੀਤ ਸਿੰਘ ਮਨੌਲੀ ਨਮਿਤ ਅੰਤਿਮ ਅਰਦਾਸ ਅੱਜ ਗੁਰਦੁਆਰਾ ਢੱਕੀ ਸਾਹਿਬ, ਸੈਕਟਰ-82, ਮੋਹਾਲੀ ਵਿਖੇ ਹੋਈ। ਇਸ ਮੌਕੇ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਪੱਤਰਕਾਰਾਂ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਅਧਿਕਾਰੀਆਂ ਅਤੇ ਸੇਵਾਮੁਕਤ ਅਧਿਕਾਰੀਆਂ ਤੋਂ ਇਲਾਵਾ ਰਾਜਨੀਤਕ ਅਤੇ ਸਮਾਜਿਕ ਖੇਤਰ ਦੀਆਂ ਸ਼ਖ਼ਸੀਅਤਾਂ ਨੇ ਸਵਰਗੀ ਮਨਜੀਤ ਸਿੰਘ ਮਨੌਲੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਅੰਤਿਮ ਅਰਦਾਸ ਮੌਕੇ ਬੁਲਾਰਿਆਂ ਨੇ ਸਵਰਗੀ ਮਨਜੀਤ ਸਿੰਘ ਮਨੌਲੀ ਵੱਲੋਂ 'ਪੰਜਾਬੀ ਟ੍ਰਿਬਿਊਨ' ਵਿੱਚ ਲਗਭਗ 36 ਸਾਲ ਨਿਭਾਈਆਂ ਸੇਵਾਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਅਦਾਰਾ ਪੰਜਾਬੀ ਟ੍ਰਿਬਿਊਨ ਪ੍ਰਤੀ ਯੋਗਦਾਨ, ਆਪਣੇ ਕਿੱਤੇ ਪ੍ਰਤੀ ਸਮਰਪਣ ਅਤੇ ਇਮਾਨਦਾਰੀ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਬੁਲਾਰਿਆਂ ਨੇ ਦੱਸਿਆ ਕਿ ਉਨ੍ਹਾਂ ਨੇ 'ਪੰਜਾਬੀ ਟ੍ਰਿਬਿਊਨ' ਦੇ ਬਾਨੀ ਸੰਪਾਦਕ ਸ. ਬਰਜਿੰਦਰ ਸਿੰਘ ਹਮਦਰਦ ਤੋਂ ਲੈ ਕੇ ਸ੍ਰੀ ਵਰਿੰਦਰ ਸਿੰਘ ਵਾਲੀਆ ਤੱਕ ਵੱਖ-ਵੱਖ ਸੰਪਾਦਕਾਂ ਦੀ ਅਗਵਾਈ ਹੇਠ ਆਪਣੀਆਂ ਸੇਵਾਵਾਂ ਨਿਭਾਈਆਂ। ਇਸ ਮੌਕੇ ਬੁਲਾਰਿਆਂ ਵਿੱਚ 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, 'ਪੰਜਾਬੀ ਟ੍ਰਿਬਿਊਨ' ਦੇ ਸੇਵਾਮੁਕਤ ਵਿਸ਼ੇਸ਼ ਪ੍ਰਤੀਨਿਧ ਸ੍ਰੀ ਜਗਤਾਰ ਸਿੰਘ ਸਿੱਧੂ, ਪ੍ਰੈਸ ਕਲੱਬ ਮੋਹਾਲੀ ਤੋਂ ਸ੍ਰੀ ਸੁਖਦੇਵ ਸਿੰਘ ਪਟਵਾਰੀ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਵਧੀਕ ਨਿਰਦੇਸ਼ਕ ਸ੍ਰੀ ਰਣਦੀਪ ਸਿੰਘ ਆਹਲੂਵਾਲੀਆ ਸ਼ਾਮਲ ਸਨ। ਇਸ ਮੌਕੇ ਸ੍ਰੀ ਨਵਦੀਪ ਸਿੰਘ ਗਿੱਲ, 'ਪੰਜਾਬੀ ਟ੍ਰਿਬਿਊਨ' ਦੀ ਸੰਪਾਦਕ ਸ੍ਰੀਮਤੀ ਅਰਵਿੰਦਰ ਪਾਲ ਕੌਰ ਜੌਹਲ, 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, ਸੂਚਨਾ ਤੇ ਲੋਕ ਸੰਪਰਕ ਵਿਭਾਗ ਤੋਂ ਮੀਡੀਆ ਐਡਵਾਈਜ਼ਰ ਟੂ ਸੀ.ਐੱਮ. ਪੰਜਾਬ ਸ੍ਰੀ ਅਨਿਲ ਸੈਣੀ, ਵਧੀਕ ਨਿਰਦੇਸ਼ਕ ਸ੍ਰੀ ਰਣਦੀਪ ਸਿੰਘ ਆਹਲੂਵਾਲੀਆ, ਜੁਆਇੰਟ ਡਾਇਰੈਕਟਰ ਸ੍ਰੀ ਪ੍ਰੀਤ ਕੰਵਲ ਸਿੰਘ, ਸ੍ਰੀ ਇਸ਼ਵਿੰਦਰ ਸਿੰਘ ਗਰੇਵਾਲ ਅਤੇ ਸ੍ਰੀ ਮਨਵਿੰਦਰ ਸਿੰਘ, ਡਿਪਟੀ ਡਾਇਰੈਕਟਰ ਸ੍ਰੀ ਨਵਦੀਪ ਸਿੰਘ ਗਿੱਲ, 'ਪੰਜਾਬੀ ਟ੍ਰਿਬਿਊਨ' ਦੀ ਸੰਪਾਦਕ ਸ੍ਰੀਮਤੀ ਅਰਵਿੰਦਰ ਪਾਲ ਕੌਰ ਜੌਹਲ, 'ਦੈਨਿਕ ਟ੍ਰਿਬਿਊਨ' ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ, ਪੰਜਾਬ-ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਪ੍ਰਧਾਨ ਸ੍ਰੀ ਜੈ ਸਿੰਘ ਛਿੱਬਰ, ਟ੍ਰਿਬਿਊਨ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਸ੍ਰੀ ਅਨਿਲ ਗੁਪਤਾ, ਸ੍ਰੀ ਜਗਤਾਰ ਸਿੰਘ ਸਿੱਧੂ, ਸ੍ਰੀ ਸ਼ਾਮ ਸਿੰਘ 'ਅੰਗ ਸੰਗ', ਪ੍ਰੈਸ ਕਲੱਬ ਚੰਡੀਗੜ੍ਹ ਦੇ ਪ੍ਰਧਾਨ ਸ੍ਰੀ ਸੌਰਵ ਦੁੱਗਲ, ਜਨਰਲ ਸਕੱਤਰ ਸ੍ਰੀ ਰਾਜੇਸ਼ ਢੱਲ, ਪ੍ਰੈਸ ਕਲੱਬ ਮੋਹਾਲੀ ਤੋਂ ਸ੍ਰੀ ਗੁਰਮੀਤ ਸਿੰਘ ਸ਼ਾਹੀ, ਸ੍ਰੀ ਸੁਖਦੇਵ ਸਿੰਘ ਪਟਵਾਰੀ ਅਤੇ ਸ੍ਰੀ ਮਨਜੀਤ ਚਾਨਾ ਸਮੇਤ ਵੱਡੀ ਗਿਣਤੀ ਵਿੱਚ ਸੇਵਾਮੁਕਤ ਪੱਤਰਕਾਰ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸੇਵਾਮੁਕਤ ਅਧਿਕਾਰੀ ਹਾਜ਼ਰ ਸਨ। ਰਾਜਨੀਤਕ ਖੇਤਰ ਤੋਂ ਸਾਬਕਾ ਕੈਬਨਿਟ ਮੰਤਰੀ ਸ੍ਰੀ ਬਲਬੀਰ ਸਿੰਘ, ਸ੍ਰੀ ਕੁਲਜੀਤ ਸਿੰਘ ਬੇਦੀ ਅਤੇ ਸ੍ਰੀ ਪਰਮਿੰਦਰ ਸਿੰਘ ਸੋਹਾਣਾ ਨੇ ਵੀ ਸ਼ਿਰਕਤ ਕਰਕੇ ਸਵਰਗੀ ਮਨਜੀਤ ਸਿੰਘ ਮਨੌਲੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸ੍ਰੀ ਅਮਨਪ੍ਰੀਤ ਸਿੰਘ ਮਨੌਲੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

> ■ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਪੁੱਜ ਕੇ ਦਿੱਤੀ ਸ਼ਰਧਾਂਜਲੀ

# ਮੁੱਖ ਮੰਤਰੀ ਮਾਨ ਨੇ 29 ਉੱਘੀਆਂ ਸ਼ਖ਼ਸੀਅਤਾਂ ਨੂੰ ਸਟੇਟ ਐਵਾਰਡ ਨਾਲ ਕੀਤਾ ਸਨਮਾਨਿਤ

ਜ਼ਿਕਰ ਪੰਜਾਬ

**ਫਿਰੋਜ਼ਪੁਰ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 80ਵੇਂ ਆਜ਼ਾਦੀ ਦਿਵਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ 29 ਉੱਘੀਆਂ ਸ਼ਖ਼ਸੀਅਤਾਂ ਨੂੰ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ। ਉਨ੍ਹਾਂ ਨੇ ਅੱਜ ਇੱਥੇ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਪੁਲਿਸ ਮੁਲਾਜ਼ਮਾਂ ਨੂੰ ਵੱਕਾਰੀ 'ਮੁੱਖ ਮੰਤਰੀ ਰਕਸ਼ਕ ਪਦਕ' ਅਤੇ ਸ਼ਾਨਦਾਰ ਸੇਵਾਵਾਂ ਲਈ 'ਮੁੱਖ ਮੰਤਰੀ ਮੈਡਲ' ਨਾਲ ਸਨਮਾਨਿਤ ਕੀਤਾ। ਪੁਰਸਕਾਰ ਜੇਤੂਆਂ ਨੂੰ ਵਧਾਈ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਟੇਟ ਅਵਾਰਡ ਉਨ੍ਹਾਂ ਉੱਘੀਆਂ ਸ਼ਖ਼ਸੀਅਤਾਂ ਦੀਆਂ ਸਮਰਪਿਤ ਸੇਵਾਵਾਂ ਅਤੇ ਵੱਡਮੁੱਲੇ ਯੋਗਦਾਨ ਨੂੰ ਮਾਨਤਾ ਦਿੰਦੇ ਹਨ, ਜਿਨ੍ਹਾਂ ਨੇ ਜਨਤਕ ਹਿੱਤ ਵਿੱਚ ਆਪੋ-ਆਪਣੇ ਖੇਤਰਾਂ ਵਿੱਚ ਅਣਥੱਕ ਮਿਹਨਤ ਕੀਤੀ ਹੈ। ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿੱਚ ਸਮਾਜਿਕ ਕਾਰਕੁਨ, ਕਲਾਕਾਰ, ਸਾਹਿਤਕਾਰ, ਕਵੀ, ਵਾਤਾਵਰਣ ਪ੍ਰੇਮੀ, ਮਾਹਰ, ਸਰਕਾਰੀ ਅਧਿਕਾਰੀ ਅਤੇ ਹੋਰ ਸ਼ਖ਼ਸੀਅਤਾਂ ਸ਼ਾਮਲ ਹਨ, ਜਿਨ੍ਹਾਂ ਨੇ ਸਮਾਜ ਭਲਾਈ ਵਿੱਚ ਸਾਰਥਕ ਯੋਗਦਾਨ ਪਾਇਆ ਹੈ। ਮੁੱਖ ਮੰਤਰੀ ਨੇ ਬਹਾਦਰੀ ਲਈ ਬਠਿੰਡਾ ਦੇ ਜਗਦੇਵ ਸਿੰਘ ਨੂੰ ਸਰਟੀਫਿਕੇਟ ਅਤੇ ਐਵਾਰਡ ਪ੍ਰਦਾਨ ਕੀਤੇ ਜਦਕਿ ਮਲੇਰਕੋਟਲਾ ਤੋਂ ਇੰਦਰਜੀਤ ਸਿੰਘ, ਜਲੰਧਰ ਤੋਂ ਸੁਰਿੰਦਰ ਜਗਤ, ਜਲੰਧਰ ਤੋਂ ਸੁਨੀਤਾ ਕਪੂਰ, ਬਠਿੰਡਾ ਤੋਂ ਸੁਖਦੀਪ ਸਿੰਘ ਢਿੱਲੋਂ, ਬਠਿੰਡਾ ਤੋਂ ਅਵਤਾਰ ਸਿੰਘ ਮਾਨ, ਜਲੰਧਰ ਤੋਂ ਉਪਿੰਦਰ ਸਿੰਘ ਘਈ, ਸ਼ਹੀਦ ਭਗਤ ਸਿੰਘ ਨਗਰ ਤੋਂ ਜਸਵੀਰ ਸਿੰਘ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਜਤਿੰਦਰ ਸਿੰਘ, ਅੰਮ੍ਰਿਤਸਰ ਤੋਂ ਵਿਨੋਦ ਕੁਮਾਰ, ਅੰਮ੍ਰਿਤਸਰ ਤੋਂ ਅਵਤਾਰ ਸਿੰਘ ਅਤੇ ਸੰਗਰੂਰ ਤੋਂ ਅਵਤਾਰ ਸਿੰਘ ਨੂੰ ਸਮਾਜ ਸੇਵੀ ਲਈ; ਪਟਿਆਲਾ ਤੋਂ ਸਤਵੀਰ ਕੌਰ ਨੂੰ ਕਲਾ ਲਈ; ਅੰਮ੍ਰਿਤਸਰ ਤੋਂ ਨਿਰਮਲ ਸਿੰਘ ਨੂੰ ਸਮਾਜ ਸੇਵਾ ਲਈ; ਜਲੰਧਰ ਤੋਂ ਮੇਹਰ ਮਲਿਕ, ਬਰਨਾਲਾ ਤੋਂ ਬੇਅੰਤ ਸਿੰਘ ਬਾਜਵਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਸੰਜੀਵ ਸੈਣੀ, ਪਟਿਆਲਾ ਤੋਂ ਬਾਜ ਸਿੰਘ, ਮਾਲੇਰਕੋਟਲਾ ਤੋਂ ਡਾ. ਮੁਹੰਮਦ ਅਯੂਬ ਖਾਨ, ਸੰਗਰੂਰ ਤੋਂ ਪ੍ਰੇਮਲਤਾ ਅਤੇ ਅੰਮ੍ਰਿਤਸਰ ਤੋਂ ਪਰਮਜੀਤ ਕੌਰ ਨੂੰ ਸਾਹਿਤ ਲਈ; ਅੰਮ੍ਰਿਤਸਰ ਤੋਂ ਡਾ. ਪਰਮਿੰਦਰ ਸਿੰਘ ਨੂੰ ਸਿਹਤ ਸੇਵਾਵਾਂ ਲਈ; ਕਪੂਰਥਲਾ ਤੋਂ ਤਲਵਿੰਦਰ ਸਿੰਘ ਅਤੇ ਲੁਧਿਆਣਾ ਤੋਂ ਸੁਖਰਾਜ ਭੁੱਲਰ ਨੂੰ ਸਾਇੰਸ ਅਤੇ ਤਕਨਾਲੋਜੀ ਲਈ ਅਤੇ ਲੁਧਿਆਣਾ ਤੋਂ ਕਮਲਜੀਤ ਸਿੰਘ, ਅੰਮ੍ਰਿਤਸਰ ਤੋਂ ਕਾਂਤਾ ਅਤੇ ਐਸਏਐਸ ਨਗਰ ਤੋਂ ਅਸ਼ੋਕ ਕੁਮਾਰ ਨੂੰ ਸ਼ਾਨਦਾਰ ਸੇਵਾਵਾਂ ਲਈ ਸਰਟੀਫਿਕੇਟ ਅਤੇ ਐਵਾਰਡ ਪ੍ਰਦਾਨ ਕੀਤੇ। ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੈੱਡ ਕਾਂਸਟੇਬਲ ਲਵਪ੍ਰੀਤ ਸਿੰਘ, ਕਾਂਸਟੇਬਲ ਬੇਬੀ ਕੁਮਾਰ, ਲੇਡੀ ਕਾਂਸਟੇਬਲ ਚਰਨਜੀਤ, ਲੇਡੀ ਕਾਂਸਟੇਬਲ ਮਮਤਾ ਰਾਣੀ ਅਤੇ ਸੀਨੀਅਰ ਕਾਂਸਟੇਬਲ ਅੰਗਰੇਜ ਸਿੰਘ ਨੂੰ 'ਮੁੱਖ ਮੰਤਰੀ ਰਕਸ਼ਕ ਪਦਕ' ਨਾਲ ਸਨਮਾਨਿਤ ਵੀ ਕੀਤਾ।

# ਹਲਕਾ ਮੋਹਾਲੀ 'ਚ ਲੋਕ ਮਿਲਣੀ ਪ੍ਰੋਗਰਾਮਾਂ ਦਾ ਦੌਰ : ਵਿਸ਼ਾਲ ਇਕੱਤਰਤਾਵਾਂ ਦਾਨ ਦੌਰਾਨ ਵਿਧਾਇਕ ਲੋਕਾਂ ਦੇ ਰੂ-ਬ-ਰੂ

ਜ਼ਿਕਰ ਪੰਜਾਬ

**ਮੋਹਾਲੀ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਸਾਢੇ ਚਾਰ ਸਾਲ ਦੀਆਂ ਪ੍ਰਾਪਤੀਆਂ ਅਤੇ ਲੋਕਾਂ ਦੇ ਅਗਲੇਰੇ ਕੰਮਾਂ ਬਾਰੇ ਵਿਚਾਰ ਵਟਾਂਦਰਾ ਕਰਨ ਦੇ ਲਈ ਪੰਜਾਬ ਭਰ ਵਿੱਚ –ਲੋਕ ਮਿਲਣੀ ਪ੍ਰੋਗਰਾਮ – ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ , ਜਿਸ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਲੋਕਾਂ ਦਾ ਜਨ- ਸੈਲਾਬ ਉਮੜ ਰਿਹਾ ਹੈ ਅਤੇ ਲੋਕੀ ਆਪਣੇ ਮਹਿਬੂਬ ਨੇਤਾ- ਕੁਲਵੰਤ ਸਿੰਘ ਵਿਧਾਇਕ ਨਾਲ ਗੱਲਾਂ ਕਰਕੇ ਆਪਣੇ ਆਪ ਨੂੰ ਤ੍ਰਿਪਤ ਕਰਦੇ ਨਜਰੀ ਪੈ ਰਹੇ ਹਨ, ਇਸੇ ਲੜੀ ਦੇ ਤਹਿਤ ਪਿੰਡ ਸਫੀਪੁਰ ਅਤੇ ਪਿੰਡ ਨਡਿਆਲੀ ਵਿਖੇ ਲੋਕ ਮਿਲਣੀ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ, ਜਿਸ ਦੇ ਤਹਿਤ ਲੋਕਾਂ ਨੇ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੇ ਨਾਲ ਵਿਸਥਾਰ ਵਿੱਚ ਵਿਚਾਰ ਹਲਕੇ ਦੇ ਵਿਕਾਸ ਕਾਰਜਾਂ ਸੰਬੰਧੀ ਮਸ਼ਵਰਾ ਕੀਤਾ, ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ –ਲੋਕ ਮਿਲਣੀ ਪ੍ਰੋਗਰਾਮ –ਦਾ ਮਕਸਦ ਹੀ ਲੋਕਾਂ ਦੇ ਵਿੱਚ ਜਾਣਾ, ਅਤੇ ਜੋ ਵਾਅਦੇ ਅਸੀਂ ਚੋਣਾਂ ਦੇ ਦੌਰਾਨ ਲੋਕਾਂ ਨਾਲ ਕੀਤੇ ਸਨ ਅਤੇ ਉਸ ਤੋਂ ਬਾਅਦ ਲੋਕਾਂ ਨੇ ਪੂਰੇ ਚਾਵਾਂ ਅਤੇ ਉਤਸ਼ਾਹ ਦੇ ਨਾਲ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾ ਕੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਪੰਜਾਬ ਦੀ ਜਿੰਮੇਵਾਰੀ ਸੌਂਪੀ , ਉਸ ਉਪਰੰਤ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਗਏ ਵਾਅਦੇ ਪੂਰੇ ਕੀਤੇ ਗਏ ਹਨ, ਇਹਨਾਂ ਬਾਰੇ ਦੱਸਣ ਦੇ ਲਈ ਅਤੇ ਲੋਕਾਂ ਨੂੰ ਹੋਰ ਕੰਮਾਂ ਵਾਸਤੇ ਵਿਚਾਰ ਜਾਨਣ ਦੇ ਲਈ ਇਕੱਠੇ ਹੋ ਰਹੇ ਹਾਂ, ਤਾਂ ਕਿ ਅਸੀਂ ਲੋਕਾਂ ਦੇ ਵਿੱਚ ਜਾ ਕੇ ਸਰਕਾਰ ਵੱਲੋਂ ਰਹਿ ਗਈਆ ਕਮੀਆਂ ਦੇ ਬਾਰੇ ਵਿਚਾਰ ਕਾਰਨ ਉਪਰੰਤ ਉਹਨਾਂ ਦਾ ਵੀ ਸਮੇਂ ਸਿਰ ਨਿਪਟਾਰਾ ਕਰ ਸਕੀਏ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਹੋਰਾਂ ਵੱਲੋਂ ਲੋਕਾਂ ਦੀ ਕਚਹਿਰੀ ਵਿੱਚ ਜਾ ਕੇ ਇਹ ਵਾਅਦਾ ਕੀਤਾ ਗਿਆ ਸੀ, ਕਿ ਪੰਜਾਬ ਦੇ ਸਕੂਲਾਂ ਅਤੇ ਸਿਹਤ ਸੇਵਾਵਾਂ ਦੀ ਹਾਲਾਤ ਵਿੱਚ ਵੱਡੇ ਪੱਧਰ ਦੇ ਸੁਧਾਰ ਕੀਤਾ ਜਾਵੇਗਾ। ਅਤੇ ਸਿਹਤ ਸੇਵਾਵਾਂ ਦੇ ਮਾਮਲੇ ਵਿੱਚ ਮਹੱਲਾ ਕਲੀਨਿਕ ਪੰਜਾਬ ਵਿੱਚ ਸਫਲਤਾ ਪੂਰਵਕ ਚੱਲ ਰਹੇ ਰਹੇ ਹਨ। ਜਿਹਨਾਂ ਵਿੱਚ ਮੁਫਤ ਮੈਡੀਕਲ ਜਾਂਚ ਤੋਂ ਇਲਾਵਾ ਲੋੜੀਂਦੀ ਦਵਾਈ ਅਤੇ ਟੈਸਟ ਵੀ ਮੁਫਤ ਕੀਤੇ ਜਾਂਦੇ ਹਨ ਅਤੇ ਇਹ ਪਹਿਲੀ ਵਾਰ ਹੈ ਕਿ ਦਵਾਈਆਂ ਦੇ ਨਾਲ –



ਨਾਲ ਟੈਸਟ ਵੀ ਮੁਫਤ ਹੁੰਦੇ ਹੋਣ, ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ 10 ਮੁਹੱਲਾ ਕਲੀਨਿਕ ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ ਹੀ ਚੱਲ ਰਹੇ ਹਨ, ਜਿੱਥੇ ਰੋਜ਼ਾਨਾ ਵੱਡੀ ਗਿਣਤੀ ਦੇ ਵਿੱਚ ਮਰੀਜ਼ ਆਪਣੀ ਬਿਮਾਰੀ ਦਾ ਇਲਾਜ ਕਰਵਾਉਣ ਲਈ ਅਪੜਦੇ ਹਨ, ਉਹਨਾਂ ਕਿਹਾ ਕਿ ਇਸ ਤੋਂ ਇਲਾਵਾ 10 ਲੱਖ ਰੁਪਏ ਦੀ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ। ਜਿਸ ਦੇ ਤਹਿਤ 65 ਲੱਖ ਪਰਿਵਾਰ ਮੁਫਤ ਆਪਣਾ ਇਲਾਜ ਕਰਵਾ ਸਕਦੇ ਹਨ। ਉਹਨਾਂ ਕਿਹਾ ਕਿ ਸਕੂਲਾਂ ਦੇ ਵਿੱਚ ਵੱਡੀ ਪੱਧਰ ਤੇ ਸੁਧਾਰ ਕੀਤੇ ਗਏ ਅਤੇ ਅਸੀਂ ਕੋਸ਼ਿਸ਼ ਕੀਤੀ ਹੈ ਕਿ ਹਰ ਸਰਕਾਰੀ ਸਕੂਲ ਦਾ ਸਿੱਖਿਆ ਦਾ ਪੱਧਰ ਪ੍ਰਾਈਵੇਟ ਸਕੂਲਾਂ ਦੇ ਤੋਂ ਵੀ ਵਧੀਆ ਹੋਵੇ ਅਤੇ ਹਰ ਸਰਕਾਰੀ ਸਕੂਲ ਦੇ ਵਿੱਚ ਉੱਚ ਪਾਏ ਦੀ ਸਿੱਖਿਆ ਦੇਣ ਦੇ ਲਈ ਵਿਦਿਆਰਥੀਆਂ ਦੀ ਸਹੂਲਤ ਦੇ ਅਨੁਸਾਰ ਉਹਨਾਂ ਨੂੰ ਕੰਪਿਊਟਰ ਅਤੇ ਐਲ.ਈ.ਡੀ. ਮੁਹਈਆ ਕਰਵਾਈਆਂ ਜਾਣ , ਉਹਨਾਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿੱਚ ਲੋੜੀਂਦੇ ਸਟਾਫ ਦੀ ਭਰਤੀ ਕੀਤੀ ਗਈ, ਉਹਨਾਂ ਕਿਹਾ ਕਿ ਪੰਜਾਬ ਸੂਬਾ ਪੜ੍ਹਾਈ ਦੇ ਖੇਤਰ ਵਿੱਚ ਪਹਿਲਾਂ ਦੇਸ਼ ਭਰ ਵਿੱਚ ਕਦੇ 17ਵੇਂ ,ਕਦੇ 18ਵੇਂ ਅਤੇ ਕਦੇ ਇਸ ਤੋਂ ਵੀ ਪਿਛਾਂ ਚਲਾ ਜਾਂਦਾ ਸੀ ,ਪ੍ਰੰਤੂ ਇਹ ਪਹਿਲੀ ਵਾਰ ਹੈ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਕੀਤੇ ਗਏ ਯਤਨਾਂ ਦੇ ਸਦਕਾ ਅਤੇ ਸਿੱਖਿਆ ਵਿਭਾਗ ਦੇ ਵਿੱਚ ਕੀਤੇ ਗਏ ਵੱਡੇ ਪੱਧਰ ਤੇ ਬਦਲਾਅ ਦੇ ਚੱਲਦਿਆਂ ਨੀਤੀ ਆਯੋਗ ਦੁਆਰਾ ਕਰਵਾਏ ਗਏ ਸਰਵੇ ਦੇ ਅਨੁਸਾਰ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਪਹਿਲੇ ਨੰਬਰ ਤੇ ਆ ਚੁੱਕਾ ਹੈ , ਜੋ ਕਿ ਸਾਡੇ ਲਈ ਬੜੀ ਹੀ ਮਾਣ ਅਤੇ ਤਸੱਲੀ ਵਾਲੀ ਗੱਲ ਹੈ, ਉਹਨਾਂ ਕਿਹਾ ਕਿ ਪੰਜਾਬ ਦੇ 50 ਸਾਲ ਤੋਂ ਉੱਪਰ ਦੇ ਬਜ਼ੁਰਗਾਂ ਦੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ ,ਜਿਸ ਦੇ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਤੋਂ ਹੀ 110 ਬੱਸਾਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਜਾ ਚੁੱਕੀਆਂ ਹਨ। ਅਤੇ ਵਿਧਾਨ ਸਭਾ ਹਲਕਾ ਮੋਹਾਲੀ ਦੇ ਵੱਲੋਂ 24 ਅਗਸਤ ਤੋਂ 6 ਬੱਸਾਂ ਰੋਜ਼ਾਨਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਰਵਾਨਾ ਹੋਇਆ ਕਰਨਗੀਆਂ, ਜਿਨਾਂ ਦੇ ਵਿੱਚੋਂ ਤਿੰਨ ਬੱਸਾਂ ਸ਼੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਵਾਹਗਾ ਬਾਰਡਰ ਅਤੇ ਜਲਿਆਂ ਵਾਲੇ ਬਾਗ ਦੇ ਦਰਸ਼ਨ ਕਰਵਾ ਕੇ ਲਿਆਉਣਗੀਆਂ, ਉਸ ਤੋਂ ਇਲਾਵਾ ਤਿੰਨ ਹੋਰ ਬੱਸਾਂ ਖਾਟੂ ਸ਼ਾਮ, ਹਰਿਦੁਆਰ ਅਤੇ ਸਾਲਾਸਰ ਤੀਰਥ ਯਾਤਰਾ ਦੇ ਦਰਸ਼ਨ ਕਰਵਾਉਣ ਦੇ ਲਈ ਮੋਹਾਲੀ ਤੋਂ ਰਵਾਨਾ ਹੋਣਗੀਆਂ।

●----- ਸਫ਼ਾ 1 ਦਾ ਬਾਕੀ -----●

## ਪ੍ਰਧਾਨ ਮੰਦਰੀ ਮੋਦੀ ਨੇ ਲਾਲ ਕਿਲ੍ਹੇ 'ਤੇ...

ਡੇਟਾ ਅਤੇ ਹੋਰ ਉੱਭਰ ਰਹੀਆਂ ਤਕਨਾਲੋਜੀਆਂ ਨੂੰ ਵਿਸ਼ਵ ਅਰਥਵਿਵਸਥਾ ਨੂੰ ਆਕਾਰ ਦੇਣ ਵਾਲੀਆਂ ਨਵੀਆਂ ਸਰਹੱਦਾਂ ਵਜੋਂ ਉਜਾਗਰ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਰਤ ਨੂੰ ਸਿਰਫ਼ ਉੱਭਰ ਰਹੀਆਂ ਤਕਨਾਲੋਜੀਆਂ ਲਈ ਇੱਕ ਬਜ਼ਾਰ ਹੋਣ ਤੋਂ ਪਰੇ ਜਾਣਾ ਚਾਹੀਦਾ ਹੈ ਅਤੇ ਆਪਣੇ ਆਪ ਨੂੰ ਨਵੀਨਤਾ ਦੇ ਇੱਕ ਵਿਸ਼ਵਵਿਆਪੀ ਕੇਂਦਰ ਵਜੋਂ ਸਥਾਪਤ ਕਰਨਾ ਚਾਹੀਦਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਦੀ ਵਿਕਾਸ ਰਣਨੀਤੀ ਲਈ ਆਪਣੇ ਦ੍ਰਿਸ਼ਟੀਕੋਣ ਵਿੱਚ ਹਾਈ-ਸਪੀਡ ਕਨੈਕਟੀਵਿਟੀ 'ਤੇ ਜ਼ੋਰ ਦਿੱਤਾ। ਇੱਕ ਏਕੀਕ੍ਰਿਤ ਟ?ਰਾਂਸਪੋਰਟ ਨੈੱਟਵਰਕ ਦੀ ਮੰਗ ਕਰਦੇ ਹੋਏ, ਉਨ੍ਹਾਂ ਕਿਹਾ ਕਿ ਭਾਰਤ ਦੇ ਸ਼ਹਿਰਾਂ ਨੂੰ ਹਾਈ-ਸਪੀਡ ਰੇਲ ਦੁਆਰਾ ਜੋੜਿਆ ਜਾਣਾ ਚਾਹੀਦਾ ਹੈ, ਜਦੋਂ ਕਿ ਦੇਸ਼ ਨੂੰ ਲੋਕਾਂ ਅਤੇ ਸਾਮਾਨ ਦੀ ਆਵਾਜਾਈ ਨੂੰ ਤੇਜ਼ ਕਰਨ ਲਈ ਆਧੁਨਿਕ ਹਾਈਵੇਅ, ਅੰਦਰੂਨੀ ਜਲ ਮਾਰਗ, ਹਵਾਈ ਅੱਡੇ ਅਤੇ ਮਲਟੀਮੋਡਲ ਲੌਜਿਸਟਿਕ ਪ੍ਰਣਾਲੀਆਂ ਦੀ ਜ਼ਰੂਰਤ ਹੈ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਲਈ ਰੱਖਿਆ ਖੇਤਰ ਵਿੱਚ ਸਵੈ-ਨਿਰਭਰਤਾ ਪ੍ਰਾਪਤ ਕਰਨਾ ਅਤੇ ਅਗਲੀ ਪੀੜ੍ਹੀ ਦੀਆਂ ਰੱਖਿਆ ਤਕਨਾਲੋਜੀਆਂ ਦੇ ਇੱਕ ਵਿਸ਼ਵਵਿਆਪੀ ਸਪਲਾਇਰ ਵਜੋਂ ਉਭਰਨਾ ਜ਼ਰੂਰੀ ਹੈ। ਰੱਖਿਆ ਸਮਰੱਥਾਵਾਂ ਦੀ ਵਧਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਦੁਨੀਆ ਨੇ ਇਹ ਮਹਿਸੂਸ ਕੀਤਾ ਹੈ ਕਿ ਵਧਦੇ ਅਨਿਸ਼ਚਿਤ ਵਿਸ਼ਵ ਵਾਤਾਵਰਣ ਵਿੱਚ ਰੱਖਿਆ ਵਿੱਚ ਸਵੈ-ਨਿਰਭਰਤਾ ਜ਼ਰੂਰੀ ਹੈ। ਪਛਾਣੇ ਗਏ ਮੁੱਖ ਖੇਤਰਾਂ ਵਿੱਚ ਡਰੋਨ ਅਤੇ ਕਾਊਂਟਰ-ਡਰੋਨ ਪ੍ਰਣਾਲੀਆਂ ਦੇ ਨਾਲ-ਨਾਲ ਹਾਈਪਰਸੋਨਿਕ ਰੱਖਿਆ ਤਕਨਾਲੋਜੀ ਸ਼ਾਮਲ ਹਨ। ਮੋਦੀ ਨੇ ਭਾਰਤ ਨੂੰ ਇਨ੍ਹਾਂ ਖੇਤਰਾਂ ਵਿੱਚ ਵਿਸ਼ਵ ਲੀਡਰਸ਼ਿਪ ਪ੍ਰਾਪਤ ਕਰਨ ਦਾ ਸੱਦਾ ਦਿੱਤਾ। ਆਪਣੇ ਭਾਸ਼ਣ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਦੀ ਰਚਨਾਤਮਕ ਅਰਥਵਿਵਸਥਾ ਦੀ ਅਥਾਹ ਸੰਭਾਵਨਾ 'ਤੇ ਵੀ ਜ਼ੋਰ ਦਿੱਤਾ, ਜਿਸ ਵਿੱਚ ਦਸਤਕਾਰੀ, ਸੱਭਿਆਚਾਰ, ਫਿਲਮਾਂ, ਵਿਜ਼ੂਅਲ ਇਫੈਕਟਸ, ਐਨੀਮੇਸ਼ਨ, ਗੇਮਿੰਗ ਅਤੇ ਡਿਜੀਟਲ ਸਮੱਗਰੀ ਸ਼ਾਮਲ ਹੈ।

## ਆਜ਼ਾਦੀ ਦਾ 80ਵਾਂ ਦਿਹਾੜਾ ਪੰਜਾਬ ਦੀਆਂ...

ਰਿਹਾ ਹੈ ਅਤੇ ਸਿੱਖਿਆ ਤੇ ਸਿਹਤ ਕ੍ਰਾਂਤੀ ਦੇ ਨਾਲ-ਨਾਲ ਸੜਕ ਸੁਰੱਖਿਆ ਫੋਰਸ, ਪੰਜਾਬ ਦੇ ਵਿਕਾਸ ਅਤੇ ਸੁਰੱਖਿਆ ਨੂੰ ਮਜ਼ਬੂਤ ਕਰ ਰਹੀ ਹੈ। ਆਓ, ਮਿਲ ਕੇ ਪੰਜਾਬ ਦੀ ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰੀਏ। ਸਾਰਿਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ। ਇਨਕਲਾਬ ਜ਼ਿੰਦਾਬਾਦ। ਰਾਸ਼ਟਰੀ ਝੰਡਾ ਲਹਿਰਾਉਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਦੇਸ਼ ਆਪਣਾ 80ਵਾਂ ਆਜ਼ਾਦੀ ਦਿਹਾੜਾ ਮਨਾ ਰਿਹਾ ਹੈ ਅਤੇ ਇਸ ਪਵਿੱਤਰ ਮੌਕੇ 'ਤੇ ਮੈਂ ਸਾਰੇ ਦੇਸ਼ ਵਾਸੀਆਂ, ਖਾਸ ਕਰਕੇ ਪੰਜਾਬ ਦੇ ਲੋਕਾਂ ਨੂੰ ਹਾਰਦਿਕ ਵਧਾਈ ਦਿੰਦਾ ਹਾਂ। ਮੈਂ ਸ਼ਹੀਦਾਂ ਦੀ ਪਵਿੱਤਰ ਧਰਤੀ ਫ਼?ਰੋਜ਼ਪੁਰ ਨੂੰ ਸਿਜਦਾ ਕਰਦਾ ਹਾਂ, ਜਿਸ ਦਾ ਨਾਂ ਭਾਰਤ ਦੇ ਆਜ਼ਾਦੀ ਸੰਘਰਸ਼ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਹੈ। ਮੈਂ ਸਾਰਾਗੜ੍ਹੀ ਦੀ ਜੰਗ ਦੇ 21 ਬਹਾਦਰ ਸਿੱਖ ਸ਼ਹੀਦਾਂ ਨੂੰ ਵੀ ਯਾਦ ਕਰਦਾ ਹਾਂ, ਜਿਨ੍ਹਾਂ ਦੀ ਯਾਦ ਵਿੱਚ ਇੱਥੇ ਇਤਿਹਾਸਕ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਸੁਸ਼ੋਭਿਤ ਹੈ। ਹੁਸੈਨੀਵਾਲਾ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਸਤਲੁਜ ਦੇ ਕੰਢੇ 'ਤੇ ਵਸਿਆ ਹੁਸੈਨੀਵਾਲਾ ਸਾਡੇ ਕੌਮੀ ਸ਼ਹੀਦਾਂ ਦੀ ਮਹਾਨ ਵਿਰਾਸਤ ਹੈ ਅਤੇ ਇਹ ਪਵਿੱਤਰ ਧਰਤੀ ਸਾਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਦੇ ਜੀਵਨ ਅਤੇ ਕੁਰਬਾਨੀਆਂ ਦੀ ਯਾਦ ਦਿਵਾਉਂਦੀ ਹੈ। ਮਹਾਨ ਇਨਕਲਾਬੀ ਬੁਟਕੇਸ਼ਵਰ ਦੱਤ ਅਤੇ ਸਰਦਾਰ ਭਗਤ ਸਿੰਘ ਜੀ ਦੇ ਮਾਤਾ ਵਿਦਿਆਵਤੀ ਜੀ ਦਾ ਅੰਤਿਮ ਸੰਸਕਾਰ ਵੀ ਇੱਥੇ ਹੀ ਕੀਤਾ ਗਿਆ ਸੀ। ਹੁਸੈਨੀਵਾਲਾ ਵਿਖੇ ਸ਼ਹੀਦਾਂ ਦੀ ਯਾਦ ਵਿੱਚ 25 ਕਰੋੜ ਰੁਪਏ ਦੀ ਲਾਗਤ ਨਾਲ 'ਵਿਰਾਸਤੀ ਕੰਪਲੈਕਸ' ਬਣਾਇਆ ਜਾ ਰਿਹਾ ਹੈ। ਮੈਂ ਇਸ ਸਰਹੱਦੀ ਜ਼ਿਲ੍ਹੇ ਦੇ ਬਹਾਦਰ ਲੋਕਾਂ ਨੂੰ ਸਲਾਮ ਕਰਦਾ ਹਾਂ ਜੋ ਸਰਹੱਦ ਪਾਰ ਤੋਂ ਦੁਸ਼ਮਣਾਂ ਦੇ ਮਨਸੂਬਿਆਂ, ਕੁਦਰਤੀ ਆਫ਼ਤਾਂ ਅਤੇ ਹੋਰ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰਦੇ ਹਨ। ਪੰਜਾਬ ਦੇ ਸਰਹੱਦੀ ਲੋਕਾਂ ਦੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ, "ਸਰਹੱਦ 'ਤੇ ਰਹਿਣ ਵਾਲੇ ਲੋਕਾਂ ਵੱਲੋਂ ਦੇਸ਼ ਅਤੇ ਪੰਜਾਬ ਲਈ ਦਿੱਤੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਅੱਜ ਜਦੋਂ ਪੂਰਾ ਦੇਸ਼ ਆਜ਼ਾਦੀ ਦਿਹਾੜਾ ਮਨਾ ਰਿਹਾ ਹੈ, ਮੈਂ ਦੇਸ਼ ਭਗਤਾਂ ਅਤੇ ਯੋਧਿਆਂ ਦੇ ਵਿਸ਼ਾਲ ਯੋਗਦਾਨ ਨੂੰ ਵੀ ਯਾਦ ਕਰਦਾ ਹਾਂ। ਦੇਸ਼ ਨੂੰ ਆਜ਼ਾਦੀ ਪ੍ਰਾਪਤ ਕਰਨ ਲਈ ਲੰਮਾ ਅਤੇ ਔਖਾ ਸੰਘਰਸ਼ ਕਰਨਾ ਪਿਆ ਅਤੇ 1947 ਵਿੱਚ ਦੇਸ਼ ਦੀ ਵੰਡ ਦੀ ਸਭ ਤੋਂ ਵੱਡੀ ਕੀਮਤ ਪੰਜਾਬ ਨੇ ਤਾਰੀ। ਆਜ਼ਾਦੀ ਸੰਘਰਸ਼ ਵਿੱਚ ਪੰਜਾਬ ਦੇ ਯੋਗਦਾਨ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬੀਆਂ ਨੂੰ ਜ਼ੁਲਮ ਅਤੇ ਜਬਰ ਵਿਰੁੱਧ ਡਟਣ ਦੀ ਪ੍ਰੇਰਨਾ ਸ੍ਰੀ ਗੁਰੂ ਅਰਜਨ ਦੇਵ ਜੀ, ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਗੁੜ੍ਹਤੀ ਵਿੱਚ ਮਿਲੀ ਹੈ। ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ ਵਿੱਚ ਪੰਜਾਬੀ ਯੋਧੇ ਹਮੇਸ਼ਾ ਮੋਹਰੀ ਰਹੇ ਹਨ। ਕੂਕਾ ਲਹਿਰ, ਪਗੜੀ ਸੰਭਾਲ ਜੱਟਾ ਲਹਿਰ, ਗਦਰ ਲਹਿਰ ਅਤੇ ਬੱਬਰ ਅਕਾਲੀ ਲਹਿਰ ਤੋਂ ਲੈ ਕੇ ਅਨੇਕਾਂ ਹੋਰ ਅੰਦੋਲਨਾਂ ਤੱਕ ਪੰਜਾਬੀਆਂ ਨੇ ਸਭ ਤੋਂ ਵੱਧ ਯੋਗਦਾਨ ਪਾਇਆ। ਜਲ੍ਹਿਆਂਵਾਲਾ ਬਾਗ ਦੇ ਸਾਕਾ ਦੌਰਾਨ ਪੰਜਾਬੀਆਂ ਦੀਆਂ ਕੁਰਬਾਨੀਆਂ ਨੇ ਦੇਸ਼ ਨੂੰ ਬ੍ਰਿਟਿਸ਼ ਹਕੂਮਤ ਵਿਰੁੱਧ ਇੱਕਜੁੱਟ ਕੀਤਾ। ਆਜ਼ਾਦੀ ਦੀ ਲੜਾਈ ਵਿੱਚ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਊਧਮ ਸਿੰਘ, ਕਰਤਾਰ ਸਿੰਘ ਸਰਾਭਾ, ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲੇਪਾਣੀ, ਬਾਬਾ ਰਾਮ ਸਿੰਘ ਅਤੇ ਮਦਨ ਲਾਲ ਢੀਂਗਰਾ ਸਮੇਤ ਹਜ਼ਾਰਾਂ ਪੰਜਾਬੀਆਂ ਨੇ ਮਹਾਨ ਕੁਰਬਾਨੀਆਂ ਦਿੱਤੀਆਂ। ਆਪਣੀ ਸਰਕਾਰ ਦੁਆਰਾ ਲਏ ਗਏ ਫੈਸਲਿਆਂ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੋਹਾਲੀ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨਾਂ 'ਤੇ ਰੱਖਿਆ ਗਿਆ ਅਤੇ ਉੱਥੇ ਸ਼ਹੀਦ-ਏ-ਆਜ਼ਮ ਦਾ ਬੁੱਤ ਵੀ ਲਾਇਆ ਗਿਆ। ਪਿਛਲੇ ਸਾਢੇ ਚਾਰ ਸਾਲਾਂ ਵਿੱਚ ਉਨ੍ਹਾਂ ਦੀ ਸਰਕਾਰ ਨੇ ਪੰਜਾਬ ਦੇ ਵਿਕਾਸ ਅਤੇ ਤਰੱਕੀ ਲਈ ਇਤਿਹਾਸਕ ਫੈਸਲੇ ਲਏ ਹਨ। ਮੇਰੇ ਲਈ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਸੂਬਾ ਸਰਕਾਰ ਨੇ ਸਾਢੇ ਚਾਰ ਸਾਲਾਂ ਵਿੱਚ ਆਪਣੀਆਂ ਸਾਰੀਆਂ ਗਾਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ। ਔਰਤਾਂ ਦੇ ਸ਼ਕਤੀਕਰਨ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ, "ਸਾਲ 2026 ਪੰਜਾਬ ਦੀਆਂ ਔਰਤਾਂ ਲਈ ਆਜ਼ਾਦੀ ਅਤੇ ਸ਼ਕਤੀਕਰਨ ਦਾ ਸਾਲ ਹੈ। ਸਾਡੀਆਂ ਮਾਵਾਂ-ਧੀਆਂ ਨੂੰ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਆਪਣੀ ਮਰਜ਼ੀ ਅਨੁਸਾਰ ਆਪਣੇ ਪੈਸੇ ਖਰਚਣ ਦੀ ਆਜ਼ਾਦੀ ਮਿਲੀ ਹੈ। ਹੁਣ ਤੱਕ 74 ਲੱਖ 59 ਹਜ਼ਾਰ ਔਰਤਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ ਅਤੇ 65 ਲੱਖ 62 ਹਜ਼ਾਰ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਤਿਕਾਰ ਰਾਸ਼ੀ ਵਜੋਂ 2,274 ਕਰੋੜ 42 ਲੱਖ ਰੁਪਏ ਦੀ ਰਾਸ਼ੀ ਤਬਦੀਲ ਕੀਤੀ ਜਾ ਚੁੱਕੀ ਹੈ। ਮੈਂ ਬਾਕੀ ਰਹਿੰਦੀਆਂ ਔਰਤਾਂ ਨੂੰ ਵੀ ਅਪੀਲ ਕਰਦਾ ਹਾਂ ਕਿ ਉਹ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਅਤੇ ਇਸ ਯੋਜਨਾ ਦਾ ਲਾਭ ਲੈਣ। 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ, "4 ਲੱਖ ਤੋਂ ਵੱਧ ਸ਼ਰਧਾਲੂ ਸ੍ਰੀ ਅਨੰਦਪੁਰ ਸਾਹਿਬ, ਨੈਣਾ ਦੇਵੀ ਅਤੇ ਅੰਮ੍ਰਿਤਸਰ ਸਾਹਿਬ ਦੀ ਯਾਤਰਾ ਕਰ ਚੁੱਕੇ ਹਨ। ਹੁਣ ਪੰਜਾਬ ਤੋਂ ਬਾਹਰਲੇ ਧਾਰਮਿਕ ਸਥਾਨਾਂ ਜਿਵੇਂ ਹਰਿਦੁਆਰ-ਰਿਸ਼ੀਕੇਸ਼, ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ ਅਤੇ ਮਥੁਰਾ-ਵ੍ਰਿੰਦਾਵਨ ਲਈ ਵੀ ਯਾਤਰਾਵਾਂ ਦੀ ਸੁਵਿਧਾ ਦਿੱਤੀ ਜਾ ਰਹੀ ਹੈ। ਅਸੀਂ ਬਹੁਤ ਵਡਭਾਗੀ ਹਾਂ ਕਿ ਸਾਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਮਨਾਉਣ ਦਾ ਮੌਕਾ ਮਿਲ ਰਿਹਾ ਹੈ। ਸਾਲ ਭਰ ਚੱਲਣ ਵਾਲੇ ਸਮਾਗਮਾਂ ਲਈ 100 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਪਿਛਲੇ ਸਾਲ ਸਾਡੀ ਸਰਕਾਰ ਨੇ ਨੌਵੇਂ ਸਿੱਖ ਗੁਰੂ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਬਹੁਤ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਸੀ।

## ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ...

ਦਿੱਤੀਆਂ। ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੀ। ਦੇਸ਼ ਹਮੇਸ਼ਾ ਇਸ ਸ਼ਹੀਦ ਦਾ ਰਿਣੀ ਰਹੇਗਾ ਜਿਸਨੇ 23 ਸਾਲ ਦੀ ਛੋਟੀ ਜਿਹੀ ਉਮਰ ਵਿੱਚ ਦੇਸ਼ ਨੂੰ ਬ੍ਰਿਟਿਸ਼ ਸਾਮਰਾਜਵਾਦ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ। ਨੌਜਵਾਨਾਂ 'ਤੇ ਸ਼ਹੀਦ ਭਗਤ ਸਿੰਘ ਦੀ ਕੁਰਬਾਨੀ ਦੇ ਪ੍ਰਭਾਵ ਨੂੰ ਉਜਾਗਰ ਕਰਦਿਆਂ, ਉਨ੍ਹਾਂ ਕਿਹਾ, ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਸ਼ਹਾਦਤ ਨੇ ਨੌਜਵਾਨਾਂ ਨੂੰ ਕੌਮੀ ਆਜ਼ਾਦੀ ਸੰਘਰਸ਼ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ, ਜਿਸ ਨਾਲ ਦੇਸ਼ ਨੂੰ ਆਜ਼ਾਦੀ ਮਿਲੀ। ਸ਼ਹੀਦ-ਏ-ਆਜ਼ਮ ਹਮੇਸ਼ਾ ਲੱਖਾਂ ਨੌਜਵਾਨਾਂ ਲਈ ਰਾਸ਼ਟਰ ਦੀ ਨਿਰਸਵਾਰਥ ਸੇਵਾ ਕਰਨ ਲਈ ਪ੍ਰੇਰਨਾ ਦਾ ਸਰੋਤ ਬਣਿਆ ਰਹੇਗਾ। ਮੈਂ ਨੌਜਵਾਨਾਂ ਨੂੰ ਭਾਰਤ ਨੂੰ ਇੱਕ ਪ੍ਰਗਤੀਸ਼ੀਲ ਅਤੇ ਖੁਸ਼ਹਾਲ ਦੇਸ਼ ਬਣਾਉਣ ਲਈ ਸ਼ਹੀਦ ਭਗਤ ਸਿੰਘ ਦੇ ਨਕਸ਼ੇ-ਕਦਮਾਂ 'ਤੇ ਚੱਲਣ ਦੀ ਅਪੀਲ ਕਰਦਾ ਹਾਂ।ਹੁਸੈਨੀਵਾਲਾ ਹੈਰੀਟੇਜ ਕੰਪਲੈਕਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਹੁਸੈਨੀਵਾਲਾ ਹੈਰੀਟੇਜ ਕੰਪਲੈਕਸ ਦਾ ਕੰਮ ਸ਼ੁਰੂ ਹੋ ਗਿਆ ਹੈ ਅਤੇ ਇਸ ਪ੍ਰੋਜੈਕਟ 'ਤੇ 24.99 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਹ ਪ੍ਰੋਜੈਕਟ ਸਾਡੇ ਮਹਾਨ ਸ਼ਹੀਦਾਂ ਦੇ ਸਨਮਾਨ ਲਈ ਇੱਕ ਨਿਮਾਣਾ ਜਿਹਾ ਯਤਨ ਹੈ ਅਤੇ ਇਸਦਾ ਉਦੇਸ਼ ਆਉਣ ਵਾਲੀਆਂ ਪੀੜ੍ਹੀਆਂ ਲਈ ਆਜ਼ਾਦੀ ਘੁਲਾਟੀਆਂ ਦੀ ਸ਼ਾਨਦਾਰ ਵਿਰਾਸਤ ਨੂੰ ਸੁਰੱਖਿਅਤ ਰੱਖਣਾ ਹੈ। ਸਾਡਾ ਮੁੱਖ ਉਦੇਸ਼ ਹੁਸੈਨੀਵਾਲਾ ਵਿਖੇ ਵਿਰਾਸਤੀ ਖੇਤਰ ਨੂੰ ਵਿਕਸਤ ਕਰਨਾ ਹੈ ਅਤੇ ਇਸ ਵਿਰਾਸਤੀ ਕੰਪਲੈਕਸ ਦੇ ਨਿਰਮਾਣ ਨਾਲ ਸੈਰ-ਸਪਾਟੇ ਨੂੰ ਵੀ ਹੁਲਾਰਾ ਮਿਲੇਗਾ।

## ਤਾਰਿਕ ਰਹਿਮਾਨ ਦੀ ਭਾਰਤ ਫੇਰੀ ਤੋਂ ਪਹਿਲਾਂ...

ਲਈ ਅਨੁਕੂਲ ਮਾਹੌਲ ਬਣਾਉਣ ਦੀ ਲੋੜ ਹੈ। ਇਸ ਉਦੇਸ਼ ਲਈ, ਅਸੀਂ ਭਾਰਤੀ ਅਧਿਕਾਰੀਆਂ ਨੂੰ ਸ਼ੇਖ ਹਸੀਨਾ ਅਤੇ ਹੋਰ ਫਰਾਰ ਅਪਰਾਧੀਆਂ ਨੂੰ ਹਵਾਲਗੀ ਕਰਨ ਅਤੇ ਹਾਦੀ ਦੇ ਦੋਸ਼ੀ ਕਾਤਲਾਂ ਨੂੰ ਸੌਂਪਣ ਦੀ ਬੇਨਤੀ ਕੀਤੀ ਹੈ। ਅਸੀਂ ਜਵਾਬ ਦੀ ਉਡੀਕ ਕਰ ਰਹੇ ਹਾਂ।÷ਉਨ੍ਹਾਂ ਕਿਹਾ ਕਿ ਰਹਿਮਾਨ ਸਰਕਾਰ 'ਬੰਗਲਾਦੇਸ਼ ਫਸਟ' ਨੀਤੀ ਦੇ ਤਹਿਤ ਗੁਆਂਢੀ ਦੇਸ਼ਾਂ ਸਮੇਤ ਹੋਰ ਦੇਸ਼ਾਂ ਨਾਲ ਪ੍ਰਭੂਸੱਤਾ, ਸਮਾਨਤਾ, ਰਾਸ਼ਟਰੀ ਮਾਣ, ਇੱਕ ਦੂਜੇ ਦੇ ਅੰਦਰੂਨੀ ਮਾਮਲਿਆਂ ਵਿੱਚ ਦਖਲ ਨਾ ਦੇਣ ਅਤੇ ਆਪਸੀ ਲਾਭ ਦੇ ਆਧਾਰ 'ਤੇ ਦੋਸਤਾਨਾ ਸਬੰਧ ਬਣਾਏਗੀ।ਇਹ ਧਿਆਨ ਦੇਣ ਯੋਗ ਹੈ ਕਿ ਭਾਰਤ ਨੇ ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਨੂੰ ਇੱਕ ਵਾਧੂ ਭਾਈਵਾਲ ਦੇਸ਼ ਦੇ ਮੁਖੀ ਵਜੋਂ ਬ੍ਰਿਕਸ ਸੰਮੇਲਨ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ ਸੀ।

## ਖਨੌਰੀ ਬਾਰਡਰ 'ਤੇ ਮੁੜ ਤਣਾਅ; ਕਿਸਾਨਾਂ ਦਾ...

ਹੈ ਕਿ ਹਾਲ ਹੀ ਵਿੱਚ ਮੱਧ ਪ੍ਰਦੇਸ਼ ਵਿੱਚ ਵੀ ਕਿਸਾਨਾਂ ਦਾ ਵਿਰੋਧ ਪ੍ਰਦਰਸ਼ਨ ਦੇਖਣ ਨੂੰ ਮਿਲਿਆ ਸੀ, ਜਿੱਥੇ ਮੂੰਗ ਦੀ ਖਰੀਦ ਐੱਮ.ਐੱਸ.ਪੀ. 'ਤੇ ਕਰਨ ਅਤੇ ਖਾਦ ਲਈ ਈ-ਟੋਕਨ ਪ੍ਰਣਾਲੀ ਦੇ ਵਿਰੋਧ ਵਿੱਚ ਕਿਸਾਨਾਂ ਨੇ ਮੁੱਖ ਮੰਤਰੀ ਮੋਹਨ ਯਾਦਵ ਦੀ ਰਿਹਾਇਸ਼ ਦਾ ਘਿਰਾਓ ਕਰਨ ਲਈ ਭੋਪਾਲ ਵੱਲ ਕੂਚ ਕੀਤਾ ਸੀ। ਉੱਥੇ 28 ਜੁਲਾਈ ਨੂੰ ਨਰਮਦਾਪੁਰਮ ਤੋਂ ਭੋਪਾਲ ਵੱਲ ਮਾਰਚ ਸ਼ੁਰੂ ਕਰਨ ਵਾਲੇ ਕਿਸਾਨਾਂ ਨੂੰ ਪੁਲੀਸ ਨੇ ਇੰਸਟੀਚਿਊਟ ਨੇੜੇ ਰੋਕ ਦਿੱਤਾ ਸੀ। ਇਸ ਤੋਂ ਬਾਅਦ ਕਿਸਾਨਾਂ ਨੇ ਭੋਪਾਲ-ਨਰਮਦਾਪੁਰਮ ਹਾਈਵੇਅ 'ਤੇ ਧਰਨਾ ਦਿੱਤਾ, ਜਿਸ ਕਾਰਨ ਆਵਾਜਾਈ ਪ੍ਰਭਾਵਿਤ ਹੋਈ ਅਤੇ ਚੌਕਸੀ ਵਜੋਂ ਕੁਝ ਸਕੂਲਾਂ ਵਿੱਚ ਛੁੱਟੀ ਵੀ ਕਰਨੀ ਪਈ ਸੀ।

## ਮੁੰਬਈ ਵਿੱਚ ਇੱਕੋ ਪਰਿਵਾਰ ਦੇ 4 ਜੀਆਂ...

ਟੀਮ ਮੌਕੇ 'ਤੇ ਪਹੁੰਚੀ ਅਤੇ ਚਾਰਾਂ ਦੀਆਂ ਲਾਸ਼ਾਂ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤੀਆਂ। ਪੁਲਿਸ ਵੱਲੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਇਸ ਘਟਨਾ ਦੇ ਪਿੱਛੇ ਕਿਹੜੇ ਕਾਰਨ ਸਨ।

## ਹਵਾਈ ਅੱਡੇ 'ਤੇ ਪਿਸਤੌਲ ਚੱਲਣ ਕਾਰਨ...

ਸਕ੍ਰੀਨਰ ਜ਼ਖ਼ਮੀ ਹੋ ਗਏ। ਦੋਵਾਂ ਜ਼ਖ਼ਮੀਆਂ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾ ਦਿੱਤਾ ਗਿਆ ਹੈ।ਏਅਰਪੋਰਟ ਡਾਇਰੈਕਟਰ ਪੁਨੀਤ ਗੁਪਤਾ ਨੇ ਦੱਸਿਆ, ਸਵੇਰੇ ਲਗਪਗ 9:30 ਵਜੇ, ਮੁੰਬਈ ਜਾਣ ਵਾਲੀ ਫਲਾਈਟ ਵਿੱਚ ਆਪਣੀ ਪਤਨੀ ਨਾਲ ਯਾਤਰਾ ਕਰ ਰਿਹਾ ਇੱਕ ਯਾਤਰੀ ਜਹਾਜ਼ ਵਿੱਚ ਲਿਜਾਣ ਵਾਲੇ ਹਥਿਆਰ ਦੀ ਘੋਸ਼ਣਾ ਕਰ ਰਿਹਾ ਸੀ।

## 'ਵੰਦੇ ਮਾਤਰਮ' ਦੇ ਅਪਮਾਨ ਦੇ ਦੋਸ਼ 'ਚ ਸੋਨੀਆ...

ਕਰਵਾਇਆ ਗਿਆ ਸੀ। ਇਸ ਦੌਰਾਨ ਦੀ ਇੱਕ ਵੀਡੀਓ ਸਾਹਮਣੇ ਆਈ, ਜਿਸ ਵਿੱਚ ਵੰਦੇ ਮਾਤਰਮ ਗਾਉਣ ਦੌਰਾਨ ਕਾਂਗਰਸ ਦੇ ਵੱਡੇ ਨੇਤਾ ਆਪਸ ਵਿੱਚ ਗੱਲਬਾਤ ਕਰਦੇ ਹੋਏ ਨਜ਼ਰ ਆਏ। ਇਸੇ ਵੀਡੀਓ ਦੇ ਸਾਹਮਣੇ ਆਉਣ ਤੋਂ ਬਾਅਦ ਭਾਜਪਾ ਨੇ ਇਸ ਨੂੰ ਰਾਸ਼ਟਰੀ ਗਾਨ ਅਤੇ 'ਵੰਦੇ ਮਾਤਰਮ' ਦਾ ਅਪਮਾਨ ਦੱਸਿਆ ਹੈ।ਦੂਜੇ ਪਾਸੇ, ਕਾਂਗਰਸ ਪਾਰਟੀ ਨੇ ਇਨ੍ਹਾਂ ਸਾਰੇ ਦੋਸ਼ਾਂ ਨੂੰ ਸਪੱਸ਼ਟ ਤੌਰ 'ਤੇ ਰੱਦ ਕਰ ਦਿੱਤਾ ਹੈ। ਕਾਂਗਰਸ ਪਾਰਟੀ ਦਾ ਕਹਿਣਾ ਹੈ ਕਿ ਰਾਸ਼ਟਰੀ ਗੀਤ ਜਾਂ 'ਵੰਦੇ ਮਾਤਰਮ' ਨੂੰ ਰੋਕਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਗਈ ਅਤੇ ਭਾਜਪਾ ਇਸ ਮੁੱਦੇ ਦਾ ਬੇਲੋੜਾ ਰਾਜਨੀਤੀਕਰਨ ਕਰ ਰਹੀ ਹੈ।

## ਕੇਂਦਰ ਨੇ ਪੰਜਾਬ ਵਿੱਚ ਕਾਦੀਆਂ-ਬਿਆਸ ਰੇਲਵੇ...

ਜਾਵੇਗਾ। ਬਿੱਟੂ ਨੇ ਕਿਹਾ ਕਿ ਰੇਲਵੇ ਲਾਈਨ ਨੂੰ ਦੁਬਾਰਾ ਸ਼ੁਰੂ ਕਰਵਾਉਣ ਅਤੇ ਸਾਲਾਂ ਤੋਂ ਲੰਬਿਤ ਇਸ ਪ੍ਰਾਜੈਕਟ ਉੱਤੇ ਲੱਗੀ ਰੋਕ ਨੂੰ ਹਟਾਉਣ ਦੇ ਯਤਨਾਂ ਤੋਂ ਬਾਅਦ ਮਿਲੀ ਇਹ ਮਨਜ਼ੂਰੀ ਇੱਕ ਵੱਡੀ ਸਫ਼ਲਤਾ ਹੈ।

ਬਿੱਟੂ ਨੇਹਾ, ਮੈਂ ਨਿੱਜੀ ਤੌਰ 'ਤੇ ਇਸ ਲੰਬਿਤ ਪ੍ਰਾਜੈਕਟ ਨੂੰ ਅੱਗੇ ਵਧਵਾਇਆ ਅਤੇ ਇਹ ਯਕੀਨੀ ਬਣਾਇਆ ਕਿ ਸਾਲਾਂ ਤੋਂ ਅਟਕੀ ਕਾਦੀਆਂ-ਬਿਆਸ ਰੇਲ ਲਾਈਨ ਉੱਤੇ ਲੱਗੀ ਰੋਕ ਹਟੇ ਅਤੇ ਇਸ ਨੂੰ ਮੁੜ ਤੋਂ ਵਿਚਾਰਨ ਲਈ ਲਿਆਂਦਾ ਜਾਵੇ।ਉਨ੍ਹਾਂ ਕਿਹਾ ਕਿ ਕਾਦੀਆਂ-ਬਿਆਸ ਰੇਲਵੇ ਪ੍ਰਾਜੈਕਟ ਦਾ ਇਤਿਹਾਸ ਇਸ ਹਾਲੀਆ ਮਨਜ਼ੂਰੀ ਨੂੰ ਖਾਸ ਤੌਰ 'ਤੇ ਮਹੱਤਵਪੂਰਨ ਬਣਾਉਂਦਾ ਹੈ।ਇਸ ਪ੍ਰਾਜੈਕਟ ਨੂੰ ਅਸਲ ਵਿੱਚ 1928-29 ਵਿੱਚ ਮਨਜ਼ੂਰੀ ਮਿਲੀ ਸੀ। ਉਸ ਸਮੇਂ ਨਿਰਮਾਣ ਕਾਰਜ ਕਾਫ਼ੀ ਅੱਗੇ ਵਧ ਚੁੱਕਾ ਸੀ ਪਰ 1930 ਦੇ ਦਹਾਕੇ ਦੀ ਸ਼ੁਰੂਆਤ ਵਿੱਚ ਇਸ ਨੂੰ ਬੰਦ ਕਰ ਦਿੱਤਾ ਗਿਆ ਸੀ।

## ਡੀਆਈਜੀ ਪਰਮਿੰਦਰ ਸਿੰਘ ਦਾ ਸਰਕਾਰੀ...

ਮ੍ਰਿਤਕ ਦੇਹ ਨੂੰ ਉਨ੍ਹਾਂ ਦੀ ਧਰਮਪਤਨੀ ਸਰਬਜੀਤ ਕੌਰ ਅਤੇ ਦੋਵੇਂ ਪੁੱਤਰਾਂ ਨੇ ਸਲਾਮੀ ਦੇ ਕੇ ਸਤਿਕਾਰ ਭੇਟ ਕੀਤਾ। ਇਸ ਉਪਰੰਤ ਪੂਰੇ ਸਰਕਾਰੀ ਸਨਮਾਨ ਨਾਲ ਤਿਰੰਗਾ ਉਤਾਰ ਕੇ ਉਨ੍ਹਾਂ ਦੀ ਧਰਮਪਤਨੀ ਸਰਬਜੀਤ ਕੌਰ ਦੇ ਹਵਾਲੇ ਕੀਤਾ ਗਿਆ।

# ਆਜ਼ਾਦੀ ਦੀ ਰੱਖਿਆ ਅਤੇ ਦੇਸ਼ ਦੀ ਅਖੰਡਤਾ ਲਈ ਹਰ ਨਾਗਰਿਕ ਆਪਣਾ ਫਰਜ਼ ਨਿਭਾਏ: ਹਰਮੀਤ ਸਿੰਘ ਕਾਲਕਾ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਇਕ ਸੰਦੇਸ਼ ਵਿੱਚ 80ਵੇਂ ਸੁਤੰਤਰਤਾ ਦਿਵਸ ਮੌਕੇ ਸਮੂਹ ਦੇਸ਼ ਵਾਸੀਆਂ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ, ਅਖੰਡਤਾ, ਏਕਤਾ ਅਤੇ ਪ੍ਰਭੂਸੱਤਾ ਦੀ ਰੱਖਿਆ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਸਮੂਹ ਆਜ਼ਾਦੀ ਸੰਗਰਾਮੀਆਂ ਨੂੰ ਸਨਿਮਰ ਸਿਜਦਾ ਵੀ ਭੇਂਟ ਕੀਤਾ। ਸਰਦਾਰ ਕਾਲਕਾ ਨੇ ਕਿਹਾ ਕਿ ਭਾਰਤ ਦੀ ਆਜ਼ਾਦੀ ਅਣਗਿਣਤ ਦੇਸ਼ ਭਗਤਾਂ, ਯੋਧਿਆਂ ਅਤੇ ਸੂਰਬੀਰਾਂ ਦੀਆਂ ਮਹਾਨ ਕੁਰਬਾਨੀਆਂ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਨੇ ਆਪਣੇ ਨਿੱਜੀ ਸੁੱਖਾਂ ਦੀ ਪ੍ਰਵਾਹ ਕੀਤੇ ਬਿਨਾਂ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕੀਤਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਆਜ਼ਾਦੀ ਦਾ ਰਾਹ ਪੱਧਰਾ ਕੀਤਾ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਵੀ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਵੱਡੀਆਂ ਕੁਰਬਾਨੀਆਂ ਦਿੱਤੀਆਂ ਅਤੇ ਆਪਣੀ ਦੇਸ਼ ਭਗਤੀ ਦੀ ਵਿਲੱਖਣ ਮਿਸਾਲ ਕਾਇਮ ਕੀਤੀ। ਉਨ੍ਹਾਂ ਕਿਹਾ ਕਿ ਸੁਤੰਤਰਤਾ ਦਿਵਸ ਸਿਰਫ਼ ਖੁਸ਼ੀ ਮਨਾਉਣ ਦਾ ਦਿਨ ਨਹੀਂ, ਸਗੋਂ ਇਹ ਸਾਨੂੰ ਆਪਣੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਨ, ਦੇਸ਼ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਅਤੇ ਰਾਸ਼ਟਰੀ ਏਕਤਾ ਨੂੰ ਹੋਰ ਮਜ਼ਬੂਤ ਕਰਨ ਦੀ ਪ੍ਰੇਰਣਾ ਵੀ ਦਿੰਦਾ ਹੈ। ਸਰਦਾਰ ਕਾਲਕਾ ਨੇ ਕਿਹਾ ਕਿ ਦੇਸ਼ ਦੀ ਤਰੱਕੀ ਅਤੇ ਮਜ਼ਬੂਤੀ ਲਈ ਹਰ ਨਾਗਰਿਕ ਨੂੰ ਆਪਸੀ ਭਾਈਚਾਰਾ, ਸਦਭਾਵਨਾ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਦੇਸ਼ ਦੇ ਸੁਨਹਿਰੇ ਭਵਿੱਖ ਲਈ ਸਿੱਖਿਆ, ਮਿਹਨਤ, ਇਮਾਨਦਾਰੀ ਅਤੇ ਸਮਾਜ ਸੇਵਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ। ਉਨ੍ਹਾਂ ਕਿਹਾ ਕਿ ਆਓ, ਇਸ ਪਵਿੱਤਰ ਦਿਹਾੜੇ 'ਤੇ ਅਸੀਂ ਸਾਰੇ ਇਹ ਦ੍ਰਿੜ੍ਹ ਇਰਾਦੇ ਕਰੀਏ ਕਿ ਦੇਸ਼ ਦੀ ਏਕਤਾ, ਅਖੰਡਤਾ, ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਵਾਂਗੇ ਅਤੇ ਮਹਾਨ ਆਜ਼ਾਦੀ ਸੰਗਰਾਮੀਆਂ ਦੀਆਂ ਕੁਰਬਾਨੀਆਂ ਨੂੰ ਸਦਾ ਯਾਦ ਰੱਖਾਂਗੇ।



'ਜ਼ਿਕਰ ਪੰਜਾਬ' ਨੂੰ
ਲੋੜ ਹੈ
ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸਬਿਆਂ ਤੋਂ ਤਜ਼ਰਬੇਕਾਰ ਪੜ੍ਹੇ-ਲਿਖੇ ਪੱਤਰਕਾਰਾਂ ਦੀ
ਸੰਪਰਕ:-
9815024577
E-mail:
zikarpunjab44@gmail.com

ਸੰਪਾਦਕੀ

# ਭਗਵੰਤ ਮਾਨ ਸਰਕਾਰ ਦਾ ਆਮ ਆਦਮੀ ਲਈ ਖਾਸ ਤੋਹਫ਼ਾ



ਪੰਜਾਬ ਦੇ ਲੋਕਾਂ ਲਈ ਖੁਸ਼ਖਬਰੀ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸਟੇਟ ਟਰਾਂਸਪੋਰਟ ਪ੍ਰਣਾਲੀ ਨੂੰ ਨਵੀਂ ਉਡਾਨ ਦੇਣ ਦਾ ਇਤਿਹਾਸਕ ਫੈਸਲਾ ਲਿਆ ਹੈ।ਆਉਣ ਵਾਲੇ ਇੱਕ ਮਹੀਨੇ 'ਚ 100 ਵਿਸ਼ਵ ਪੱਧਰੀ 'ਪੀ. ਆਰ. ਟੀ. ਸੀ. ਜੂਨੀਅਰ' ਬੱਸਾਂ ਪੰਜਾਬ ਦੀਆਂ ਸੜਕਾਂ 'ਤੇ ਦੌੜਦੀਆਂ ਨਜ਼ਰ ਆਉਣਗੀਆਂ। ਇਸ ਫੈਸਲੇ ਨੂੰ ਸਿਰਫ਼ ਬੱਸਾਂ ਖਰੀਦਣ ਦਾ ਹੀ ਫੈਸਲਾ ਨਹੀਂ, ਸਗੋਂ ਅਸੀਂ ਪੇਂਡੂ ਪੰਜਾਬ ਦੇ ਹਰ ਨਾਗਰਿਕ ਨੂੰ ਮਾਣ ਨਾਲ ਸਫ਼ਰ ਕਰ ਸਕਣ ਦਾ ਮਾਣ ਦੇਣ ਦਾ ਫੈਸਲਾ ਕਹਾਂਗੇ। ਪਿਛਲੀਆਂ ਸਰਕਾਰਾਂ ਦੇ ਸਮੇਂ ਸਰਕਾਰੀ ਬੱਸਾਂ ਦਾ ਬੇੜਾ ਲਗਾਤਾਰ ਘਟਦਾ ਗਿਆ ਹੈ ਪਰ ਭਗਵੰਤ ਮਾਨ ਸਰਕਾਰ ਨੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰੀ ਸੇਵਾਵਾਂ ਨੂੰ ਮੁੜ ਮਜ਼ਬੂਤ ਕੀਤਾ ਜਾਵੇਗਾ ਤੇ ਹੁਣ ਉਸੇ ਵਾਅਦੇ ਦਾ ਨਤੀਜਾ ਹੈ ਕਿ ਪੰਜਾਬ ਨੂੰ ਕੁੱਲ 1,279 ਨਵੀਆਂ ਸਰਕਾਰੀ ਬੱਸਾਂ ਮਿਲਣ ਜਾ ਰਹੀਆਂ ਹਨ। ਇਹ ਪਿਛਲੇ 20 ਸਾਲਾਂ 'ਚ ਸਰਕਾਰੀ ਆਵਾਜਾਈ ਦਾ ਸਭ ਤੋਂ ਵੱਡਾ ਵਿਸਥਾਰ ਹੈ। ਇਸ ਤੋਂ ਸਾਫ਼ ਹੈ ਕਿ ਮੌਜੂਦਾ ਸਰਕਾਰ ਦਾ ਫੋਕਸ ਜ਼ਮੀਨੀ ਪੱਧਰ 'ਤੇ ਕੰਮ ਕਰਨ 'ਤੇ ਹੈ। 'ਪੀ.ਆਰ.ਟੀ.ਸੀ. ਜੂਨੀਅਰ' ਬੱਸਾਂ ਖਾਸ ਤੌਰ 'ਤੇ ਪੇਂਡੂ ਰੂਟਾਂ ਲਈ ਵਰਦਾਨ ਸਾਬਤ ਹੋਣਗੀਆਂ। ਜਿਸ ਤਰ੍ਹਾਂ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਰਕਾਰ ਦੇ ਇਸ ਫੈਸਲੇ ਦਾ ਐਲਾਨ ਕਰਦਿਆਂ ਦਸਿਐ ਕਿ ਇਸ ਨਾਲ ਵਿਦਿਆਰਥੀਆਂ ਨੂੰ ਸਕੂਲ-ਕਾਲਜ ਜਾਣ 'ਚ, ਮਰੀਜ਼ਾਂ ਨੂੰ ਹਸਪਤਾਲ ਪਹੁੰਚਣ 'ਚ ਅਤੇ ਆਮ ਲੋਕਾਂ ਨੂੰ ਰੋਜ਼ਮਰ੍ਹਾ ਦੇ ਕੰਮਾਂ ਲਈ ਬਹੁਤ ਰਾਹਤ ਮਿਲੇਗੀ, ਕਿਰਾਇਆ ਵੀ ਸਸਤਾ ਹੋਵੇਗਾ ਅਤੇ ਸਫ਼ਰ ਵੀ ਸੁਰੱਖਿਅਤ, ਇਸ ਨੂੰ ਸਰਕਾਰ ਦਾ ਆਮ ਆਦਮੀ ਲਈ ਖਾਸ ਤੋਹਫ਼ਾ ਹੀ ਕਹਾਂਗੇ। ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਇਹ ਸਪਸ਼ਟ ਹੁੰਦਾ ਹੈ ਕਿ ਜੇ ਸਰਕਾਰ ਦੀ ਨੀਅਤ ਸਾਫ਼ ਹੋਵੇ ਤਾਂ ਸਰਕਾਰੀ ਖਜ਼ਾਨੇ ਦਾ ਪੈਸਾ ਲੋਕਾਂ ਦੀ ਭਲਾਈ 'ਤੇ ਹੀ ਖਰਚ ਹੁੰਦਾ ਹੈ। ਨਵੀਆਂ ਬੱਸਾਂ ਦਾ ਇਹ ਐਲਾਨ ਪੰਜਾਬ ਦੀ ਆਵਾਜਾਈ ਕ੍ਰਾਂਤੀ ਦੀ ਸ਼ੁਰੂਆਤ ਹੈ।

**- ਅਸ਼ਵਨੀ ਜੇਤਲੀ**

# ਐਮਐਸਐਮਈ ਈਕੋਸਿਸਟਮ ਨੂੰ ਮਜ਼ਬੂਤ ਕਰਨ ਲਈ ਸੁਧਾਰਾਂ ਦਾ ਅਗਲਾ ਪੜਾਅ

ਜ਼ਿਕਰ ਪੰਜਾਬ

ਸੰਸਦ ਦੇ ਦੋਵਾਂ ਸਦਨਾਂ ਦੁਆਰਾ 'ਮਾਈਕ੍ਰੋ, ਸਮਾਲ ਐਂਡ ਮੀਡੀਅਮ ਐਂਟਰਪ੍ਰਾਈਜੇਜ ਡਿਵੈਲਪਮੈਂਟ (ਸੋਧ) ਬਿਲ, 2026' ਦਾ ਪਾਸ ਹੋਣਾ, ਤੇਜ਼ੀ ਨਾਲ ਵਿਕਸਿਤ ਹੋ ਰਹੇ ਈਕੋਸਿਸਟਮ ਦੇ ਅਨੁਸਾਰ MSME ਲਈ ਭਾਰਤ ਦੇ ਕਾਨੂੰਨੀ ਢਾਂਚੇ ਨੂੰ ਲਿਆਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਮੂਲ ਐਕਟ ਤੋਂ ਬਾਅਦ ਦੋ ਦਹਾਕਿਆਂ ਵਿੱਚ, ਲੱਖਾਂ ਉੱਦਮ ਰਸਮੀ ਅਰਥਵਿਵਸਥਾ ਦਾ ਹਿੱਸਾ ਬਣੇ ਹਨ ਅਤੇ MSME ਰਾਸ਼ਟਰੀ ਵਿਕਾਸ, ਨਿਰਯਾਤ ਅਤੇ ਰੁਜ਼ਗਾਰ ਪੈਦਾ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਦੇਣ ਵਾਲਾ ਬਣ ਗਿਆ ਹੈ। ਇਸ ਸੋਧ ਦਾ ਉਦੇਸ਼ MSME ਈਕੋਸਿਸਟਮ ਨੂੰ ਜ਼ਿਆਦਾ ਸੰਵੇਦਨਸ਼ੀਲ ਅਤੇ ਭਰੋਸੇ 'ਤੇ ਅਧਾਰਿਤ ਬਣਾਉਣਾ ਹੈ। ਇਸ ਨਾਲ ਰਜਿਸਟ?ਰੇਸ਼ਨ ਅਸਾਨ ਹੋਵੇਗਾ, ਵਰਗੀਕਰਣ ਲਚਕਦਾਰ ਹੋਵੇਗਾ, ਕ੍ਰੈਡਿਟ ਤੱਕ ਪਹੁੰਚ ਅਤੇ ਸਮੇਂ ਸਿਰ ਭੁਗਤਾਨ ਅਸਾਨ ਹੋਵੇਗਾ, ਵਿਵਾਦਾਂ ਦਾ ਨਿਪਟਾਰਾ ਡਿਜੀਟਲ ਅਤੇ ਤੇਜ਼ ਹੋਵੇਗਾ ਅਤੇ ਰੈਗੂਲੇਟਰੀ ਦਾ ਪਾਲਣ ਕਰਨਾ ਘੱਟ ਮੁਸ਼ਕਿਲ ਹੋਵੇਗਾ।

ਇਸ ਸੋਧ ਵਿੱਚ ਉੱਦਮਾਂ ਦੇ ਮੁਫਤ ਅਤੇ ਸਵੈ-ਇੱਛਾ ਨਾਲ ਰਜਿਸਟ?ਰੇਸ਼ਨ ਲਈ ਇੱਕ ਨੈਸ਼ਨਲ ਡਿਜੀਟਲ ਪਲੇਟਫਾਰਮ ਦੀ ਵਿਵਸਥਾ ਕੀਤੀ ਗਈ ਹੈ। ਇਸ ਨਾਲ ਰੁਕਾਵਟਾਂ ਦੂਰ ਹੋਣਗੀਆਂ ਅਤੇ ਸਰਕਾਰ ਨੂੰ ਬਿਹਤਰ ਤਰੀਕੇ ਨਾਲ ਫਾਇਦਾ ਪਹੁੰਚਾਉਣ ਵਿੱਚ ਵੀ ਮਦਦ ਮਿਲੇਗੀ। ਇਸ ਐਕਟ ਤਹਿਤ ਰਜਿਸਟ੍ਰੇਸ਼ਨ ਇੱਕ ਅਧਿਕਾਰ ਹੈ, ਜਿਸ ਦਾ ਦਾਅਵਾ ਕੋਈ ਵੀ ਕੰਪਨੀ ਕਰ ਸਕਦੀ ਹੈ, ਇਹ ਕੋਈ ਜ਼ਿੰਮੇਵਾਰੀ ਨਹੀਂ ਹੈ।

ਇਹ ਸੋਧ ਪਲਾਂਟ, ਮਸ਼ੀਨਰੀ ਜਾਂ ਉਪਕਰਣਾਂ ਵਿੱਚ ਨਿਵੇਸ਼ ਅਤੇ ਕਾਰੋਬਾਰ ਦੇ ਸੰਯੁਕਤ ਮਾਪਦੰਡਾਂ ਦੇ ਅਧਾਰ 'ਤੇ ਉੱਦਮਾਂ ਦੇ ਵਰਗੀਕਰਣ ਲਈ ਇੱਕ ਸਪਸ਼ਟ ਢਾਂਚਾ ਵੀ ਪ੍ਰਦਾਨ ਕਰਦਾ ਹੈ। ਇਹ ਵਰਗੀਕਰਣ ਢਾਂਚਾ ਤਕਨਾਲੋਜੀਆਂ, ਲਾਗਤਾਂ, ਬਜ਼ਾਰਾਂ ਅਤੇ ਬਿਜਨਸ ਮਾਡਲਾਂ ਵਿੱਚ ਆਉਣ ਵਾਲੇ ਬਦਲਾਵਾਂ ਅਨੁਸਾਰ ਤੇਜ਼ੀ ਨਾਲ ਢਾਲਿਆ ਜਾ ਸਕਦਾ ਹੈ ਅਤੇ ਇਹ ਕੇਂਦਰ ਸਰਕਾਰ ਨੂੰ ਨੋਟੀਫਿਕੇਸ਼ਨ ਰਾਹੀਂ ਇਸ ਦੀਆਂ ਸੀਮਾਵਾਂ ਨਿਰਧਾਰਤ ਕਰਨ ਦਾ ਅਧਿਕਾਰ ਦਿੰਦਾ ਹੈ।

ਜ਼ਿਆਦਾਤਰ MSME ਲਈ, ਸਭ ਤੋਂ ਵੱਡੀ ਚਿੰਤਾ ਰੈਗੂਲਰ ਕੈਸ਼ ਫਲੋ ਦੀ ਹੁੰਦੀ ਹੈ, ਕਿਉਂਕਿ ਕਿਸੇ ਛੋਟੇ ਉੱਦਮ ਦਾ ਇੱਕ ਵੀ ਭੁਗਤਾਨ ਨਾ ਮਿਲਣ ਦਾ ਵਿਆਪਕ ਅਸਰ ਬਹੁਤ ਡੂੰਘਾ ਹੁੰਦਾ ਹੈ- ਜਿਵੇਂ ਕਿ ਕਰਮਚਾਰੀਆਂ ਨੂੰ ਸਮੇਂ 'ਤੇ ਸੈਲਰੀ ਦੇਣਾ, ਕੱਚਾ ਮਾਲ ਖਰੀਦਣਾ ਅਤੇ ਅਗਲਾ ਆਰਡਰ ਲੈਣਾ। ਇਸ ਲਈ, ਪੇਮੈਂਟ ਵਿੱਚ ਦੇਰੀ ਹੋਣ ਨਾਲ ਕਾਰੋਬਾਰ ਦੇ ਕੰਮ ਕਰਨ ਅਤੇ ਅੱਗੇ ਵਧਣ ਦੀ ਸਮਰੱਥਾ 'ਤੇ ਬੁਰਾ ਅਸਰ ਪੈਂਦਾ ਹੈ। ਇਸ ਸੋਧ ਵਿੱਚ ਤਿੰਨ ਪੜਾਵਾਂ- ਰੋਕਥਾਮ, ਸਮਾਧਾਨ ਅਤੇ ਲਾਗੂ ਕਰਨਾ- ਰਾਹੀਂ ਇਸ ਸਮੱਸਿਆ ਦਾ ਸਮਾਧਾਨ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ।

ਰੋਕਥਾਮ: ਇਹ ਸੈਂਟਰਲ ਪਬਲਿਕ ਸੈਕਟਰ ਐਂਟਰਪ੍ਰਾਈਜ਼ (CPSEs) ਲਈ TReDS ਰਾਹੀਂ MSME ਨਾਲ ਸਬੰਧਿਤ ਇਨਵੌਇਸਾਂ ਦੇ ਭੁਗਤਾਨ ਅਤੇ ਜਾਣਕਾਰੀ ਦੇਣ ਨੂੰ ਲਾਜ਼ਮੀ ਬਣਾ ਕੇ ਪਾਰਦਰਸ਼ਤਾ ਲਿਆਉਂਦਾ ਹੈ। ਰਾਜ ਸਰਕਾਰਾਂ ਵੀ ਇਹੀ ਨਿਯਮ ਆਪਣੇ ਰਾਜ ਦੇ ਪਬਲਿਕ ਸੈਕਟਰ ਐਂਟਰਪ੍ਰਾਈਜ਼ 'ਤੇ ਲਾਗੂ ਕਰ ਸਕਦੀਆਂ ਹਨ। RBI ਦੇ ਕੰਟ੍ਰੋਲ ਵਾਲਾ ਡਿਜੀਟਲ ਪਲੈਟਫਾਰਮ ਹੋਣ ਕਾਰਨ, TReDS ਮਨਜ਼ੂਰ ਕੀਤੇ ਗਏ ਇਨਵੌਇਸਾਂ ਦੇ ਅਧਾਰ 'ਤੇ ਬੈਂਕਾਂ ਅਤੇ ਦੂਜੇ ਫਾਈਨੈਂਸਰਾਂ ਤੋਂ ਫਾਈਨੈਂਸਿੰਗ ਦੀ ਸੁਵਿਧਾ ਦਿੰਦਾ ਹੈ। ਇਸ ਨਾਲ ਸਪਲਾਈਰ ਨੂੰ ਪਹਿਲਾਂ ਹੀ ਪੇਮੈਂਟ ਮਿਲ ਜਾਂਦੀ ਹੈ, ਜਦੋਂ ਕਿ ਖਰੀਦਦਾਰ ਤੈਅ ਤਾਰੀਕ 'ਤੇ ਬੈਂਕ ਜਾਂ ਫਾਈਨੈਂਸਰ ਨੂੰ ਪੇਮੈਂਟ ਕਰਦਾ ਹੈ। ਇਸ ਤਰ੍ਹਾਂ, ਸਪਲਾਈਰ ਲਈ 'ਰਿਸੀਵੇਬਲ' ਲਿਕ?ਵਿਡਟੀ ਦਾ ਰਾਹ ਬਣ ਜਾਂਦਾ ਹੈ, ਜਿਸ ਨਾਲ ਐਂਟਰਪ੍ਰਾਈਜ਼ ਨੂੰ ਆਪਣੇ ਕੰਮਕਾਜ ਦਾ ਪ੍ਰਬੰਧਨ ਕਰਨ, ਬਿਲ ਦਾ ਭੁਗਤਾਨ ਕਰਨ ਅਤੇ ਕਾਰੋਬਾਰ ਨੂੰ ਅੱਗੇ ਵਧਾਉਣ ਵਿੱਚ ਅਸਾਨੀ ਹੁੰਦੀ ਹੈ।

ਸਮਾਧਾਨ: ਇਹ ਇਸ ਐਕਟ ਦੇ ਵਿਵਾਦ-ਸਮਾਧਾਨ ਢਾਂਚੇ ਨੂੰ ਹੋਰ ਮਜ਼ਬੂਤ ਕਰਦਾ ਹੈ। ਇਹ ਰਾਜ ਸਰਕਾਰਾਂ ਨੂੰ ਵਿਚੋਲਗੀ ਅਤੇ ਆਰਬੀਟ?ਰੇਸ਼ਨ ਲਈ ਵਾਧੂ 'ਮਾਈਕ੍ਰੋ ਅਤੇ ਸਮਾਲ ਐਂਟਰਪ੍ਰਾਈਜੇਜ਼ ਫੈਸਲੀਟੇਸ਼ਨ ਕਾਉਂਸਲ' ਦੀ ਸਥਾਪਨਾ ਕਰਨ ਵਿੱਚ ਸਮਰੱਥ ਬਣਾਉਂਦਾ ਹੈ। ਇਹ ਵਿਚੋਲਗੀ ਅਤੇ ਆਰਬੀਟ?ਰੇਸ਼ਨ ਲਈ ਸਮੇਂ-ਸੀਮਾ ਵੀ ਤੈਅ ਕਰਦਾ ਹੈ ਅਤੇ ਔਨਲਾਈਨ ਵਿਵਾਦ-ਸਮਾਧਾਨ ਨੂੰ ਕਾਨੂੰਨੀ ਮਾਨਤਾ ਪ੍ਰਦਾਨ ਕਰਦਾ ਹੈ। ਇਸ ਨਾਲ ਮਾਮਲਿਆਂ ਦਾ ਨਿਪਟਾਰਾ ਤੇਜ਼ੀ ਨਾਲ ਹੋਵੇਗਾ ਅਤੇ ਇੱਕ ਅਜਿਹੀ ਵਿਵਸਥਾ ਬਣੇਗੀ ਜਿਸ ਵਿੱਚ ਕੋਈ ਐਂਟਰਪ੍ਰਾਈਜ਼ ਪ੍ਰਕਿਰਿਆ ਅਤੇ ਸਮੇਂ-ਸੀਮਾ ਨੂੰ ਲੈ ਕੇ ਨਿਸ਼ਚਿਤਤਾ ਨਾਲ ਆਪਣਾ ਜਾਇਜ਼ ਦਾਅਵਾ ਪੇਸ਼ ਕਰ ਸਕੇਗੀ।



ਸ਼੍ਰੀ ਜੀਤਨ ਰਾਮ ਮਾਂਝੀ

ਲਾਗੂ ਕਰਨਾ: ਸੁਵਿਧਾ ਕੌਂਸਲਾਂ ਵੱਲੋਂ ਦਿੱਤੇ ਗਏ ਐਵਾਰਡ ਦੀ ਰਕਮ ਨੂੰ ਜ਼ਮੀਨੀ ਮਾਲੀਆ ਦੇ ਬਕਾਏ ਵਜੋਂ ਪ੍ਰਾਪਤ ਕੀਤਾ ਜਾ ਸਕਦਾ ਹੈ। ਜੇਕਰ ਕੋਈ ਖਰੀਦਦਾਰ ਕਿਸੀ ਫੈਸਲੇ ਨੂੰ ਅਦਾਲਤ ਵਿੱਚ ਚੁਣੌਤੀ ਦੇਣਾ ਚਾਹੁੰਦਾ ਹੈ, ਤਾਂ ਉਸ ਨੂੰ ਤੈਅ ਰਕਮ ਦਾ 75% ਕੋਰਟ ਵਿੱਚ ਜਮ੍ਹਾਂ ਕਰਨਾ ਹੋਵੇਗਾ ਅਤੇ ਜੇਕਰ ਇਹ ਚੁਣੌਤੀ 6 ਮਹੀਨਿਆਂ ਤੱਕ ਪੈਂਡਿੰਗ ਰਹਿੰਦੀ ਹੈ, ਤਾਂ ਕੋਰਟ ਉਸ ਜਮ੍ਹਾਂ ਕੀਤੀ ਗਈ ਰਕਮ ਵਿਚੋਂ ਅੱਧੀ ਰਕਮ ਸਪਲਾਈਰ ਨੂੰ ਦੇ ਸਕਦਾ ਹੈ। ਇਸ ਤਰ੍ਹਾਂ, ਲੰਬੇ ਸਮੇਂ ਤੱਕ ਚੱਲਣ ਵਾਲੇ ਮੁਕਦਮਿਆਂ ਦੇ ਕਾਰਨ ਸਹੀਂ ਦਾਅਵਿਆਂ ਨੂੰ ਨਕਾਰਾ ਨਹੀਂ ਕੀਤਾ ਜਾਵੇਗਾ ਅਤੇ ਕੋਰਟ ਵਿੱਚ ਲੱਗਣ ਵਾਲਾ ਸਮਾਂ ਸਿਰਫ ਖਰੀਦਦਾਰ ਦੇ ਪੱਖ ਵਿੱਚ ਹੀਂ ਨਹੀਂ ਹੋਵੇਗਾ।

ਇਹ ਸੋਧ ਉੱਦਮਾਂ ਲਈ ਨਿਯਮਾਂ ਦੀ ਪਾਲਣਾ ਦੇ ਮਾਮਲੇ ਵਿੱਚ ਵਧੇਰੇ ਸੰਤੁਲਿਤ ਅਤੇ ਭਰੋਸੇ-ਆਧਾਰਿਤ ਦ੍ਰਿਸ਼ਟੀਕੋਂ ਦੀ ਦਿਸ਼ਾ ਵਿੱਚ ਬਦਲਾਅ ਨੂੰ ਵੀ ਦਰਸਾਉਂਦੀ ਹੈ। ਮਾਮੂਲੀ ਉਲੰਘਣਾ ਲਈ ਹੁਣ ਪਹਿਲੀ ਵਾਰ ਵਿੱਚ ਸਿਰਫ ਚੇਤਾਵਨੀ ਦਿੱਤੀ ਜਾਵੇਗੀ ਅਤੇ ਅਪਰਾਧ ਦੁਹਰਾਏ ਜਾਣ 'ਤੇ ਵੱਖ-ਵੱਖ ਆਰਥਿਕ ਜੁਰਮਾਨੇ ਲਗਾਏ ਜਾ ਸਕਦੇ ਹਨ। ਨਿਯਮਾਂ ਦੇ ਪਾਲਣ ਦੀ ਪ੍ਰਕਿਰਿਆ ਨੂੰ ਜ਼ਿਆਦਾ ਅਨੁਮਾਨਯੋਗ ਅਤੇ ਘੱਟ ਗੁੰਝਲਦਾਰ ਬਣਾਉਣ ਨਾਲ ਉਦਯੋਗ ਹੁਣ ਆਪਣਾ ਧਿਆਨ ਬਿਜਨਸ ਸਥਾਪਿਤ ਕਰਨ ਅਤੇ ਉਸ ਨੂੰ ਵਧਾਉਣ 'ਤੇ ਲਗਾ ਸਕਦੇ ਹਨ। ਇਸ ਨਾਲ 'ਈਜ਼ ਆਫ ਡੂਇੰਗ ਬਿਜ਼ਨਸ' ਅਤੇ ਭਰੋਸੇ 'ਤੇ ਅਧਾਰਿਤ ਗਵਰਨਸ ਨੂੰ ਹੁਲਾਰਾ ਮਿਲਦਾ ਹੈ। ਅੰਤ ਵਿੱਚ, ਇਹ ਸੋਧ ਸੂਖਮ, ਲੱਘੂ ਅਤੇ ਦਰਮਿਆਨੇ ਉੱਦਮਾਂ ਵਿੱਚ ਭਰੋਸੇ ਦਾ ਪ੍ਰਤੀਕ ਹੈ, ਜੋ ਉਨ੍ਹਾਂ ਨੂੰ ਹੋਰ ਨਵੀਨਤਾ ਲਿਆਉਣ, ਨੌਕਰੀਆਂ ਪੈਦਾ ਕਰਨ, ਨਵੇਂ ਬਜ਼ਾਰਾਂ ਵਿੱਚ ਦਾਖਲ ਹੋਣ ਅਤੇ ਵਧੇਰੇ ਪ੍ਰਤੀਯੋਗੀ ਬਣਨ ਲਈ ਮਜ਼ਬੂਤੀ ਪ੍ਰਦਾਨ ਕਰਦਾ ਹੈ। ਇੱਕ ਵਧੇਰੇ ਮਜ਼ਬੂਤ ??ਅਤੇ ਗਤੀਸ਼ੀਲ MSME ਖੇਤਰ, ਵਿਕਸਿਤ ਭਾਰਤ ਦੇ ਟੀਚਿਆਂ ਦਾ ਇੱਕ ਮੁੱਖ ਚਾਲਕ ਹੋਵੇਗਾ।

**(ਲੇਖਕ ਸੂਖਮ, ਲੱਘੂ ਅਤੇ ਦਰਮਿਆਨੇ ਉੱਦਮਾਂ ਦੇ ਕੇਂਦਰੀ ਮੰਤਰੀ ਹਨ)**

# ਕਿੱਕਰਾਂ ਦੇ ਬੀਜ ਬੀਜ ਕੇ, ਕਿੱਥੋਂ ਭਾਲਦੇ ਬਜੌਰੀ ਦਾਖਾ

ਜ਼ਿਕਰ ਪੰਜਾਬ

ਪੁਰਾਤਨ ਸਮਿਆਂ ਦੇ ਵਿੱਚ ਲੋਕੀ ਧਰਮ ਕਰਮ ਦਾ ਜੀਵਨ ਜਿਉਂਦੇ, ਝੂਠ ਫਰੇਬ ਤੋਂ ਕੋਹਾਂ ਦੂਰ ਰਹਿੰਦੇ ਸਨ। ਪਿੰਡਾਂ ਦੇ ਵਿੱਚ ਕਈ ਕਈ ਧਾਰਮਿਕ ਸਥਾਨ ਹੁੰਦੇ, ਗੁਰਦੁਆਰੇ ਮੰਦਰ ਮਸਜਿਦ , ਡੇਰੇ ਆਦਿ। ਡੇਰਿਆਂ ਦੇ ਵਿੱਚ ਸੰਤ ਮਹਾਤਮਾ ਰਹਿੰਦੇ, ਲੋਕਾਂ ਨੂੰ ਸੱਚ ਦਾ ਜੀਵਨ ਜਿਉਣ ਦੀ ਜਾਂਚ ਦੱਸਦੇ ਸਨ। ਬਹੁਤ ਸਾਰੀਆਂ ਅਜਿਹੀਆਂ ਕਹਾਣੀਆਂ ਸੁਣਾਉਂਦੇ, ਜੋ ਕਿ ਪੁੰਨ ਪਾਪ ਦੇ ਨਾਲ ਸਬੰਧਿਤ ਹੁੰਦੀਆਂ, ਲੋਕਾਂ ਨੂੰ ਨਰਕ ਸੁਰਗ ਦੀਆਂ ਗੱਲਾਂ ਦੱਸਦੇ। ਅਜਿਹੀਆਂ ਕਹਾਣੀਆਂ ਭਾਵੇਂ ਉਹਨਾਂ ਦੀਆਂ ਆਪਣੀਆਂ ਘਾੜਿਤ ਹੁੰਦੀਆਂ ਸਨ। ਪਰ ਲੋਕੀ ਅਜਿਹੀਆਂ ਗੱਲਾਂ ਸੁਣ ਕੇ ਸਕੂਨ ਦਾ ਜੀਵਨ ਜਿਉਂਦੇ ਸਨ। ਪੰਜਾਬੀ ਦੀ ਕਹਾਵਤ ਅਨੁਸਾਰ, ਕਿੱਕਰਾਂ ਦੇ ਬੀਜ ਬੀਜਣ ਤੋਂ ਵਰਜਦੇ, ਲੋਕਾਂ ਨੂੰ ਸਮਝਾਉਂਦੇ, ਭਾਈ ਕਿੱਕਰਾਂ ਦੇ ਬੀਜ ਬੀਜਿਆਂ ਕਦੇ ਦਾਖਾ ਨਹੀਂ ਉੱਗਦੀਆਂ, ਜੀਵਨ ਦੇ ਵਿੱਚ ਸਾਨੂੰ ਕਦੇ ਵੀ ਚੰਗਿਆਈ ਦਾ ਰਸਤਾ ਨਹੀਂ ਛੱਡਣਾ ਚਾਹੀਦਾ। ਭਾਵੇਂ ਤੁਹਾਨੂੰ ਕੋਈ ਕਿੰਨਾ ਵੀ ਲਾਲਚ ਦੇਵੇ, ਪਰਮਾਤਮਾ ਦੀ ਦਰਗਾਹ ਦੇ ਵਿੱਚ ਤੁਹਾਡੇ ਕੀਤੇ ਕਾਰਜਾਂ ਦਾ ਮੁੱਲ ਪੈਣਾ ਹੈ, ਉੱਥੇ ਅਮਲਾਂ ਦੇ ਨਿਬੇੜੇ ਹੋਣੇ ਨੇ, ਕਿਸੇ ਨੇ ਜਾਤਾ ਦੀ ਗੱਲ ਨਹੀਂ ਕਰਨੀ । ਲੋਕਾਂ ਨੂੰ ਸੱਚੀ ਸੁੱਚੀ ਕਿਰਤ ਕਰਨ ਦਾ ਹੋਕਾ ਦਿੰਦੇ। ਮੇਰੇ ਚੇਤੇ ਹੈ ਕਿ ਸਾਡੇ ਪਿੰਡ ਦੇ ਵਿੱਚ ਇੱਕ ਬਰਕਤ ਕੁਟੀਆ ਹੈ। ਜਿਸ ਦੇ ਵਿੱਚ ਸੰਤ ਮਹਾਤਮਾ ਆਉਂਦੇ ਰਹਿੰਦੇ ਸਨ। ਸ਼ਾਮ ਨੂੰ ਕਥਾ ਹੁੰਦੀ, ਪਿੰਡ ਦੇ ਸਾਰੇ ਬਜ਼ੁਰਗ ਸਮੇਤ ਔਰਤਾਂ ਕਥਾ ਸੁਣਨ ਦੇ ਲਈ ਹਾਜ਼ਰ ਹੁੰਦੇ ਸਨ। ਸੰਤਾਂ ਮਹਾਤਮਾ ਦੀਆਂ ਗੱਲਾਂ ਲੋਕਾਂ 'ਤੇ ਪੂਰਾ ਅਸਰ ਕਰਦੀਆਂ, ਲੋਕਾਂ ਨੂੰ ਸੱਚ ਤੇ ਚੱਲਣ ਦਾ ਰਸਤਾ ਦੱਸਦੀਆਂ ਸਨ। ਲੋਕੀ ਸੰਤਾਂ ਦੀਆਂ ਗੱਲਾਂ ਨੂੰ ਆਪਣੇ ਲੜ ਬੰਨ ਲੈਂਦੇ । ਸੰਤਾਂ ਦੇ ਦਿੱਤੇ ਸਦਾਚਾਰਕ ਉਪਦੇਸ਼ ਲੋਕਾਂ ਦੀ ਜ਼ਿੰਦਗੀ ਦੇ ਰਾਹ ਨੂੰ ਰੁਸਨਾਉਂਦੇ, ਕਿਉਂਕਿ ਉਹ ਥੋੜੇ ਸਾਧਨਾਂ ਦੇ ਨਾਲ ਜੀਵਨ ਜਿਉਣ ਦੀ ਜਾਂਚ ਦੱਸਦੇ ਸਨ। ਉਹ ਬਾਬਾ ਫਰੀਦ ਜੀ ਦੇ ਸ਼ਬਦ ਰੁੱਖੀ ਸੁੱਖੀ ਖਾਣ ਦੀ ਗੱਲ ਕਰਦੇ , ਕਿ ਭਾਈ ਪਰਾਈਆਂ ਚੋਪੜੀਆਂ ਦੇਖ ਕੇ ਕਦੇ ਜੀ ਨਹੀਂ ਤਰਸਾਉਣਾ ਚਾਹੀਦਾ, ਠੰਡਾ ਪਾਣੀ ਪੀ ਕੇ ਪਰਮਾਤਮਾ ਦਾ ਨਾਮ ਜਪੋ। ਪਰ ਅੱਜ ਸਦਾਚਾਰਕ ਉਪਦੇਸ਼ ਭਾਵੇ ਸੋਸ਼ਲ ਮੀਡੀਆ ਦੇ ਉੱਤੇ ਬਹੁਤ ਜਿਆਦਾ ਦਿੱਤੇ ਜਾ ਰਹੇ ਹਨ। ਧਾਰਮਿਕ ਗਿਆਨ ਦਾ ਵੱਡੇ ਪੱਧਰ ਦੇ ਉੱਤੇ ਪ੍ਰਚਾਰ ਹੋ ਰਿਹਾ ਹੈ। ਪਰ ਘਟਨਾਵਾਂ ਅਜਿਹੀਆਂ ਵਾਪਰ ਰਹੀਆਂ ਹਨ, ਕਿ ਇੰਜ ਲੱਗਦਾ ਹੈ। ਜਿਵੇਂ ਲੋਕਾਂ ਦਾ ਧਰਮ ਤੋਂ ਵਿਸ਼ਵਾਸ਼ ਉੱਠ ਗਿਆ ਹੋਵੇ। ਚੋਰੀ ਸ਼ਬਦ ਅਧਿਕਾਰ ਬਣਦਾ ਜਾ ਰਿਹਾ ਹੈ। ਵੱਡੇ ਪੱਧਰ ਤੇ ਲੋਕੀ ਬਿਜਲੀ ਚੋਰੀ,ਪਾਣੀ ਚੋਰੀ, ਅਤੇ ਹੋਰ ਪਤਾ ਨਹੀਂ ਕਿੰਨੇ ਕਿਸਮ ਦੀ ਚੋਰੀ ਕਰ ਰਹੇ ਹਨ। ਸਾਡੇ ਖਾਣ ਪੀਣ ਦੀਆਂ ਚੀਜ਼ਾਂ ਦੇ ਵਿੱਚ ਵੱਡੇ ਪੱਧਰ ਤੇ ਮਿਲਾਵਟ ਹੋ ਰਹੀ ਹੈ। ਮਿਲਾਵਟ ਵੀ ਉਹ ਜਿਸ ਨਾਲ ਸਾਡੇ ਸਰੀਰ ਨਕਾਰਾ ਹੋ ਰਹੇ ਹਨ। ਅੰਮ੍ਰਿਤ ਵਰਗੇ ਦੁੱਧ ਵਿੱਚ ਯੂਰੀਆ ਘੋਲਣਾ, ਕੈਮੀਕਲਾਂ ਤੋਂ ਦੁੱਧ ਤਿਆਰ ਕਰਨਾ, ਦਹੀ ਪਨੀਰ ਸਭ ਕੁੱਝ ਜਹਿਰੀ ਹੋ ਗਿਆ। ਲੋਕਾਂ 'ਚ ਪੁੰਨ ਪਾਪ ਦਾ ਡਰ ਨਹੀਂ ਰਿਹਾ, ਅੱਗੇ ਲੋਕੀ ਹਰ ਕੰਮ ਕਰਨ ਤੋਂ ਪਹਿਲਾਂ, ਇਹ ਸੋਚਦੇ ਸਨ। ਕਿ ਪਰਮਾਤਮਾ ਦੇਖੀ ਕਿਤੇ ਮੇਰੇ ਕੋਲੋ ਪਾਪ ਨਾ ਹੋ ਜਾਵੇ, ਪਰ ਅੱਜ ਕੋਈ ਚਿੰਤਾ ਨਹੀਂ । ਕਈ ਵਾਰੀ ਇੰਝ ਸੋਚਦੇ ਹਾਂ, ਕਿ ਅਸੀਂ ਉਸ ਟਾਹਣੇ ਨੂੰ ਕੱਟਣ ਲੱਗੇ ਹੋਏ ਹਾਂ, ਜਿਸ ਤੇ ਖੁਦ ਬੈਠੇ ਹਾਂ। ਕੈਮੀਕਲ ਪਾ ਕੇ ਅਸੀਂ ਆਪਣੀਆਂ ਨਸਲਾਂ ਤੇ ਫਸਲਾਂ ਖੁਰਾਬ ਕਰ ਰਹੇ ਹਾਂ, ਜਿਸ ਦਾ ਖਮਿਆਜਾ ਅਸੀਂ ਆਪ ਭੁਗਤ ਰਹੇ ਹਾਂ। ਜਦੋਂ ਲੋਕੀ ਚਿੱਟਾ ਵੇਚਣ ਨੂੰ ਆਪਣਾ ਕਾਰੋਬਾਰ ਸਮਝਣ ਲੱਗ ਪੈਣ, ਤਾਂ ਰੱਬ ਹੀ ਰਾਖਾ ਹੈ। ਭਲਿਓ ਅੱਜ ਲੋਕਾਂ ਦੇ ਬੱਚਿਆਂ ਨੂੰ ਇਸ ਮਾੜੇ ਨਸ਼ੇ ਤੇ ਲਾ ਰਹੇ ਹੋ, ਤਾਂ ਕੀ ਇਹ ਅੱਗ ਤੁਹਾਡੇ ਘਰ ਨਹੀਂ ਆਵੇਗੀ। ਕਈ ਵਾਰ ਲੱਗਦਾ ਹੈ, ਕਿ ਜਿਹੜੇ ਕਲਯੁਗ ਦੀਆਂ ਗੱਲਾਂ ਸੰਤ ਮਹਾਤਮਾ ਆਪਣੀਆਂ ਕਥਾਵਾ ਦੇ ਵਿੱਚ ਕਰਦੇ ਸਨ, ਅੱਜ ਉਹ ਕਲਯੁਗ ਸਾਡੀਆਂ ਅੱਖਾਂ ਦੇ ਸਾਹਮਣੇ ਵਾਪਰ ਰਿਹਾ ਹੈ। ਰਿਸ਼ਤਿਆਂ ਦੇ ਵਿੱਚੋਂ ਪਿਆਰ ਮੁਹੱਬਤ ਅਲੋਪ ਹੋ ਗਿਆ, ਭਰਾ ਭਰਾ ਦਾ ਵੈਰੀ ਹੋ ਰਿਹਾ ਹੈ। ਕੋਠੀਆਂ ਵੱਡੀਆਂ ਬਣ ਗਈਆਂ, ਪਰ ਰਾਤ ਰਹਿਣ ਵਾਲਾ ਕੋਈ ਰਿਸ਼ਤੇਦਾਰ ਨਹੀਂ, ਕਮਰੇ ਖਾਲੀ ਪਏ ਨੇ, ਘਰ ਦੇ ਜੀਆਂ ਨੂੰ ਇੱਕਲਤਾਂ ਨੇ ਖਾ ਲਿਆ, ਹਰ ਬੰਦੇ ਦਾ ਸਹਾਰਾ ਫੋਨ ਰਹਿ ਗਿਆ। ਬੱਚੇ ਤੋਂ ਲੈ ਕੇ ਬਜ਼ੁਰਗ ਤੱਕ ਸਭ ਫੋਨ ਦੀ ਗ੍ਰਿਫਤ ਵਿੱਚ ਹਨ। ਸੱਚੀ ਸੁੱਚੀ ਕਿਰਤ ਕਰਨ ਵਾਲੇ ਪੰਜਾਬੀ, ਅੱਜ ਯੂਟਿਊਬਰ ਬਣ ਰਹੇ ਨੇ। ਜਿਸ ਘਰ ਵਿੱਚ ਕਿਤਾਬ ਹੋਣੀ ਚਾਹੀਦੀ ਸੀ, ਉਹ ਥਾਂ ਰੀਲਾਂ ਬਣਾਉਣ ਨੇ ਲੈ ਲਈ, ਅਖਬਾਰ ਅਤੇ ਕਿਤਾਬਾਂ ਤੋਂ ਅਸੀਂ ਕੋਹਾਂ ਦੂਰ ਹੋ ਗਏ। ਸੱਚਮੁੱਚ ਇੰਝ ਲੱਗ ਰਿਹਾ ਹੈ, ਕਿ ਅੱਜ ਅਸੀਂ ਕਿੱਕਰਾਂ ਦੇ ਬੀਜ ਬੀਜ ਕੇ ਬਜੌਰੀ ਦਾਖਾਂ ਭਾਲ ਰਹੇ ਹਾਂ। ਇਹ ਸੰਭਵ ਨਹੀਂ, ਦਾਖਾਂ ਦੇ ਬੀਜ ਬੀਜਣੇ ਪੈਣਗੇ। ਅੰਤ ਦੇ ਵਿੱਚ ਮੇਰੇ ਪੰਜਾਬ ਦੇ ਮਕਬੂਲ ਗਾਇਕ ਬੱਬੂ ਮਾਨ ਦਾ ਗੀਤ ਜੋ ਅੱਜ ਦੀ ਨੌਜਵਾਨੀ ਦੀ ਤਸਵੀਰ ਪੇਸ ਕਰਦਾ ਹੈ, ਚੇਤੇ ਆ ਗਿਆ...



**ਬਾਪੂ ਕਿੱਲਾ ਗਹਿਣੇ ਕਰਦੇ,**
**ਰੈਲੀ ਕਰਵਾਉਣੀ ਐ,**
**ਪਿੱਛੇ ਨੂੰ ਮੂੰਹ ਕਰਕੇ,**
**ਫੋਟੋ ਅਖਬਾਰ 'ਚ ਲਾਉਣੀ ਐ,**

**ਹਰਸੰਤ ਸਿੰਘ ਢੀਂਡਸਾ**
**ਮੋਬਾਇਲ : 98781-97000**

# ਪੰਜਾਬ ਵਿੱਚ ਕਿਉਂ ਵਧ ਰਿਹਾ ਜੋੜਾਂ ਦਾ ਦਰਦ?

ਜ਼ਿਕਰ ਪੰਜਾਬ

ਕਦੇ ਪੰਜਾਬ ਦੀ ਪਛਾਣ ਤੰਦਰੁਸਤ, ਮਿਹਨਤੀ ਅਤੇ ਹੱਡ-ਪੈਰਾਂ ਵਾਲੇ ਲੋਕਾਂ ਦੀ ਧਰਤੀ ਵਜੋਂ ਹੁੰਦੀ ਸੀ। ਪੰਜਾਬੀ ਬੰਦਾ ਸਵੇਰੇ ਤੋਂ ਸ਼ਾਮ ਤੱਕ ਖੇਤਾਂ ਵਿੱਚ ਮਿਹਨਤ ਕਰਦਾ, ਪੈਦਲ ਤੁਰਦਾ, ਸਾਈਕਲ ਚਲਾਉਂਦਾ ਅਤੇ ਸਰੀਰਕ ਮਿਹਨਤ ਨੂੰ ਆਪਣੀ ਜ਼ਿੰਦਗੀ ਦਾ ਸੁਭਾਵਿਕ ਹਿੱਸਾ ਸਮਝਦਾ ਸੀ। ਪਰ ਅੱਜ ਪੰਜਾਬ ਦੀ ਜੀਵਨ-ਸ਼ੈਲੀ ਬਦਲ ਗਈ ਹੈ। ਘਰਾਂ ਵਿੱਚ ਸਹੂਲਤਾਂ ਵਧੀਆਂ ਹਨ, ਖੇਤੀ ਵਿੱਚ ਮਸ਼ੀਨਾਂ ਆਈਆਂ ਹਨ, ਆਵਾਜਾਈ ਆਸਾਨ ਹੋਈ ਹੈ ਅਤੇ ਮੋਬਾਈਲ-ਕੰਪਿਊਟਰ ਨੇ ਜੀਵਨ ਨੂੰ ਕੁਰਸੀ ਨਾਲ ਜੋੜ ਦਿੱਤਾ ਹੈ। ਇਸ ਬਦਲਾਅ ਦੇ ਨਾਲ ਇੱਕ ਹੋਰ ਤਬਦੀਲੀ ਵੀ ਆਈ ਹੈ ਜੋੜਾਂ, ਗੋਡਿਆਂ, ਕਮਰ, ਗਰਦਨ ਅਤੇ ਮੋਢਿਆਂ ਦੇ ਦਰਦ ਦੀਆਂ ਸ਼ਿਕਾਇਤਾਂ ਹੁਣ ਬਹੁਤ ਆਮ ਹੋ ਗਈਆਂ ਹਨ।

ਇਸੇ ਲਈ ਕਈ ਵਾਰ ਪੰਜਾਬ ਦੀ ਮੌਜੂਦਾ ਸਿਹਤ-ਤਸਵੀਰ ਨੂੰ ਵੇਖਦਿਆਂ ਇਹ ਕਹਿਣ ਨੂੰ ਜੀਅ ਕਰਦਾ ਹੈ ਕਿ ਪੰਜਾਬ 'ਜੋੜਾਂ ਦੇ ਦਰਦ ਦੀ ਰਾਜਧਾਨੀ' ਬਣਦਾ ਜਾ ਰਿਹਾ ਹੈ। ਭਾਵੇਂ ਇਹ ਕੋਈ ਅਧਿਕਾਰਤ ਡਾਕਟਰੀ ਜਾਂ ਅੰਕੜਿਆਂ ਵਾਲੀ ਉਪਾਧੀ ਨਹੀਂ, ਪਰ ਇਹ ਉਪਮਾ ਇੱਕ ਗੰਭੀਰ ਸਮੱਸਿਆ ਵੱਲ ਇਸ਼ਾਰਾ ਜ਼ਰੂਰ ਕਰਦੀ ਹੈ। ਭਾਰਤ ਵਿੱਚ ਕੀਤੇ ਗਏ ਵੱਡੇ ਅਧਿਐਨਾਂ ਨੇ ਵੀ ਮਾਸਪੇਸ਼ੀਆਂ, ਹੱਡੀਆਂ ਅਤੇ ਜੋੜਾਂ ਨਾਲ ਸਬੰਧਤ ਸਮੱਸਿਆਵਾਂ ਦੇ ਵੱਡੇ ਪੱਧਰ 'ਤੇ ਹੋਣ ਦੀ ਪੁਸ਼ਟੀ ਕੀਤੀ ਹੈ। ਇੱਕ ਤਾਜ਼ਾ ਰਾਸ਼ਟਰੀ ਅਧਿਐਨ ਵਿੱਚ 56 ਹਜ਼ਾਰ ਤੋਂ ਵੱਧ ਲੋਕਾਂ ਦੀ ਜਾਂਚ ਦੌਰਾਨ ਲਗਭਗ 16 ਫ਼ੀਸਦੀ ਲੋਕਾਂ ਵਿੱਚ ਮਾਸਪੇਸ਼ੀ-ਹੱਡੀ ਪ੍ਰਣਾਲੀ ਨਾਲ ਸਬੰਧਤ ਸਮੱਸਿਆਵਾਂ ਮਿਲੀਆਂ, ਜਦਕਿ ਪੇਂਡੂ ਆਬਾਦੀ ਵਿੱਚ ਇਹ ਦਰ ਲਗਭਗ 20 ਫ਼ੀਸਦੀ ਸੀ। ਪੰਜਾਬ ਨਾਲ ਸਬੰਧਤ ਅੰਕੜਿਆਂ ਵਿੱਚ ਵੀ ਉਮਰ ਵਧਣ ਨਾਲ ਇਹ ਸਮੱਸਿਆ ਕਾਫ਼ੀ ਵਧਦੀ ਦਿਖਾਈ ਦਿੰਦੀ ਹੈ।

ਪਰ ਸਵਾਲ ਇਹ ਹੈ ਕਿ ਆਖ਼ਰ ਪੰਜਾਬ ਵਿੱਚ ਜੋੜਾਂ ਦਾ ਦਰਦ ਇੰਨਾ ਆਮ ਕਿਉਂ ਹੋ ਰਿਹਾ ਹੈ?

ਇਸ ਦਾ ਸਭ ਤੋਂ ਵੱਡਾ ਕਾਰਨ ਸਾਡੀ ਬਦਲ ਰਹੀ ਜੀਵਨ-ਸ਼ੈਲੀ ਹੈ। ਸਰੀਰ ਮਨੁੱਖ ਨੂੰ ਹਰਕਤ ਕਰਨ ਲਈ ਮਿਲਿਆ ਹੈ, ਪਰ ਆਧੁਨਿਕ ਜੀਵਨ ਨੇ ਉਸ ਦੀ ਹਰਕਤ ਨੂੰ ਲਗਾਤਾਰ ਘਟਾ ਦਿੱਤਾ ਹੈ। ਪਹਿਲਾਂ ਪਿੰਡਾਂ ਵਿੱਚ ਇੱਕ ਥਾਂ ਤੋਂ ਦੂਜੀ ਥਾਂ ਜਾਣ ਲਈ ਲੋਕ ਪੈਦਲ ਤੁਰਦੇ ਜਾਂ ਸਾਈਕਲ ਵਰਤਦੇ ਸਨ। ਘਰ ਦੇ ਕਈ ਕੰਮ ਹੱਥੀਂ ਹੁੰਦੇ ਸਨ। ਖੇਤ ਵਿੱਚ ਸਰੀਰਕ ਮਿਹਨਤ ਕਰਨੀ ਪੈਂਦੀ ਸੀ। ਅੱਜ ਕੁਝ ਕਦਮਾਂ ਦੀ ਦੂਰੀ ਲਈ ਵੀ ਮੋਟਰਸਾਈਕਲ ਜਾਂ ਕਾਰ ਕੱਢ ਲਈ ਜਾਂਦੀ ਹੈ। ਘਰ ਦੇ ਕੰਮਾਂ ਵਿੱਚ ਮਸ਼ੀਨਾਂ ਨੇ ਮਿਹਨਤ ਘਟਾ ਦਿੱਤੀ ਹੈ। ਖੇਤੀ ਵਿੱਚ ਟਰੈਕਟਰ, ਕੰਬਾਈਨ ਅਤੇ ਹੋਰ ਮਸ਼ੀਨਾਂ ਨੇ ਮਨੁੱਖੀ ਮਿਹਨਤ ਦੀ ਲੋੜ ਘਟਾ ਦਿੱਤੀ ਹੈ। ਇਹ ਸਹੂਲਤਾਂ ਬੇਸ਼ੱਕ ਮਨੁੱਖੀ ਜੀਵਨ ਨੂੰ ਸੌਖਾ ਬਣਾਉਂਦੀਆਂ ਹਨ, ਪਰ ਜੇ ਸਰੀਰ ਨੂੰ ਲੋੜੀਂਦੀ ਕਸਰਤ ਨਾ ਮਿਲੇ ਤਾਂ ਇਹੀ ਸਹੂਲਤਾਂ ਸਿਹਤ ਲਈ ਸਮੱਸਿਆ ਬਣ ਸਕਦੀਆਂ ਹਨ।

ਅੱਜ ਦਾ ਨੌਜਵਾਨ ਵੀ ਇਸ ਸਮੱਸਿਆ ਤੋਂ ਅਛੂਤਾ ਨਹੀਂ। ਪਹਿਲਾਂ ਬੱਚਿਆਂ ਦੀ ਜ਼ਿੰਦਗੀ ਖੇਡ ਦੇ ਮੈਦਾਨਾਂ, ਗਲੀਆਂ ਅਤੇ ਖੁੱਲ੍ਹੇ ਵਿਹੜਿਆਂ ਵਿੱਚ ਲੰਘਦੀ ਸੀ। ਹੁਣ ਬੱਚਿਆਂ ਦੇ ਹੱਥ ਵਿੱਚ ਮੋਬਾਈਲ ਹੈ ਅਤੇ ਅੱਖਾਂ ਸਾਹਮਣੇ ਪਰਦਾ। ਘੰਟਿਆਂ ਤੱਕ ਇੱਕੋ ਅਵਸਥਾ ਵਿੱਚ ਬੈਠੇ ਰਹਿਣਾ ਸਰੀਰ ਦੀ ਕੁਦਰਤੀ ਬਣਤਰ ਲਈ ਠੀਕ ਨਹੀਂ। ਸਕੂਲ, ਕੋਚਿੰਗ, ਮੋਬਾਈਲ, ਕੰਪਿਊਟਰ ਅਤੇ ਫਿਰ ਟੈਲੀਵਿਜ਼ਨ ਇੱਕ ਬੱਚੇ ਦਾ ਦਿਨ ਕਈ ਵਾਰ ਲਗਾਤਾਰ ਬੈਠਿਆਂ ਹੀ ਲੰਘ ਜਾਂਦਾ ਹੈ। ਜਵਾਨੀ ਵਿੱਚ ਪਹੁੰਚਦਿਆਂ ਕਈ ਨੌਜਵਾਨ ਕਮਰ, ਗਰਦਨ ਅਤੇ ਮੋਢਿਆਂ ਦੇ ਦਰਦ ਦੀ ਸ਼ਿਕਾਇਤ ਕਰਨ ਲੱਗ ਪੈਂਦੇ ਹਨ।

ਇਸ ਦੇ ਨਾਲ ਮੋਟਾਪਾ ਵੀ ਪੰਜਾਬ ਦੀ ਇੱਕ ਵੱਡੀ ਸਮੱਸਿਆ ਬਣਦਾ ਜਾ ਰਿਹਾ ਹੈ। ਵਧਿਆ ਹੋਇਆ ਭਾਰ ਸਰੀਰ ਦੇ ਜੋੜਾਂ, ਖ਼ਾਸ ਕਰਕੇ ਗੋਡਿਆਂ ਉੱਤੇ ਵਾਧੂ ਬੋਝ ਪਾਉਂਦਾ ਹੈ। ਜਿਹੜੇ ਗੋਡੇ ਸਰੀਰ ਦਾ ਭਾਰ ਸਾਲਾਂ ਤੱਕ ਚੁੱਕਦੇ ਹਨ, ਉਨ੍ਹਾਂ 'ਤੇ ਲਗਾਤਾਰ ਵਾਧੂ ਭਾਰ ਪੈਣ ਨਾਲ ਘਸਾਈ ਅਤੇ ਦਰਦ ਦੀ ਸਮੱਸਿਆ ਵਧ ਸਕਦੀ ਹੈ। ਅੱਜ ਕਈ ਲੋਕਾਂ ਨੂੰ ਪੌੜੀਆਂ ਚੜ੍ਹਨ, ਲੰਮਾ ਤੁਰਨ, ਜ਼ਮੀਨ 'ਤੇ ਬੈਠਣ ਜਾਂ ਉੱਠਣ ਵੇਲੇ ਗੋਡਿਆਂ ਵਿੱਚ ਦਰਦ ਮਹਿਸੂਸ ਹੁੰਦਾ ਹੈ। ਕਈ ਵਾਰ ਇਹ ਦਰਦ ਇੰਨਾ ਵਧ ਜਾਂਦਾ ਹੈ ਕਿ ਰੋਜ਼ਾਨਾ ਦੇ ਆਮ ਕੰਮ ਵੀ ਔਖੇ ਹੋ ਜਾਂਦੇ ਹਨ।

ਪੰਜਾਬ ਦੇ ਖਾਣ-ਪੀਣ ਦੀ ਬਦਲਦੀ ਆਦਤ ਵੀ ਇਸ ਸਾਰੀ ਤਸਵੀਰ ਦਾ ਇੱਕ ਹਿੱਸਾ ਹੈ। ਪੰਜਾਬੀ ਖਾਣੇ ਵਿੱਚ ਰਵਾਇਤੀ ਤੌਰ 'ਤੇ ਘਿਓ, ਮੱਖਣ ਅਤੇ ਦੁੱਧ ਦੀ ਵਰਤੋਂ ਹੁੰਦੀ ਰਹੀ ਹੈ, ਪਰ ਪਹਿਲਾਂ ਇਸ ਦੇ ਨਾਲ ਸਰੀਰਕ ਮਿਹਨਤ ਵੀ ਹੁੰਦੀ ਸੀ। ਅੱਜ ਜਦੋਂ ਮਿਹਨਤ ਘੱਟ ਹੋ ਗਈ ਹੈ, ਪਰ ਖਾਣ-ਪੀਣ ਦੀਆਂ ਕਈ ਪੁਰਾਣੀਆਂ ਆਦਤਾਂ ਕਾਇਮ ਹਨ, ਤਾਂ ਸਰੀਰ ਵਿੱਚ ਕੈਲੋਰੀ ਦੀ ਖਪਤ ਅਤੇ ਖ਼ਰਚ ਵਿੱਚ ਅਸੰਤੁਲਨ ਪੈਦਾ ਹੁੰਦਾ ਹੈ। ਇਸ ਵਿੱਚ ਫਾਸਟ ਫੂਡ, ਮਿੱਠੇ ਪੀਣ ਵਾਲੇ ਪਦਾਰਥ, ਬਹੁਤ ਜ਼ਿਆਦਾ ਤਲੀਆਂ ਚੀਜ਼ਾਂ ਅਤੇ ਬਾਜ਼ਾਰੀ ਖਾਣਿਆਂ ਦਾ ਵਧਦਾ ਰੁਝਾਨ ਹੋਰ ਇਜ਼ਾਫ਼ਾ ਕਰਦਾ ਹੈ।



ਕਿਸਾਨੀ ਜੀਵਨ ਦੀ ਆਪਣੀ ਵੱਖਰੀ ਕਹਾਣੀ ਹੈ। ਇਹ ਸਮਝਣਾ ਗਲਤ ਹੋਵੇਗਾ ਕਿ ਮਸ਼ੀਨੀਕਰਨ ਆਉਣ ਨਾਲ ਕਿਸਾਨ ਦਾ ਸਰੀਰਕ ਬੋਝ ਪੂਰੀ ਤਰ੍ਹਾਂ ਘਟ ਗਿਆ ਹੈ। ਕਿਸਾਨ ਅਜੇ ਵੀ ਕਈ ਅਜਿਹੇ ਕੰਮ ਕਰਦਾ ਹੈ ਜਿਨ੍ਹਾਂ ਵਿੱਚ ਲਗਾਤਾਰ ਝੁਕਣਾ, ਭਾਰ ਚੁੱਕਣਾ, ਇੱਕੋ ਅਵਸਥਾ ਵਿੱਚ ਲੰਮਾ ਸਮਾਂ ਬੈਠਣਾ ਜਾਂ ਖੜ੍ਹੇ ਰਹਿਣਾ ਸ਼ਾਮਲ ਹੈ। ਟਰੈਕਟਰ 'ਤੇ ਲੰਮਾ ਸਮਾਂ ਬੈਠਣਾ ਕਮਰ ਅਤੇ ਗਰਦਨ ਲਈ ਮੁਸ਼ਕਲ ਪੈਦਾ ਕਰ ਸਕਦਾ ਹੈ। ਖੇਤਾਂ ਵਿੱਚ ਕੰਮ ਕਰਦੇ ਮਜ਼ਦੂਰਾਂ ਨੂੰ ਵੀ ਲਗਾਤਾਰ ਝੁਕ ਕੇ ਜਾਂ ਭਾਰ ਚੁੱਕ ਕੇ ਕੰਮ ਕਰਨ ਕਾਰਨ ਕਮਰ, ਗੋਡਿਆਂ ਅਤੇ ਮੋਢਿਆਂ ਦੀਆਂ ਸਮੱਸਿਆਵਾਂ ਹੋ ਸਕਦੀਆਂ ਹਨ।

ਔਰਤਾਂ ਦੀ ਸਮੱਸਿਆ ਹੋਰ ਵੀ ਗੰਭੀਰ ਹੈ। ਘਰ ਵਿੱਚ ਸਾਰਾ ਦਿਨ ਕੰਮ ਕਰਨ ਵਾਲੀ ਔਰਤ ਨੂੰ ਅਕਸਰ 'ਤੂੰ ਤਾਂ ਘਰ ਹੀ ਰਹਿੰਦੀ ਏਂ' ਕਹਿ ਕੇ ਉਸਦੀ ਮਿਹਨਤ ਨੂੰ ਮਿਹਨਤ ਨਹੀਂ ਮੰਨਿਆ ਜਾਂਦਾ। ਰਸੋਈ ਵਿੱਚ ਲੰਮਾ ਸਮਾਂ ਖੜ੍ਹੇ ਰਹਿਣਾ, ਫਰਸ਼ 'ਤੇ ਬੈਠ ਕੇ ਕੰਮ ਕਰਨਾ, ਝੁਕਣਾ, ਕੱਪੜੇ ਧੋਣਾ, ਸਫ਼ਾਈ ਕਰਨੀ ਅਤੇ ਪਰਿਵਾਰ ਦੇ ਹਰ ਮੈਂਬਰ ਦੀ ਜ਼ਿੰਮੇਵਾਰੀ ਚੁੱਕਣੀ ਇਹ ਸਭ ਸਰੀਰ 'ਤੇ ਆਪਣਾ ਅਸਰ ਛੱਡਦੇ ਹਨ। ਉਮਰ ਵਧਣ ਨਾਲ ਹੱਡੀਆਂ ਦੀ ਕਮਜ਼ੋਰੀ ਅਤੇ ਜੋੜਾਂ ਦੀਆਂ ਸਮੱਸਿਆਵਾਂ ਹੋਰ ਵਧ ਸਕਦੀਆਂ ਹਨ। ਇਸ ਲਈ ਔਰਤਾਂ ਦੇ ਜੋੜਾਂ ਅਤੇ ਹੱਡੀਆਂ ਦੀ ਸਿਹਤ ਨੂੰ ਵੀ ਪਰਿਵਾਰਕ ਸਿਹਤ ਦਾ ਮਹੱਤਵਪੂਰਨ ਹਿੱਸਾ ਮੰਨਣਾ ਪਵੇਗਾ।

ਸਾਡੇ ਸਮਾਜ ਦੀ ਇੱਕ ਹੋਰ ਸਮੱਸਿਆ ਹੈ ਦਰਦ ਨੂੰ ਨਜ਼ਰਅੰਦਾਜ਼ ਕਰਨਾ। ਪੰਜਾਬੀ ਬੰਦਾ ਦਰਦ ਨੂੰ ਵੀ ਅਕਸਰ ਮਜ਼ਾਕ ਵਿੱਚ ਲੈ ਜਾਂਦਾ ਹੈ। 'ਕੁਝ ਨਹੀਂ, ਉਮਰ ਹੋ ਗਈ', 'ਦੋ ਦਿਨ ਮਾਲਿਸ਼ ਕਰ ਲੈ', 'ਗਰਮ ਪਾਣੀ ਨਾਲ ਸੇਕ ਕਰ ਲੈ' ਜਾਂ 'ਇੱਕ ਗੋਲੀ ਖਾ ਲੈ, ਠੀਕ ਹੋ ਜਾਊਂਗਾ' ਇਹ ਗੱਲਾਂ ਘਰ-ਘਰ ਸੁਣਨ ਨੂੰ ਮਿਲਦੀਆਂ ਹਨ। ਮਾਲਿਸ਼ ਜਾਂ ਸੇਕ ਕਈ ਹਾਲਤਾਂ ਵਿੱਚ ਆਰਾਮ ਦੇ ਸਕਦੇ ਹਨ, ਪਰ ਹਰ ਦਰਦ ਦਾ ਇਲਾਜ ਇਹ ਨਹੀਂ। ਲਗਾਤਾਰ ਜਾਂ ਵਧ ਰਹੇ ਦਰਦ ਨੂੰ ਸਮਝਣਾ ਅਤੇ ਲੋੜ ਪੈਣ 'ਤੇ ਡਾਕਟਰੀ ਜਾਂਚ ਕਰਵਾਉਣਾ ਜ਼ਰੂਰੀ ਹੈ।

ਖ਼ਾਸ ਤੌਰ 'ਤੇ ਆਪਣੀ ਮਰਜ਼ੀ ਨਾਲ ਦਰਦ-ਨਿਵਾਰਕ ਦਵਾਈਆਂ ਖਾਣ ਦੀ ਆਦਤ ਵੀ ਚਿੰਤਾਜਨਕ ਹੈ। ਦਰਦ ਦੀ ਗੋਲੀ ਦਰਦ ਨੂੰ ਕੁਝ ਸਮੇਂ ਲਈ ਦਬਾ ਸਕਦੀ ਹੈ, ਪਰ ਦਰਦ ਪੈਦਾ ਕਰਨ ਵਾਲੇ ਕਾਰਨ ਦਾ ਇਲਾਜ ਨਹੀਂ ਕਰਦੀ। ਇਸ ਲਈ ਲਗਾਤਾਰ ਦਵਾਈ ਲੈਣ ਦੀ ਥਾਂ ਦਰਦ ਦੇ ਕਾਰਨ ਨੂੰ ਜਾਣਨਾ ਜ਼ਰੂਰੀ ਹੈ।

ਇਹ ਵੀ ਸਮਝਣ ਦੀ ਲੋੜ ਹੈ ਕਿ ਹਰ ਜੋੜਾਂ ਦਾ ਦਰਦ ਗਠੀਆ ਨਹੀਂ ਹੁੰਦਾ। ਜੋੜਾਂ ਵਿੱਚ ਦਰਦ ਦੇ ਕਈ ਕਾਰਨ ਹੋ ਸਕਦੇ ਹਨ। ਉਮਰ ਨਾਲ ਜੋੜਾਂ ਦੀ ਘਸਾਈ, ਪੁਰਾਣੀ ਸੱਟ, ਮਾਸਪੇਸ਼ੀਆਂ ਦੀ ਸਮੱਸਿਆ, ਸੋਜ ਵਾਲੀਆਂ ਬਿਮਾਰੀਆਂ, ਵਧਿਆ ਹੋਇਆ ਭਾਰ ਜਾਂ ਸਰੀਰਕ ਅਸੰਤੁਲਨ ਕਈ ਕਾਰਨ ਹੋ ਸਕਦੇ ਹਨ। ਇਸ ਲਈ ਇੱਕੋ ਨੁਸਖ਼ਾ ਹਰ ਮਨੁੱਖ ਲਈ ਢੁਕਵਾਂ ਨਹੀਂ ਹੋ ਸਕਦਾ।

ਜੋੜਾਂ ਦੀ ਸਿਹਤ ਲਈ ਸਭ ਤੋਂ ਮਹੱਤਵਪੂਰਨ ਗੱਲ ਸਰੀਰਕ ਸਰਗਰਮੀ ਹੈ। ਪਰ ਇੱਥੇ ਵੀ ਸਿਆਣਪ ਦੀ ਲੋੜ ਹੈ। ਬਿਨਾਂ ਤਿਆਰੀ ਦੇ ਬਹੁਤ ਭਾਰੀ ਕਸਰਤ ਕਰਨਾ ਵੀ ਨੁਕਸਾਨਦਾਇਕ ਹੋ ਸਕਦਾ ਹੈ। ਉਮਰ ਅਤੇ ਸਰੀਰਕ ਹਾਲਤ ਦੇ ਅਨੁਸਾਰ ਤੁਰਨਾ, ਹਲਕੀ ਕਸਰਤ, ਮਾਸਪੇਸ਼ੀਆਂ ਨੂੰ ਮਜ਼ਬੂਤ ਕਰਨ ਵਾਲੀਆਂ ਕਸਰਤਾਂ ਅਤੇ ਸਰੀਰ ਦੀ ਲਚਕ ਬਣਾਈ ਰੱਖਣ ਵਾਲੀਆਂ ਗਤੀਵਿਧੀਆਂ ਲਾਭਦਾਇਕ ਹੋ ਸਕਦੀਆਂ ਹਨ। ਜਿਹੜੇ ਲੋਕ ਪਹਿਲਾਂ ਹੀ ਦਰਦ ਜਾਂ ਕਿਸੇ ਬਿਮਾਰੀ ਨਾਲ ਪੀੜਤ ਹਨ, ਉਨ੍ਹਾਂ ਨੂੰ ਡਾਕਟਰ ਜਾਂ ਸਿਖਲਾਈ ਪ੍ਰਾਪਤ ਫਿਜ਼ਿਓਥੈਰਾਪਿਸਟ ਦੀ ਸਲਾਹ ਨਾਲ ਕਸਰਤ ਕਰਨੀ ਚਾਹੀਦੀ ਹੈ।

ਵਿਸ਼ਵ ਸਿਹਤ ਸੰਗਠਨ ਅਨੁਸਾਰ ਦੁਨੀਆ ਭਰ ਵਿੱਚ ਲਗਭਗ 1.71 ਅਰਬ ਲੋਕ ਮਾਸਪੇਸ਼ੀ-ਹੱਡੀ ਨਾਲ ਸਬੰਧਤ ਬਿਮਾਰੀਆਂ ਨਾਲ ਪ੍ਰਭਾਵਿਤ ਹਨ। ਇਹ ਬਿਮਾਰੀਆਂ ਸਿਰਫ਼ ਦਰਦ ਨਹੀਂ ਦਿੰਦੀਆਂ, ਸਗੋਂ ਮਨੁੱਖ ਦੀ ਤੁਰਨ-ਫਿਰਨ ਅਤੇ ਰੋਜ਼ਾਨਾ ਕੰਮ ਕਰਨ ਦੀ ਸਮਰੱਥਾ ਨੂੰ ਵੀ ਪ੍ਰਭਾਵਿਤ ਕਰ ਸਕਦੀਆਂ ਹਨ। ਇਸ ਲਈ ਇਹ ਸਿਰਫ਼ ਵਿਅਕਤੀਗਤ ਸਿਹਤ ਦਾ ਮਸਲਾ ਨਹੀਂ, ਸਗੋਂ ਪਰਿਵਾਰ ਅਤੇ ਸਮਾਜ ਦੀ ਉਤਪਾਦਕਤਾ ਨਾਲ ਵੀ ਜੁੜਿਆ ਹੋਇਆ ਮਸਲਾ ਹੈ।

ਪੰਜਾਬ ਵਿੱਚ ਇਸ ਸਮੱਸਿਆ ਨਾਲ ਨਜਿੱਠਣ ਲਈ ਸਿਰਫ਼ ਹਸਪਤਾਲਾਂ ਅਤੇ ਦਵਾਈਆਂ ਦੀ ਗਿਣਤੀ ਵਧਾਉਣਾ ਕਾਫ਼ੀ ਨਹੀਂ। ਸਾਨੂੰ ਆਪਣੀ ਜੀਵਨ-ਸ਼ੈਲੀ ਵੱਲ ਵਾਪਸ ਦੇਖਣਾ ਪਵੇਗਾ। ਬੱਚਿਆਂ ਨੂੰ ਖੇਡਾਂ ਨਾਲ ਜੋੜਨਾ ਪਵੇਗਾ। ਸ਼ਹਿਰਾਂ ਵਿੱਚ ਪੈਦਲ ਤੁਰਨ ਅਤੇ ਸਾਈਕਲ ਚਲਾਉਣ ਲਈ ਸੁਰੱਖਿਅਤ ਥਾਵਾਂ ਬਣਾਉਣੀਆਂ ਪੈਣਗੀਆਂ। ਪਿੰਡਾਂ ਵਿੱਚ ਸਿਹਤ ਜਾਗਰੂਕਤਾ ਕੈਂਪ ਲਗਾਉਣੇ ਪੈਣਗੇ। ਬਜ਼ੁਰਗਾਂ ਅਤੇ ਔਰਤਾਂ ਦੀ ਸਿਹਤ ਜਾਂਚ ਨੂੰ ਤਰਜੀਹ ਦੇਣੀ ਪਵੇਗੀ। ਸਭ ਤੋਂ ਵੱਧ ਸਾਨੂੰ ਲੋਕਾਂ ਨੂੰ ਇਹ ਸਮਝਾਉਣਾ ਪਵੇਗਾ ਕਿ ਸਿਹਤ ਦਾ ਮਤਲਬ ਸਿਰਫ਼ ਬਿਮਾਰੀ ਨਾ ਹੋਣਾ ਨਹੀਂ, ਸਗੋਂ ਸਰੀਰ ਦਾ ਆਜ਼ਾਦੀ ਨਾਲ ਕੰਮ ਕਰਨਾ ਵੀ ਹੈ।

ਪੰਜਾਬ ਨੇ ਸਾਲਾਂ ਤੱਕ ਆਪਣੀ ਮਿਹਨਤ ਨਾਲ ਦੇਸ਼ ਨੂੰ ਅੰਨ ਦਿੱਤਾ ਹੈ। ਹੁਣ ਸਮਾਂ ਹੈ ਕਿ ਪੰਜਾਬ ਆਪਣੇ ਲੋਕਾਂ ਨੂੰ ਤੰਦਰੁਸਤੀ ਵੀ ਦੇਵੇ। ਜੇ ਸਾਡੇ ਬੱਚਿਆਂ ਦੇ ਹੱਥ ਮੋਬਾਈਲਾਂ ਨਾਲ ਅਤੇ ਬਜ਼ੁਰਗਾਂ ਦੇ ਹੱਥ ਲਾਠੀਆਂ ਨਾਲ ਹੀ ਨਜ਼ਰ ਆਉਣ ਲੱਗ ਪਏ ਤਾਂ ਇਹ ਤਰੱਕੀ ਦੀ ਅਧੂਰੀ ਤਸਵੀਰ ਹੋਵੇਗੀ।

ਗੋਡਿਆਂ ਦਾ ਦਰਦ ਸਿਰਫ਼ ਗੋਡਿਆਂ ਦਾ ਦਰਦ ਨਹੀਂ ਹੁੰਦਾ। ਕਈ ਵਾਰ ਇਹ ਸਾਡੀ ਪੂਰੀ ਜੀਵਨ-ਸ਼ੈਲੀ ਦਾ ਦਰਪਣ ਹੁੰਦਾ ਹੈ। ਕਮਰ ਦਾ ਦਰਦ ਸਾਨੂੰ ਦੱਸਦਾ ਹੈ ਕਿ ਅਸੀਂ ਕਿੰਨਾ ਬੈਠਦੇ ਹਾਂ, ਗੋਡਿਆਂ ਦਾ ਦਰਦ ਦੱਸਦਾ ਹੈ ਕਿ ਸਰੀਰ ਉੱਤੇ ਕਿੰਨਾ ਭਾਰ ਹੈ ਅਤੇ ਸਾਹ ਚੜ੍ਹਨਾ ਦੱਸਦਾ ਹੈ ਕਿ ਅਸੀਂ ਆਪਣੀ ਸਿਹਤ ਨੂੰ ਕਿੰਨਾ ਸਮਾਂ ਦਿੱਤਾ ਹੈ।



ਗਗਨਦੀਪ ਕੌਰ
ਫਿਜ਼ੀਓਥਰੈਪਿਟਸ

ਇਸ ਲਈ 'ਪੰਜਾਬ ਜੋੜਾਂ ਦੇ ਦਰਦ ਦੀ ਰਾਜਧਾਨੀ ਬਣ ਰਿਹਾ ਹੈ' ਵਾਲੀ ਗੱਲ ਨੂੰ ਸਿਰਫ਼ ਸਿਰਲੇਖ ਜਾਂ ਚੁਟਕਲਾ ਬਣਾਉਣ ਦੀ ਥਾਂ ਚੇਤਾਵਨੀ ਵਜੋਂ ਲੈਣਾ ਚਾਹੀਦਾ ਹੈ। ਪੰਜਾਬ ਨੂੰ ਦਰਦ ਦੀ ਰਾਜਧਾਨੀ ਨਹੀਂ, ਤੰਦਰੁਸਤੀ ਦੀ ਧਰਤੀ ਬਣਾਉਣ ਲਈ ਸਾਨੂੰ ਆਪਣੇ ਖਾਣੇ, ਕਸਰਤ, ਕੰਮ ਕਰਨ ਦੇ ਢੰਗ ਅਤੇ ਰੋਜ਼ਾਨਾ ਜੀਵਨ ਦੀਆਂ ਆਦਤਾਂ ਬਦਲਣੀਆਂ ਪੈਣਗੀਆਂ। ਕਿਉਂਕਿ ਜਿਹੜਾ ਪੰਜਾਬ ਕਦੇ ਆਪਣੇ ਮਜ਼ਬੂਤ ਮੋਢਿਆਂ ਅਤੇ ਹੱਡ-ਪੈਰਾਂ ਲਈ ਜਾਣਿਆ ਜਾਂਦਾ ਸੀ, ਉਸ ਪੰਜਾਬ ਦੀ ਅਸਲ ਤਾਕਤ ਤਾਂ ਹੀ ਬਚੇਗੀ ਜਦੋਂ ਉਸਦੇ ਲੋਕ ਸਿਹਤਮੰਦ ਸਰੀਰ ਨਾਲ ਆਪਣੀ ਜ਼ਿੰਦਗੀ ਜੀ ਸਕਣਗੇ।

**ਮੋਬਾਈਲ : 6284785845**

# ਗਿਰਾਵਟ ਦੀ ਹੱਦ ਹੋ ਗਈ

ਜ਼ਿਕਰ ਪੰਜਾਬ

ਰਿਸ਼ਤਿਆਂ ਵਿੱਚ ਇੰਨੀ ਗਿਰਾਵਟ ਆ ਜਾਵੇਗੀ ਉਹ ਵੀ ਢਿੱਡੋਂ ਜੰਮੇ,ਆਪਣੇ, ਖ਼ੂਨ ਦੇ ਰਿਸ਼ਤੇ,ਇਹ ਅਸੀਂ ਤੁਸੀਂ ਕਦੇ ਕਿਆਸ ਵੀ ਨਹੀਂ ਕੀਤਾ ਹੋਵੇਗਾ। ਇੰਨੀ ਸੰਵੇਦਨਹੀਣਤਾ ਜੋ ਹੱਦਾਂ ਪਾਰ ਕਰ ਗਈ। ਖ਼ਬਰ ਮੁੰਬਈ ਤੋਂ ਹੈ। ਇੱਕ ਕੱਪੜਾ ਕਾਰੋਬਾਰੀ ਜਿਸ ਦਾ ਕਿਸੇ ਸਮੇਂ ਕਰੋੜਾਂ ਦਾ ਵਪਾਰ ਸੀ। ਆਪਣੀਆਂ ਤਿੰਨ ਧੀਆਂ ਨੂੰ ਚੰਗਾ ਪੜ੍ਹਾਇਆ ਲਿਖਾਇਆ ਤਿੰਨੋਂ ਪੇਸ਼ੇ ਵਜੋਂ ਅਧਿਆਪਕ ਹਨ। ਸੋਨੀਪਤ ਦੇ ਆਨੰਦ ਬਿਰਧ ਆਸ਼ਰਮ ਵਿਖੇ ਪਿਛਲੇ ਦਿਨੀਂ ਉਨ੍ਹਾਂ ਦਾ ਦਿਹਾਂਤ ਹੋ ਗਿਆ। ਬੇਟੀਆਂ ਨੂੰ ਖ਼ਬਰ ਕੀਤੀ ਗਈ ਤਿੰਨਾਂ ਨੇ ਆਉਣ ਤੋਂ ਇਨਕਾਰ ਦਿੱਤਾ। ਇੱਕ ਨੇ ਸਸਕਾਰ ਲਈ 5100 ਰੁਪਏ ਭੇਜ ਕੇ ਪ੍ਰਬੰਧਕਾਂ ਨੂੰ ਖ਼ੁਦ ਅੰਤਿਮ ਸਸਕਾਰ ਕਰਨ ਲਈ ਕਿਹਾ। ਇੱਕ ਨੇ ਵੀਡਿਓ ਕਾਲ ਰਾਹੀਂ ਅਗਨ ਭੇਟ ਦੀ ਰਸਮ ਨੂੰ ਦੇਖਿਆ। ਸੁਣ-ਪੜ੍ਹ ਕੇ ਬੜੀ ਹੈਰਾਨੀ ਤੇ ਚਿੰਤਾ ਹੁੰਦੀ ਹੈ ਕਿ ਸਾਡੇ ਆਪਣੇ ਰਿਸ਼ਤੇ ਇੰਨੇ ਸਫੈਦ ਹੋ ਗਏ ਜਿੰਨਾਂ ਵਿੱਚ ਖ਼ੂਨ ਦਾ ਕੋਈ ਕਤਰਾ ਬਾਕੀ ਨਹੀਂ ਬਚਿਆ। ਹੁਣ ਤੱਕ ਅਸੀਂ ਇਹ ਸੁਣਦੇ ਤੇ ਦੇਖਦੇ ਆਏ ਹਾਂ ਕਿ ਧੀਆਂ ਮਾਂ-ਬਾਪ ਦਾ ਦੁੱਖ ਸੁਣਦੀਆਂ ਹਨ। ਅਰਥੀ ਨੂੰ ਖ਼ੁਦ ਮੋਢਾ ਦਿੰਦੀਆਂ ਪਰ ਕੁੱਝ ਅਜਿਹੀਆਂ ਵੀ ਹੁੰਦੀਆਂ ਹਨ। ਅਧਿਆਪਕ ਨੂੰ ਚੰਗੇ ਸਮਾਜ ਦਾ ਸਿਰਜਕ ਮੰਨਿਆ ਜਾਂਦਾ ਹੈ?, ਕਿਤੇ ਨਾ ਕਿਤੇ ਇਨ੍ਹਾਂ ਨੇ ਇਸ ਪੇਸ਼ੇ ਦਾ ਵੀ ਨਿਰਾਦਰ ਕੀਤਾ ਹੈ। ਇਹ ਕਿਹੋ ਜਿਹੀ ਨਿਰਮੋਹੀ ਰੂਹ ਦੀਆਂ ਮਾਲਕ ਹਨ ਜੋ ਆਪਣੇ ਮਾਂ-ਪਿਓ ਦੇ ਕਦੇ ਵੀ ਨਾ ਉਤਾਰੇ ਜਾਣ ਵਾਲ? ਕਰਜ਼ ਤੋਂ ਜਿਉਂਦੇ ਜੀਅ ਮੁੱਖ ਮੋੜ ਗਈਆਂ। ਅਜਿਹਾ ਵਰਤਾਰਾ ਦੇਖ ਸੁਣ ਕੇ ਇੱਕ ਗੱਲ ਜੋ? ਸਾਡੇ ਸਾਰਿਆਂ ਦੇ ਜ਼ਿਹਨ ਵਿੱਚ ਆਉਂਦੀ ਹੈ ਕਿ ਬੱਚਿਆਂ ਨੂੰ ਇਹ ਦਿੱਤੀ ਜਾ ਰਹੀ ਰਸਮੀ ਸਿੱਖਿਆ ਤੋਂ ਵੀ ਅਤਿ ਜ਼ਰੂਰੀ ਨੈਤਿਕ ਗੁਣ ਤੇ ਸੰਸਕਾਰ ਦੇਣਾ ਹੈ ਜੋ ਚੰਗੇਰੇ ਸਮਾਜ ਦੇ ਨਿਰਮਾਣ ਲਈ ਜ਼ਰੂਰੀ ਹਨ।

**ਲਾਭ ਸਿੰਘ ਸ਼ੇਰਗਿੱਲ**
**ਅੱਧੀ ਟਿੱਬੀ ਬਡਰੁੱਖਾਂ (ਸੰਗਰੂਰ)**

# ਮੀਰੀ-ਪੀਰੀ ਖ਼ਾਲਸਾ ਮਾਰਚ ਦੇ ਦੂਜੇ ਪੜਾਅ ਦੀ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਲਈ 23 ਅਗਸਤ ਨੂੰ ਹੋਵੇਗੀ ਆਰੰਭਤਾ

## ਐਡਵੋਕੇਟ ਧਾਮੀ ਤੇ ਜਥੇਦਾਰ ਬਾਬਾ ਟੇਕ ਸਿੰਘ ਦੀ ਅਗਵਾਈ ਹੇਠ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਤਿਆਰੀਆਂ ਸਬੰਧੀ ਹੋਈ ਇਕੱਤਰਤਾ



**ਤਲਵੰਡੀ ਸਾਬੋ** : ਸ੍ਰੀ ਅਕਾਲ ਤਖਤ ਸਾਹਿਬ ਤੋਂ ਆਰੰਭ ਹੋਏ ਮੀਰੀ ਪੀਰੀ ਖਾਲਸਾ ਮਾਰਚ ਦੇ ਦੂਜੇ ਪੜਾਅ ਦੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ 23 ਅਗਸਤ ਨੂੰ ਹੋ ਰਹੀ ਆਰੰਭਤਾ ਦੀਆਂ ਤਿਆਰੀਆਂ ਸਬੰਧੀ ਅੱਜ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਇਕੱਤਰਤਾ ਹੋਈ। ਇਸ ਇਕੱਤਰਤਾ ਵਿੱਚ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਅਨੰਦਪੁਰ ਸਾਹਿਬ) ਤੱਕ ਸਜਾਏ ਜਾਣ ਵਾਲੇ ਮੀਰੀ ਪੀਰੀ ਖਾਲਸਾ ਮਾਰਚ ਦੀ ਰੂਪ-ਰੇਖਾ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਰੀ ਪੀਰੀ ਖਾਲਸਾ ਮਾਰਚ ਦਾ ਮਕਸਦ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਬਉਚਤਾ, ਸਿੱਖੀ ਦਾ ਪ੍ਰਚਾਰ ਪ੍ਰਸਾਰ ਅਤੇ ਨੌਜਵਾਨੀ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿਰਜਣਾ ਕਰਕੇ ਸਿੱਖ ਨੂੰ ਧਰਮ ਅਤੇ ਰਾਜਨੀਤੀ ਦਾ ਸਿਧਾਂਤ ਬਖਸ਼ਿਸ਼ ਕੀਤਾ। ਹਰ ਸਿੱਖ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਹੈ ਅਤੇ ਇਥੋਂ ਆਏ ਹਰ ਹੁਕਮ ਪ੍ਰਤੀ ਸਤਿਕਾਰ ਰੱਖਦਾ ਹੈ। ਉਨ੍ਹਾਂ ਸੰਗਤਾਂ ਨੂੰ ਜਿਥੇ ਮੀਰੀ ਪੀਰੀ ਖਾਲਸਾ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਉਥੇ ਰਸਤੇ ਵਿਚ ਹੀ ਸਹਿਯੋਗ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਮੁੱਖ ਮਕਸਦ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਨਾ, ਸਿੱਖੀ ਸਿਧਾਂਤਾਂ ਨੂੰ ਮਜ਼ਬੂਤ ਕਰਨਾ ਅਤੇ ਕੌਮ ਵਿੱਚ ਏਕਤਾ ਦਾ ਸੁਨੇਹਾ ਦੇਣਾ ਹੈ। ਉਨ੍ਹਾਂ ਗੁਰੂ-ਦੋਖੀ ਅਤੇ ਖ਼ਾਲਸਾ ਪੰਥ ਵਿਰੋਧੀ ਕਾਰਵਾਈਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਅਜਿਹੀਆਂ ਹਰਕਤਾਂ ਕਰਨ ਵਾਲਿਆਂ ਨੂੰ ਕੌਮ ਕਦੇ ਪ੍ਰਵਾਨ ਨਹੀਂ ਕਰਦੀ। ਉਨ੍ਹਾਂ ਇਤਿਹਾਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਅਬਦਾਲੀ ਅਤੇ ਨਾਦਰ ਸ਼ਾਹ ਵਰਗੇ ਅਨੇਕਾਂ ਹਮਲਾਵਰ ਆਏ ਤੇ ਖ਼ਤਮ ਹੋ ਗਏ, ਪਰ ਗੁਰੂ ਦਾ ਪੰਥ ਸਦਾ ਅਡੋਲ ਰਿਹਾ ਅਤੇ ਰਹੇਗਾ। ਉਨ੍ਹਾਂ ਸੰਗਤ ਨੂੰ ਪੰਥ ਵਿਰੋਧੀ ਤਾਕਤਾਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਨੇ ਵਿਸ਼ਵਾਸ ਦਿਵਾਇਆ ਕਿ ਇਸ ਮਾਰਚ ਪ੍ਰਤੀ ਨੌਜਵਾਨਾਂ ਅਤੇ ਸੰਗਤਾਂ ਨੂੰ ਜਾਣੂ ਕਰਵਾਉਣ ਲਈ ਘਰ-ਘਰ ਜਾ ਕੇ ਪ੍ਰਚਾਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਭਾਈ ਅਮਰਜੀਤ ਸਿੰਘ ਚਾਵਲਾ ਨੇ ਵੀ ਮੀਰੀ ਪੀਰੀ ਖਾਲਸਾ ਮਾਰਚ ਨੂੰ ਸੁਚੱਜੇ ਅਤੇ ਸਫ਼ਲ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪਣੇ ਅਹਿਮ ਸੁਝਾਅ ਦਿੱਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਅੰਤ੍ਰਿੰਗ ਮੈਂਬਰ ਸ. ਮੇਜਰ ਸਿੰਘ ਢਿੱਲੋਂ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਅਮਰਜੀਤ ਸਿੰਘ ਚਾਵਲਾ, ਸ. ਹਰਪਾਲ ਸਿੰਘ ਜੱਲ੍ਹਾ , ਜਥੇਦਾਰ ਕੇਵਲ ਸਿੰਘ, ਸ. ਪਰਮਜੀਤ ਸਿੰਘ ਲੱਖੇਵਾਲ, ਬਾਬਾ ਬੂਟਾ ਸਿੰਘ, ਜਥੇਦਾਰ ਰਣਬੀਰ ਸਿੰਘ ਖੱਟੜਾ, ਜਥੇਦਾਰ ਅਵਤਾਰ ਸਿੰਘ ਰਿਆ, ਸ. ਅਜਮੇਰ ਸਿੰਘ ਖੇੜਾ, ਸ. ਅਵਤਾਰ ਸਿੰਘ ਵਣਵਾਲਾ, ਸ. ਗੁਰਬਖ਼ਸ਼ ਸਿੰਘ ਖਾਲਸਾ, ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਬਾਬਾ ਗੁਰਤਾ ਸਿੰਘ , ਸ. ਸੁਰਜੀਤ ਸਿੰਘ ਗੋਬਿੰਦਪੁਰ, ਜਥੇਦਾਰ ਧਿਆਨ ਸਿੰਘ, ਸ. ਗੁਰਪ੍ਰਤਾਪ ਸਿੰਘ ਇੰਚਾਰਜ ਸਬ ਆਫਿਸ ਧਰਮ ਪ੍ਰਚਾਰ ਸ੍ਰੀ ਅਨੰਦਪੁਰ ਸਾਹਿਬ, ਸ: ਭੋਲਾ ਸਿੰਘ ਇੰਚਾਰਜ ਸਬ ਆਫਿਸ ਧਰਮ ਪ੍ਰਚਾਰ ਤਲਵੰਡੀ ਸਾਹਿਬ, ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ ਅਤੇ ਵੱਖ ਵੱਖ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਹਾਜ਼ਰ ਸਨ।

# ਆਜ਼ਾਦੀ ਦਿਵਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਗੁਰੂ ਨਾਨਕ ਸਟੇਡੀਅਮ ਅੰਮ੍ਰਿਤਸਰ ਵਿਖੇ ਲਹਿਰਾਇਆ ਕੌਮੀ ਝੰਡਾ

**ਅੰਮ੍ਰਿਤਸਰ** : ਅੰਮ੍ਰਿਤਸਰ ਵਿਖੇ ਦੇਸ਼ ਦੀ ਅਜ਼ਾਦੀ ਦਾ 80ਵਾਂ ਅਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ। ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਵਿਖੇ ਮਨਾਏ ਗਏ ਜ਼ਿਲ੍ਹਾ ਪੱਧਰੀ ਅਜ਼ਾਦੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਦੀ ਰਸਮ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ, ਛਪਾਈ ਤੇ ਲਿਖਣ ਸਮੱਗਰੀ, ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ, ਰੁਜ਼ਗਾਰ ਉਤਪਤੀ ਤੇ ਸਿਖਲਾਈ, ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸ਼ਾਹਨ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ ਵੱਲੋਂ ਨਿਭਾਈ ਗਈ। ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਜ਼ਿਲ੍ਹਾ ਵਾਸੀਆਂ ਨੂੰ ਅਜ਼ਾਦੀ ਦਿਵਸ ਦੀ ਵਧਾਈ ਦਿੰਦੇ ਹੋਏ ਆਪਣੇ ਸੰਦੇਸ਼ ਵਿੱਚ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ, ਸਰਦਾਰ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲੇਪਾਣੀ ਅਤੇ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ-ਸਮੇਂ 'ਤੇ ਆਰੰਭੇ ਗਏ ਸੰਘਰਸ਼ਾਂ ਕਾਰਨ ਹੀ ਅੱਜ ਅਸੀਂ ਆਜ਼ਾਦ ਮੁਲਕ ਦੇ ਵਾਸੀ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ ਪੰਜਾਬੀਆਂ ਨੇ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸਾਡੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ ਨੇ ਆਪਣੇ ਅਹੁਦੇ ਦੀ ਸਹੁੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਹੀ ਚੁੱਕੀ ਸੀ ਅਤੇ ਸਰਕਾਰੀ ਦਫ਼ਤਰਾਂ ਵਿੱਚ ਸ਼ਹੀਦ ਭਗਤ ਸਿੰਘ ਅਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੀਆਂ ਤਸਵੀਰਾਂ ਲਗਾਈਆਂ ਗਈਆਂ ਹਨ। ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਮੁਹਾਲੀ ਕੌਮਾਂਤਰੀ ਹਵਾਈ ਅੱਡੇ ਦਾ ਨਾਮ ਸ਼ਹੀਦ ਭਗਤ ਸਿੰਘ ਰੱਖਿਆ ਗਿਆ ਤੇ ਸ਼ਹੀਦ-ਏ-ਆਜ਼ਮ ਦਾ ਬੁੱਤ ਸਥਾਪਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ ਅਤੇ ਇਸ ਦਿਸ਼ਾ ਵੱਲ ਨਿਰੰਤਰ ਯਤਨ ਜਾਰੀ ਹਨ। ਉਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਅਤੇ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਦੇਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬਹੁਤ ਸਾਰੇ ਕ੍ਰਾਂਤੀਕਾਰੀ ਫੈਸਲੇ ਲਾਗੂ ਕੀਤੇ ਹਨ। ਅਖ਼ੀਰ ਵਿੱਚ ਉਨ੍ਹਾਂ ਕਿਹਾ ਕਿ ਉਹ ਭਾਰਤ ਦੇ ਸਾਰੇ ਮਹਾਨ ਸ਼ਹੀਦਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦੇ ਹੋਏ ਪੰਜਾਬ ਅਤੇ ਦੇਸ਼ ਦੀ ਖ਼ੁਸ਼ਹਾਲੀ ਅਤੇ ਤਰੱਕੀ ਦੀ ਕਾਮਨਾ ਕਰਦੇ ਹਨ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਸੱਦਾ ਦਿੱਤਾ ਕਿ ਆਓ, ਅਸੀਂ ਸਾਰੇ ਰਲ ਮਿਲ ਕੇ ਆਪਣੇ ਪਿਆਰੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਹੰਭਲਾ ਮਾਰੀਏ। ਇਸ ਤੋਂ ਬਾਅਦ ਅਜ਼ਾਦੀ ਸਮਾਗਮ ਦੌਰਾਨ ਪਰੇਡ ਕਮਾਂਡਰ ਏ.ਸੀ.ਪੀ. ਗਗਨਦੀਪ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਿਸ, ਪੰਜਾਬ ਮਹਿਲਾ ਪੁਲਿਸ, ਪੰਜਾਬ ਹੋਮਗਾਰਡ, ਐੱਨ.ਸੀ.ਸੀ. ਕੈਡਿਟਸ, ਸਕਾਊਟਸ ਅਤੇ ਗਾਈਡਜ਼, ਪੰਜਾਬ ਪੁਲਿਸ ਅਤੇ ਸਕੂਲੀ ਵਿਦਿਆਰਥੀਆਂ ਦੀਆਂ ਬੈਂਡ ਟੀਮਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਅਤੇ ਪੰਜਾਬੀ ਸੱਭਿਆਚਾਰ ਨੂੰ ਰੂਪਮਾਨ ਕਰਦਾ ਸ਼ਾਨਦਾਰ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਮਾਗਮ ਦੌਰਾਨ ਮੁੱਖ ਮਹਿਮਾਨ ਸ੍ਰੀ ਅਮਨ ਅਰੋੜਾ ਵੱਲੋਂ ਅਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ, ਵੀਰ ਨਾਰੀਆਂ ਅਤੇ ਵੱਖ-ਵੱਖ ਖੇਤਰਾਂ ਵਿੱਚ ਉਪਲੱਬਧੀਆਂ ਹਾਸਲ ਕਰਨ ਵਾਲੇ ਵਿਅਕਤੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਲੋੜਵੰਦਾਂ ਨੂੰ ਟਰਾਈ ਸਾਈਕਲ, ਵ੍ਹੀਲ ਚੇਅਰ ਅਤੇ ਸਿਲਾਈ ਮਸ਼ੀਨਾਂ ਦੀ ਵੰਡ ਵੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਕੈਬਨਿਟ ਸ੍ਰੀ ਅਮਨ ਅਰੋੜਾ ਨੂੰ ਸ੍ਰੀ ਦਰਬਾਰ ਸਾਹਿਬ ਦਾ ਮਾਡਲ ਅਤੇ ਯਾਦਗਾਰੀ ਚਿੰਨ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਸ: ਕੁਲਦੀਪ ਸਿੰਘ ਧਾਲੀਵਾਲ, ਅੰਮ੍ਰਿਤਸਰ ਕੇਂਦਰੀ ਦੇ ਵਿਧਾਇਕ ਡਾ. ਅਜੈ ਗੁਪਤਾ, ਅੰਮ੍ਰਿਤਸਰ ਪੱਛਮੀਂ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਅੰਮ੍ਰਿਤਸਰ ਪੂਰਬੀ ਦੀ ਵਿਧਾਇਕਾ ਮੈਡਮ ਜੀਵਨਜੋਤ ਕੌਰ, ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ, ਵਿਧਾਨ ਸਭਾ ਹਲਕਾ ਅਟਾਰੀ ਦੇ ਵਿਧਾਇਕ ਸ. ਜਸਵਿੰਦਰ ਸਿੰਘ ਰਮਦਾਸ, ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀਮਤੀ ਜਤਿੰਦਰ ਕੌਰ, ਨਗਰ ਨਿਗਮ ਅੰਮ੍ਰਿਤਸਰ ਦੇ ਮੇਅਰ ਸ੍ਰੀ ਜਤਿੰਦਰ ਸਿੰਘ ਮੋਤੀ ਭਾਟੀਆ, ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਸ੍ਰੀ ਗੁਰਪ੍ਰਤਾਪ ਸਿੰਘ ਸੰਧੂ, ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਪੁਲਿਸ ਕਮਿਸ਼ਨਰ ਸ੍ਰੀ ਹਰਮਨਬੀਰ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀਮਤੀ ਪੱਲਵੀ ਮਿਸ਼ਰਾ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਰੁਪਿੰਦਰਪਾਲ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀ ਸੁਰਿੰਦਰ ਸਿੰਘ, ਐੱਸ.ਡੀ.ਐੱਮ. ਅੰਮ੍ਰਿਤਸਰ-1 ਸ੍ਰੀਮਤੀ ਅਲਕਾ ਕਾਲੀਆ, ਐੱਸ.ਡੀ.ਐੱਮ. ਅੰਮ੍ਰਿਤਸਰ-2 ਸ. ਗੁਰਮੰਦਰ ਸਿੰਘ, ਸਹਾਇਕ ਕਮਿਸ਼ਨਰ (ਜਨਰਲ) ਸ੍ਰੀਮਤੀ ਪ੍ਰਗਤੀ ਸੇਠੀ, ਚੇਅਰਮੈਨ ਸ੍ਰੀ ਸਤਪਾਲ ਸੋਖੀ, ਸਾਬਕਾ ਮੰਤਰੀ ਬੀਬੀ ਲਕਸ਼ਮੀਕਾਂਤਾ ਚਾਵਲਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ. ਗੁਰਸ਼ਰਨ ਸਿੰਘ ਛੀਨਾ, ਚੇਅਰਮੈਨ ਪਨਸਪ ਸ੍ਰੀ ਪ੍ਰਭਬੀਰ ਸਿੰਘ ਬਰਾੜ, ਸ੍ਰੀ ਜਸਕਰਨ ਬੰਦੇਸ਼ਾ, ਸ੍ਰੀ ਰਵਿੰਦਰ ਹੰਸ, ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਸ. ਸਰਬਜੋਤ ਸਿੰਘ ਧੰਜਲ, ਲੋਕ ਸਭਾ ਹਲਕਾ ਇੰਚਾਰਜ ਸ. ਜਰਨੈਲ ਸਿੰਘ ਢੋਟ, ਪੰਜਾਬ ਰਾਜ ਟਰੇਡ ਕਮਿਸ਼ਨ ਦੇ ਸੂਬਾ ਮੈਂਬਰ ਸ੍ਰੀ ਸ਼ੀਤਲ ਜੁਨੇਜਾ ਸਮੇਤ ਅਤੇ ਹੋਰ ਆਗੂ ਹਾਜ਼ਰ ਸਨ।



# ਪੰਜਾਬ ਦੇ ਹੱਕਾਂ ਲਈ 500 ਨਿਡਰ ਨੌਜਵਾਨ ਤਿਆਰ ਕਰੇਗੀ ਮਿਸਲ ਸਤਲੁਜ ਪਾਰਟੀ : ਬਰਾੜ



**ਨਕੋਦਰ** : ਮਿਸਲ ਸਤਲੁਜ ਪਾਰਟੀ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਨੂੰ ਮੁੜ ਵਿਕਾਸ, ਖੁਸ਼ਹਾਲੀ ਅਤੇ ਸਵੈ-ਮਾਣ ਦੇ ਰਾਹ 'ਤੇ ਲਿਆਉਣ ਲਈ ਸਿਰਫ਼ ਸੱਤਾ ਬਦਲਣ ਦੀ ਨਹੀਂ, ਸਗੋਂ ਸੋਚ ਅਤੇ ਲੀਡਰਸ਼ਿਪ ਬਦਲਣ ਦੀ ਲੋੜ ਹੈ। ਸਰਦਾਰ ਅਜੇਪਾਲ ਸਿੰਘ ਬਰਾੜ ਨੇ ਕਿਹਾ ਕਿ ਮਿਸਲ ਸਤਲੁਜ ਪਾਰਟੀ ਅਗਲੇ ਪੰਜ ਸਾਲਾਂ ਵਿੱਚ ਪੰਜਾਬ ਵਿੱਚ ਘੱਟੋ-ਘੱਟ 500 ਅਜਿਹੇ ਨਿਡਰ ਅਤੇ ਸਮਰੱਥ ਨੌਜਵਾਨ ਤਿਆਰ ਕਰੇਗੀ, ਜੋ ਪੰਜਾਬ ਦੇ ਇਤਿਹਾਸ, ਅਰਥਚਾਰੇ, ਸੰਵਿਧਾਨਕ ਅਧਿਕਾਰਾਂ, ਸੱਭਿਆਚਾਰ ਅਤੇ ਸਮਾਜਿਕ ਚੁਣੌਤੀਆਂ ਦੀ ਡੂੰਘੀ ਸਮਝ ਰੱਖਦੇ ਹੋਣ ਅਤੇ ਪੰਜਾਬ ਦੇ ਹੱਕਾਂ ਲਈ ਹਰ ਮੰਚ 'ਤੇ ਬੇਝਿਜਕ ਆਵਾਜ਼ ਬੁਲੰਦ ਕਰ ਸਕਣ। ਨਕੋਦਰ ਵਿਖੇ ਚੜ੍ਹਦੀ ਕਲਾ ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਿਰਫ਼ ਚੋਣਾਂ ਵੇਲੇ ਯਾਦ ਕਰਨ ਵਾਲੀ ਰਾਜਨੀਤੀ ਹੁਣ ਨਹੀਂ ਚੱਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀ, ਜਵਾਨੀ, ਰੁਜ਼ਗਾਰ, ਖੇਤੀਬਾੜੀ, ਉਦਯੋਗ, ਆਰਥਿਕਤਾ ਅਤੇ ਸੱਭਿਆਚਾਰ ਨਾਲ ਜੁੜੇ ਮੁੱਦਿਆਂ 'ਤੇ ਸਪੱਸ਼ਟ ਨੀਤੀ ਅਤੇ ਦ੍ਰਿੜ੍ਹ ਇਰਾਦੇ ਨਾਲ ਕੰਮ ਕਰਨਾ ਪਵੇਗਾ। ਸ. ਬਰਾੜ ਨੇ ਕਿਹਾ ਕਿ ਮਿਸਲ ਸਤਲੁਜ ਦਾ ਮੰਤਵ ਕੇਵਲ ਸੱਤਾ ਹਾਸਲ ਕਰਨਾ ਨਹੀਂ, ਬਲਕਿ ਪੰਜਾਬ ਦੇ ਲੋਕਾਂ ਵਿੱਚੋਂ ਅਜਿਹੀ ਲੋਕ-ਅਧਾਰਿਤ ਲੀਡਰਸ਼ਿਪ ਖੜ੍ਹੀ ਕਰਨਾ ਹੈ ਜੋ ਕਿਸੇ ਦੇ ਦਬਾਅ ਜਾਂ ਸਿਆਸੀ ਲਾਭ ਦੀ ਬਜਾਏ ਪੰਜਾਬ ਦੇ ਹਿੱਤਾਂ ਨੂੰ ਸਭ ਤੋਂ ਉੱਪਰ ਰੱਖੇ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਇਸੇ ਸੋਚ ਨੂੰ ਲੋਕ ਲਹਿਰ ਵਿੱਚ ਬਦਲਣ ਲਈ ਕੰਮ ਕਰ ਰਹੀ ਹੈ। ਉਨ੍ਹਾਂ ਨੌਜਵਾਨਾਂ, ਮੁਲਾਜ਼ਮਾਂ, ਕਿਸਾਨਾਂ, ਮਹਿਲਾਵਾਂ ਅਤੇ ਪੰਜਾਬ-ਹਿਤੈਸ਼ੀ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਕਰਨ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ। ਇਸ ਰੈਲੀ ਨੂੰ ਮਾਨ ਸਿੰਘ ਕਿੱਲੀ, ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ ਮਿਸਲ ਸਤਲੁਜ, ਦਵਿੰਦਰ ਸਿੰਘ ਸੰਘੋਵਾਲ, ਹਲਕਾ ਇੰਚਾਰਜ ਨਕੋਦਰ ਅਤੇ ਤੇਜਵਿੰਦਰ ਸਿੰਘ ਮਾਂਗਟ, ਹਲਕਾ ਇੰਚਾਰਜ ਬਲਾਚੌਰ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

# ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਚੰਡੀਗੜ੍ਹ ਵਿੱਚ ਸੀਬੀਡੀਸੀ-ਅਧਾਰਿਤ ਡੀਬੀਟੀ ਦੀ ਕੀਤੀ ਸ਼ੁਰੂਆਤ; ਪੀਡੀਐੱਸ ਵਿੱਚ ਪਾਰਦਰਸ਼ਿਤਾ ਦੀ ਨਵੀਂ ਕ੍ਰਾਂਤੀ

**ਚੰਡੀਗੜ੍ਹ** : ਚੰਡੀਗੜ੍ਹ ਦੇ ਟੈਗੋਰ ਥਿਏਟਰ ਵਿੱਚ ਅੱਜ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਪ੍ਰਧਾਨਗੀ ਹੇਠ ਆਯੋਜਿਤ ਪ੍ਰੋਗਰਾਮ ਵਿੱਚ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਗ੍ਰਾਮੀਣ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਮੁੱਖ ਮਹਿਮਾਨ ਵਜੋਂ ਸੈਂਟਰਲ ਬੈਂਕ ਡਿਜੀਟਲ ਕਰੰਸੀ (ਸੀਬੀਡੀਸੀ) ਅਧਾਰਿਤ ਡਾਇਰੈਕਟ ਬੈਨੀਫਿਟ ਟ੍ਰਾਂਸਫਰ (ਡੀਬੀਟੀ) ਵਿਵਸਥਾ ਦੀ ਸ਼ੁਰੂਆਤ ਕੀਤੀ। ਇਸ ਮੌਕੇ 'ਤੇ ਕੇਂਦਰੀ ਸਿੱਖਿਆ ਅਤੇ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਅਤੇ ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸ਼ੀ ਅਤੇ ਕੇਂਦਰੀ ਰਾਜ ਮੰਤਰੀ (ਖ਼ੁਰਾਕ ਅਤੇ ਜਨਤਕ ਵੰਡ) ਸ਼੍ਰੀਮਤੀ ਨਿਮੁਬੇਨ ਜਯੰਤੀਭਾਈ ਬੰਭਣੀਆ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਚੌਹਾਨ ਨੇ ਕਿਹਾ ਕਿ ਇਹ ਪਹਿਲ ਜਨਤਕ ਵੰਡ ਪ੍ਰਣਾਲੀ (ਪੀਡੀਐੱਸ) ਵਿੱਚ ਪਾਰਦਸ਼ਿਤਾ, ਸੁਰੱਖਿਆ ਅਤੇ ਸਮਾਂਬੱਧਤਾ ਲਿਆਉਣ ਦਾ ਅਹਿਮ ਕਦਮ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਅਤੇ ਮਾਰਗਦਰਸ਼ਨ ਹੇਠ ਕਿਸਾਨਾਂ ਅਤੇ ਗ਼ਰੀਬਾਂ ਦੇ ਹਿਤ ਨਾਲ ਕੋਈ ਸਮਝੌਤਾ ਨਹੀਂ ਹੋਵੇਗਾ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਦੱਸਿਆ ਕਿ ਸੀਬੀਡੀਸੀ-ਅਧਾਰਿਤ ਡੀਬੀਟੀ ਦੇ ਜ਼ਰੀਏ ਰਾਸ਼ਨ ਅਤੇ ਅਨਾਜ ਦਾ ਭੁਗਤਾਨ ਸਿੱਧੇ, ਸੁਰੱਖਿਅਤ ਅਤੇ ਪਾਰਦਰਸ਼ੀ ਤਰੀਕੇ ਨਾਲ ਲਾਭਾਰਥੀਆਂ ਤੱਕ ਪਹੁੰਚੇਗਾ। ਚੰਡੀਗੜ੍ਹ ਵਿੱਚ ਸ਼ੁਰੂ ਇਹ ਪ੍ਰਯੋਗ ਦੇਸ਼ ਵਿਆਪੀ ਮਾਡਲ ਵਜੋਂ ਅਪਣਾਇਆ ਜਾਵੇਗਾ। ਨਵੀਂ ਵਿਵਸਥਾ ਵਿੱਚ ਤਕਨੀਕੀ ਪਾਬੰਦੀਆਂ ਇਸ ਤਰ੍ਹਾਂ ਲਗਾਈਆਂ ਗਈਆਂ ਹਨ ਕਿ ਲਾਭਾਰਥੀ ਸਿਰਫ਼ ਅਨਾਜ ਅਤੇ ਹੋਰ ਜ਼ਰੂਰੀ ਖੁਰਾਕ ਵਸਤੂਆਂ ਦੀ ਖਰੀਦ 'ਤੇ ਹੀ ਲੈਣ-ਦੇਣ ਕਰ ਸਕਣ ਤਾਂ ਜੋ ਪੈਸਾ ਗਲਤ ਜਗ?ਹਾ ਖਰਚ ਨਾ ਹੋਵੇ। ਨਾਲ ਹੀ, ਲਾਭਾਰਥੀਆਂ ਨੂੰ ਚੁਆਈਸ ਦੀ ਸੁਵਿਧਾ ਵੀ ਮਿਲੇਗੀ। ਉਹ ਕਣਕ-ਚੌਲ ਤੋਂ ਇਲਾਵਾ ਦਾਲ ਅਤੇ ਹੋਰ ਜ਼ਰੂਰੀ ਖੁਰਾਕ ਪਦਾਰਥ ਚੁਣ ਸਕਣਗੇ। ਚੌਹਾਨ ਨੇ ਵਿਭਾਗੀ ਟੀਮ ਅਤੇ ਅਧਿਕਾਰੀਆਂ ਦੀ ਤਾਰੀਫ ਕਰਦੇ ਹੋਏ ਇਸ ਨੂੰ ਵੱਡਾ ਇਨੋਵੇਸ਼ਨ ਦੱਸਿਆ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਨੇ ਸਪੱਸ਼ਟ ਕੀਤਾ ਕਿ ਖੇਤੀਬਾੜੀ ਨੀਤੀਆਂ ਅਤੇ ਖੁਰਾਕ ਸੁਰੱਖਿਆ ਦੇ ਮਾਮਲੇ ਵਿੱਚ ਕਿਸਾਨਾਂ ਦੇ ਹਿੱਤਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਕਿਸਾਨਾਂ ਲਈ ਜਿੰਨੇ ਵੀ ਸਮਝੌਤੇ ਦੁਨੀਆ ਭਰ ਦੇ ਦੇਸ਼ਾਂ ਨਾਲ ਹੋਏ ਉਹ ਰਾਸ਼ਟਰ ਹਿੱਤ, ਕਿਸਾਨ ਹਿੱਤ ਅਤੇ ਜਨਤਾ ਹਿੱਤ ਸਭ ਤੋਂ ਉੱਪਰ ਦੀ ਧਾਰਨਾ ਨੂੰ ਲੈਕੇ ਹੋਏ। ਬੜੇ ਦੁੱਖ ਦੇ ਨਾਲ ਕਹਿਣਾ ਪੈ ਰਿਹਾ ਹੈ ਕਿ ਵਿਰੋਧੀ ਨੂੰ ਇਸ ਵਿੱਚ ਵੀ ਤਕਲੀਫ ਹੈ। ਉਨ੍ਹਾਂ ਨੇ ਦੇਸ਼ ਦੇ ਕਣਕ-ਝੋਨੇ ਦੇ ਮਜ਼ਬੂਤ ਭੰਡਾਰਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਹੁਣ ਭਾਰਤ ਆਪਣੀਆਂ ਜ਼ਰੂਰਤਾਂ ਪੂਰੀ ਕਰ ਰਿਹਾ ਹੈ ਅਤੇ ਜ਼ਰੂਰਤ ਪੈਣ 'ਤੇ ਨਿਰਯਾਤ ਵੀ ਕਰਦਾ ਹੈ। ਸ਼?ਰੀ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ ਕਿਸਾਨ ਸਨਮਾਨ ਨਿਧੀ ਅਤੇ ਹੋਰ ਲਾਭਾਂ ਦੀ ਪਾਰਦਰਸ਼ੀ ਡਿਲੀਵਰੀ ਜਾਰੀ ਰਹੇਗੀ ਅਤੇ ਕਿਸਾਨਾਂ ਦੀ ਸੁਰੱਖਿਆ ਸਰਬਉੱਚ ਤਰਜੀਹ ਬਣੀ ਰਹੇਗੀ। ਪ੍ਰੋਗਰਾਮ ਵਿੱਚ ਕੇਂਦਰੀ ਮੰਤਰੀ ਚੌਹਾਨ ਨੇ ਸੰਸਦ ਵਿੱਚ ਆ ਰਹੀਆਂ ਰੁਕਾਵਟਾਂ ਅਤੇ ਵਿਰੋਧੀ ਦੇ ਵਿਵਹਾਰ 'ਤੇ ਤਿੱਖਾ ਆਰੋਪ ਲਗਾਉਂਦੇ ਹੋਏ ਕਿਹਾ ਕਿ ਲੋਕਤੰਤਰ ਦੀ ਗਰਿਮਾ ਬਣਾਏ ਰੱਖਣਾ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਵਿਘਨ ਸੰਵਿਧਾਨ ਅਤੇ ਲੋਕਤੰਤਰੀ ਪ੍ਰਕਿਰਿਆ ਦਾ ਅਪਮਾਨ ਹਨ ਅਤੇ ਦੇਸ਼ ਹਿੱਤ ਵਿੱਚ ਜ਼ਰੂਰੀ ਫੈਸਲੇ ਲਏ ਜਾਣਗੇ। ਸ਼?ਰੀ ਚੌਹਾਨ ਨੇ ਜ਼ੋਰ ਦੇ ਕੇ ਕਿਹਾ ਕਿ ਲੋਕਤੰਤਰ ਵਿੱਚ ਬਹਿਸ ਜ਼ਰੂਰੀ ਹੈ, ਪਰ ਵਿਘਨ ਅਸਵੀਕਾਰਯੋਗ ਹੈ। ਕੇਂਦਰੀ ਮੰਤਰੀ ਚੌਹਾਨ ਨੇ ਪ੍ਰਧਾਨ ਮੰਤਰੀ ਗ਼ਰੀਬ ਕਲਿਆਣ ਅੰਨ ਯੋਜਨਾ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ 80 ਕਰੋੜ ਤੋਂ ਵੱਧ ਲੋਕਾਂ ਨੂੰ ਮੁਫ਼ਤ ਰਾਸ਼ਨ ਉਪਲਬਧ ਕਰਵਾਉਣਾ ਦੇਸ਼ ਦੀ ਵੱਡੀ ਸਮਾਜਿਕ ਸੁਰੱਖਿਆ ਹੈ। ਸ਼?ਰੀ ਚੌਹਾਨ ਨੇ ਦੱਸਿਆ ਕਿ ਇਹ ਯੋਜਨਾ ਸਿਰਫ਼ ਪੇਟ ਭਰਨ ਤੱਕ ਸੀਮਿਤ ਨਹੀਂ ਹੈ, ਇਸ ਨਾਲ ਪਰਿਵਾਰਾਂ ਦੀ ਆਰਥਿਕ ਮਜ਼ਬੂਤੀ ਆਵੇਗੀ ਅਤੇ ਖਰਚ ਘੱਟ ਕਰਕੇ ਬੱਚਿਆਂ ਦੀ ਪੜ੍ਹਾਈ ਅਤੇ ਹੋਰ ਜ਼ਰੂਰਤਾਂ 'ਤੇ ਲਗਾਇਆ ਜਾ ਸਕੇਗਾ। ਉਨ੍ਹਾਂ ਨੇ ਕਿਹਾ ਕਿ ਸਰਕਾਰ ਦਾ ਟੀਚਾ ਹੈ ਕਿ ਕੋਈ ਵੀ ਗ਼ਰੀਬ ਭੁੱਖਾ ਨਾ ਰਹੇ ਅਤੇ ਹਰ ਥਾਲੀ ਵਿੱਚ ਭੋਜਨ ਦੀ ਕਮੀ ਨਾ ਹੋਵੇ। ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਡੀਬੀਟੀ ਨਾਲ ਲਾਭ ਸਿੱਧੇ ਖਾਤਾਧਾਰਕ ਦੇ ਕੋਲ ਪਹੁੰਚਦੇ ਹਨ ਜਿਸ ਨਾਲ ਵਿਚੌਲਗੀ ਅਤੇ ਘਪਲਾ ਘੱਟ ਹੋਇਆ ਹੈ। ਨਾਲ ਹੀ ਉਨ੍ਹਾਂ ਨੇ ਮੰਨਿਆ ਕਿ ਨਕਦ ਮਿਲਣ ਤੋਂ ਬਾਅਦ ਗਲਤ ਉਪਯੋਗ ਦਾ ਜੋਖਮ ਰਹਿੰਦਾ ਹੈ ਇਸ ਲਈ ਸੀਬੀਡੀਸੀ- ਅਧਾਰਿਤ ਵਿਵਸਥਾ ਵਿੱਚ ਤਕਨੀਕ ਅਜਿਹੀ ਰੱਖੀ ਗਈ ਹੈ ਕਿ ਲਾਭਾਰਥੀ ਦਾ ਭੁਗਤਾਨ ਸਿੱਧੇ ਰਾਸ਼ਨ/ਖੁਰਾਕ ਪਦਾਰਥ 'ਤੇ ਖਰਚ ਹੋਵੇ ਅਤੇ ਗਲਤ ਇਸਤੇਮਾਲ ਰੋਕਿਆ ਜਾ ਸਕੇ। ਇਸ ਤਕਨੀਕੀ ਨਵੀਨਤਾ ਲਈ ਉਨ੍ਹਾਂ ਨੇ ਵਿਭਾਗ ਦੀ ਪ੍ਰਸ਼ੰਸਾ ਕੀਤੀ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਚੰਡੀਗੜ੍ਹ ਦੀ ਵਿਸ਼ੇਸ਼ਤਾ ਅਤੇ ਨਾਗਰਿਕ ਚੇਤਨਾ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਇਸ ਸ਼ਹਿਰ ਵਿੱਚ ਸ਼ੁਰੂ ਇਹ ਪ੍ਰਯੋਗ ਸਫ਼ਲ ਹੋਣ 'ਤੇ ਹੌਲੀ-ਹੌਲੀ ਪੂਰੇ ਦੇਸ਼ ਵਿੱਚ ਲਾਗੂ ਕੀਤਾ ਜਾਵੇਗਾ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਸਥਾਨਕ ਰੁਕਾਵਟਾਂ ਨੂੰ ਦੂਰ ਕਰਕੇ ਵਿਵਸਥਾ ਦਾ ਵਿਸਤਾਰ ਯਕੀਨੀ ਬਣਾਇਆ ਜਾਵੇਗਾ ਤਾਂ ਜੋ ਹਰ ਪਰਿਵਾਰ ਤੱਕ ਸੁਵਿਧਾਵਾਂ ਪਹੁੰਚਣ। ਚੌਹਾਨ ਨੇ ਚੰਡੀਗੜ੍ਹ ਦੀ ਪ੍ਰਸ਼ੰਸਾ ਵਿੱਚ ਕਿਹਾ ਕਿ ਇੱਥੇ ਅਨੁਸ਼ਾਸਨ, ਸਫਾਈ ਅਤੇ ਸ਼ਹਿਰੀ ਜ਼ਿੰਮੇਵਾਰੀ ਦਾ ਭਾਵ ਹੈ। ਸੁਤੰਤਰਤਾ ਸੈਨਾਨੀਆਂ ਨੂੰ ਨਮਨ ਕਰਦੇ ਹੋਏ ਕੇਂਦਰੀ ਮੰਤਰੀ ਚੌਹਾਨ ਨੇ ਕਿਹਾ ਕਿ ਸਾਨੂੰ ਦੇਸ਼ ਲਈ ਜੀਉਣ ਦਾ ਪ੍ਰਣ ਲੈਣਾ ਚਾਹੀਦਾ ਹੈ ਅਤੇ ਨਾਗਰਿਕ ਕਰਤੱਵਾਂ ਦੀ ਈਮਾਨਦਾਰੀ ਨਾਲ ਪਾਲਣਾ ਕਰਨੀ ਚਾਹੀਦੀ ਹੈ। ਉਨ੍ਹਾਂ ਨੇ "ਹਰ ਘਰ ਤਿਰੰਗਾ"ਦੀ ਅਪੀਲ ਕੀਤੀ ਅਤੇ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਸਭ ਤੋਂ ਬਿਹਤਰ ਤਰੀਕਾ ਹੈ ਕਿ ਅਸੀਂ ਈਮਾਨਦਾਰੀ ਨਾਲ ਕੰਮ ਕਰੀਏ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਈਏ। ਸ਼?ਰੀ ਚੌਹਾਨ ਨੇ ਨਾਗਰਿਕਾਂ ਨੂੰ ਵਾਤਾਵਰਣ-ਹਿੱਤ ਦਾ ਕੰਮ (ਜਿਵੇ ਪੌਦਾ ਲਗਾਉਣਾ) ਕਰਨ ਦੀ ਵੀ ਅਪੀਲ ਕੀਤੀ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਇਸ ਸੰਕਲਪ ਨੂੰ ਦੁਹਰਾਇਆ ਕਿ "ਸਰਕਾਰ ਫਾਈਲ ਵਿੱਚ ਨਹੀਂ, ਜਨਤਾ ਦੀ ਲਾਈਫ ਵਿੱਚ ਵਿਖਾਈ ਦੇਣੀ ਚਾਹੀਦੀ ਹੈ"ਉਨ੍ਹਾਂ ਨੇ ਕਿਹਾ ਕਿ ਅੱਜ ਦਾ ਪ੍ਰੋਗਰਾਮ ਇਸੇ ਸੋਚ ਦਾ ਨਤੀਜਾ ਹੈ, ਜਿੱਥੇ ਤਕਨੀਕ ਅਤੇ ਨੀਤੀਆਂ ਆਮ ਆਦਮੀ ਦੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਸੁਧਾਰ ਲਿਆ ਰਹੀਆਂ ਹਨ। ਸ਼?ਰੀ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਸਰਕਾਰ ਜਨਤਾ ਦੀ ਸੇਵਾ ਵਿੱਚ ਹਰ ਸੰਭਵ ਯਤਨ ਕਰ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਵੱਡੇ ਟੀਚੇ ਹਾਸਲ ਕੀਤੇ ਜਾਣਗੇ ਜਿਨ੍ਹਾਂ ਵਿੱਚ 'ਲਖਪਤੀ ਦੀਦੀ' ਦਾ ਟੀਚਾ ਵੀ ਸ਼ਾਮਲ ਹੈ ਜਿਸ ਦੇ ਤਹਿਤ 2029 ਤੱਕ 6 ਕਰੋੜ ਗ੍ਰਾਮੀਣ ਮਹਿਲਾਵਾਂ ਨੂੰ ਲਖਪਤੀ ਬਣਾਉਣ ਦਾ ਸੰਕਲਪ ਹੈ।



# ਲੋਕਤੰਤਰ ਦੀ ਬਿਹਤਰੀ ਲਈ ਬਦਲਾਅ ਜ਼ਰੂਰੀ

ਲੋਕਤੰਤਰ ਅਸਲ ਮਾਇਨਿਆਂ ਵਿੱਚ ਸਿਰਫ਼ ਪੰਜ ਸਾਲਾਂ ਬਾਅਦ ਵੋਟ ਪਾਉਣ ਜਾਂ ਸਰਕਾਰਾਂ ਬਦਲਣ ਦਾ ਨਾਂ ਨਹੀਂ ਹੈ, ਸਗੋਂ ਇਹ ਨਾਗਰਿਕਾਂ ਦੀ ਆਜ਼ਾਦੀ, ਸਮਾਨਤਾ, ਇਨਸਾਫ਼ ਅਤੇ ਸ਼ਾਸਨ ਕੋਲੋਂ ਨਿਡਰ ਹੋ ਕੇ ਸਵਾਲ ਪੁੱਛਣ ਦੇ ਅਧਿਕਾਰ ਦਾ ਜਿਉਂਦਾ-ਜਾਗਦਾ ਢਾਂਚਾ ਹੈ।

ਇੱਕ ਤੰਦਰੁਸਤ ਲੋਕਤੰਤਰ ਉਹ ਹੁੰਦਾ ਹੈ ਜਿੱਥੇ ਸਮਾਜ ਦੇ ਅਖ਼ੀਰਲੇ ਕੰਢੇ 'ਤੇ ਖੜ੍ਹੇ ਵਿਅਕਤੀ ਦੀ ਆਵਾਜ਼ ਵੀ ਦੇਸ਼ ਦੇ ਸਭ ਤੋਂ ਸ਼ਕਤੀਸ਼ਾਲੀ ਹਾਕਮ ਦੇ ਕੰਨਾਂ ਤੱਕ ਪਹੁੰਚੇ ਅਤੇ ਉਸ ਆਵਾਜ਼ ਦੀ ਸੁਣਵਾਈ ਹੋਵੇ। ਅੱਜ ਭਾਰਤ ਦੇਸ਼ ਵਿੱਚ ਲੋਕਤੰਤਰ ਦੀਆਂ ਜੜ੍ਹਾਂ ਇੰਨੀਆਂ ਕਮਜ਼ੋਰ ਹੁੰਦੀਆਂ ਜਾ ਰਹੀਆਂ ਹਨ ਕਿ ਲੋਕ ਅਤੇ ਰਾਜਨੇਤਾ ਦੋਵੇਂ ਹੀ ਲੋਕਤੰਤਰ ਦੀ ਸੀਮਾ ਨੂੰ ਸਿਰਫ਼ ਚੋਣਾਂ ਜਿੱਤਣ ਅਤੇ ਹਾਰਨ ਦੇ ਅੰਕੜਿਆਂ ਤੱਕ ਹੀ ਸੀਮਤ ਮੰਨ ਬੈਠੇ ਹਨ। ਨੇਤਾ ਲੋਕ ਵੋਟ ਬੈਂਕ ਬਣਾਉਣ ਲਈ ਧਰਮ, ਜਾਤ, ਇਲਾਕਾਪ੍ਰਸਤੀ ਅਤੇ ਝੂਠੇ ਵਾਅਦਿਆਂ ਸਮੇਤ ਹਰ ਸੰਭਵ ਹਥਿਆਰ ਦੀ ਵਰਤੋਂ ਕਰਦੇ ਹਨ।

ਸਵਾਲ ਉੱਠਦਾ ਹੈ ਕਿ ਕੀ ਇਹੋ ਅਸਲ ਲੋਕਤੰਤਰ ਹੈ? ਕੀ ਅਜਿਹਾ ਲੋਕਤੰਤਰ ਦੇਸ਼ ਦੀ ਆਜ਼ਾਦੀ ਅਤੇ ਸੰਵਿਧਾਨ ਲਈ ਖ਼ਤਰਨਾਕ ਨਹੀਂ ਹੈ? ਕੀ ਭਾਰਤੀ ਨਾਗਰਿਕ ਲੋਕਤੰਤਰ ਦੀ ਅਸਲੀ ਅਹਿਮੀਅਤ ਨੂੰ ਸਮਝ ਰਹੇ ਹਨ? ਦੇਸ਼ ਵਿੱਚ ਲੋਕਤੰਤਰੀ ਢਾਂਚਾ ਅੱਜ ਗੰਭੀਰ ਖ਼ਤਰੇ ਵਿੱਚ ਹੈ, ਇਸ ਵਿੱਚ ਕੋਈ ਦੂਜੀ ਰਾਇ ਨਹੀਂ ਹੈ।

ਨਰਿੰਦਰ ਮੋਦੀ ਦੇ ਸ਼ਾਸ਼ਨ ਕਾਲ ਵਿੱਚ ਦੇਸ਼ ਅੰਦਰ ਅਜਿਹਾ ਖ਼ੌਫ਼ਨਾਕ ਮਾਹੌਲ ਸਿਰਜ ਦਿੱਤਾ ਗਿਆ ਹੈ ਕਿ ਵੱਡੇ-ਵੱਡੇ ਪ੍ਰਸਿੱਧ ਪੱਤਰਕਾਰ, ਸੰਪਾਦਕ ਅਤੇ ਟੀਵੀ ਐਂਕਰ ਵੀ ਦੱਬੀ ਜ਼ਬਾਨ ਵਿੱਚ ਹੀ ਗੱਲ ਕਰਦੇ ਹਨ ਜਾਂ ਡਰ-ਡਰ ਕੇ ਲਿਖਦੇ ਹਨ। ਸੱਤਾਧਾਰੀ ਧਿਰ ਵੱਲੋਂ ਇੱਕ ਅਜਿਹਾ ਅੰਧ-ਭਗਤੀ ਦਾ ਮਾਹੌਲ ਤਿਆਰ ਕੀਤਾ ਗਿਆ ਹੈ ਜਿੱਥੇ ਕੁੱਝ ਲੋਕ ਨਰਿੰਦਰ ਮੋਦੀ ਨੂੰ ਇਨਸਾਨ ਨਹੀਂ ਸਗੋਂ ਭਗਵਾਨ ਦਾ ਦਰਜਾ ਦੇਣ ਲੱਗੇ ਹਨ। ਉਹ ਇਹ ਪ੍ਰਚਾਰਦੇ ਹਨ ਕਿ ਪ੍ਰਧਾਨ ਮੰਤਰੀ ਜਾਂ ਉਨ੍ਹਾਂ ਦੀਆਂ ਨੀਤੀਆਂ ਖ਼ਿਲਾਫ਼ ਕੁੱਝ ਵੀ ਬੋਲਣਾ ਦੇਸ਼-ਧ੍ਰੋਹ ਹੈ ਜਾਂ ਭਗਵਾਨ ਦਾ ਅਪਮਾਨ ਹੈ। ਲੋਕਤੰਤਰ ਵਿੱਚ ਆਲੋਚਨਾ ਨੂੰ ਸ਼ਾਸਨ ਦਾ ਸੁਧਾਰਕ ਮੰਨਿਆ ਜਾਂਦਾ ਹੈ, ਪਰ ਇੱਥੇ ਆਲੋਚਨਾ ਨੂੰ ਕੀ ਗੁਨਾਹ ਨਹੀਂ ਬਣਾ ਦਿੱਤਾ ਗਿਆ ਹੈ?

ਲੋਕਤੰਤਰ ਦੇ ਨਾਂ 'ਤੇ ਮੋਦੀ ਸਰਕਾਰ ਵੱਲੋਂ ਦੇਸ਼ ਦੀਆਂ ਖੁਦਮੁਖਤਾਰ ਅਤੇ ਸੰਵਿਧਾਨਕ ਸੰਸਥਾਵਾਂ ਦਾ ਜਿਸ ਬੇਰਹਿਮੀ ਨਾਲ ਘਾਣ ਕੀਤਾ ਗਿਆ ਹੈ। ਚੋਣ ਕਮਿਸ਼ਨ, ਜਿਸ ਦਾ ਕੰਮ ਨਿਰਪੱਖ ਅਤੇ ਆਜ਼ਾਦਾਨਾ ਚੋਣਾਂ ਕਰਵਾਉਣਾ ਸੀ, ਉਸ ਦੀ ਸੁਤੰਤਰਤਾ 'ਤੇ ਗੰਭੀਰ ਸਵਾਲ ਖੜ੍ਹੇ ਹੋਏ ਹਨ। ਕੇਂਦਰੀ ਤਫ਼ਤੀਸ਼ੀ ਏਜੰਸੀਆਂ ਜਿਵੇਂ ਈਡੀ , ਸੀਬੀਆਈ ਅਤੇ ਇਨਕਮ ਟੈਕਸ ਵਿਭਾਗ ਨੂੰ ਵਿਰੋਧੀ ਧਿਰਾਂ ਦੇ ਨੇਤਾਵਾਂ ਦੀਆਂ ਆਵਾਜ਼ਾਂ ਦੱਬਣ ਅਤੇ ਉਨ੍ਹਾਂ ਨੂੰ ਡਰਾਉਣ ਅਤੇ ਪਾਰਟੀਆਂ ਤੋੜਨ ਲਈ ਕੀ ਹਥਿਆਰ ਵਜੋਂ ਵਰਤਿਆ ਜਾ ਰਿਹਾ ?

ਸੰਸਦ ਵਿੱਚ ਬਿਨਾਂ ਕਿਸੇ ਬਹਿਸ ਜਾਂ ਵਿਰੋਧੀ ਧਿਰ ਦੀ ਸੁਣਵਾਈ ਦੇ ਮਹੱਤਵਪੂਰਨ ਕਾਨੂੰਨ ਧੱਕੇ ਨਾਲ ਪਾਸ ਕਰਵਾਏ ਜਾਂਦੇ ਹਨ ਅਤੇ ਸੰਸਦ ਮੈਂਬਰਾਂ ਨੂੰ ਮੁਅੱਤਲ ਕਰਨਾ ਆਮ ਗੱਲ ਬਣਾ ਦਿੱਤੀ ਗਈ ਹੈ। ਅਦਾਲਤਾਂ ਅਤੇ ਨਿਆਂਪਾਲਿਕਾ 'ਤੇ ਵੀ ਅਪ੍ਰਤੱਖ ਦਬਾਅ ਬਣਾਉਣ ਦੀਆਂ ਕੋਸ਼ਿਸ਼ਾਂ ਹੁੰਦੀਆਂ ਹਨ।

ਪ੍ਰੈੱਸ ਦੀ ਆਜ਼ਾਦੀ ਦਾ ਘੋਟ ਕੇ 'ਗੋਦੀ ਮੀਡੀਆ' ਨੂੰ ਝੂਠ ਅਤੇ ਨਫ਼ਰਤ ਫੈਲਾਉਣ ਦੀ ਖੁੱਲ੍ਹ ਦਿੱਤੀ ਗਈ ਹੈ। ਪ੍ਰਭੂਸੱਤਾ ਸੰਪੰਨ ਸੰਸਥਾਵਾਂ ਦੀ ਨਿਰਪੱਖਤਾ ਨੂੰ ਭੰਗ ਕਰਕੇ ਸ਼ਾਸਕ ਦਾ ਅਕਸ ਇੱਕ 'ਅਜੇਤੂ ਡਿਕਟੇਟਰ' ਵਰਗਾ ਬਣਾਇਆ ਗਿਆ ਹੈ।

ਭਾਰਤ ਵਿੱਚ ਲੋਕਤੰਤਰ ਦੀ ਬੁਨਿਆਦ ਰੱਖਣ ਅਤੇ ਲੋਕਾਂ ਨੂੰ ਸੰਗਠਿਤ ਕਰਨ ਵਿੱਚ ਕਾਂਗਰਸ ਪਾਰਟੀ ਦਾ ਇਤਿਹਾਸਕ ਰੋਲ ਰਿਹਾ ਹੈ। ਕਾਂਗਰਸ ਨੇ ਦੇਸ਼ ਦੀ ਆਜ਼ਾਦੀ ਦੇ ਸੰਗਰਾਮ ਦੌਰਾਨ ਦੇਸ਼ ਦੇ ਕੋਨੇ-ਕੋਨੇ ਤੋਂ ਲੱਖਾਂ ਲੋਕਾਂ, ਕਿਸਾਨਾਂ, ਮਜ਼ਦੂਰਾਂ ਅਤੇ ਨੌਜਵਾਨਾਂ ਨੂੰ ਇੱਕ ਛਤਰੀ ਹੇਠ ਇਕੱਠਾ ਕੀਤਾ। ਆਜ਼ਾਦੀ ਤੋਂ ਬਾਅਦ ਜਵਾਹਰ ਲਾਲ ਨਹਿਰੂ ਅਤੇ ਹੋਰ ਮੋਹਰੀ ਆਗੂਆਂ ਨੇ ਨੌਜਵਾਨਾਂ ਨੂੰ ਦੇਸ਼ ਨਿਰਮਾਣ ਵਿੱਚ ਜੋੜਨ ਲਈ ਅਕਾਦਮਿਕ, ਵਿਗਿਆਨਕ ਅਤੇ ਸਮਾਜਿਕ ਮੰਚ ਪ੍ਰਦਾਨ ਕੀਤੇ। ਚੋਣਾਂ ਰਾਹੀਂ ਸਰਕਾਰਾਂ ਬਣਾ ਕੇ ਕਾਂਗਰਸ ਨੇ ਭਾਰਤੀ ਲੋਕਤੰਤਰ ਦੇ ਮਜ਼ਬੂਤ ਸਤੰਭ ਖੜ੍ਹੇ ਕੀਤੇ- ਜਿਵੇਂ ਸੰਵਿਧਾਨਕ ਸ਼ਾਸਨ, ਧਰਮ-ਨਿਰਪੱਖਤਾ, ਸਮਾਜਿਕ ਰਾਖਵਾਂਕਰਨ, ਭਾਸ਼ਾ ਆਧਾਰਿਤ ਸੂਬਿਆਂ ਦੀ ਰਚਨਾ, ਸੁਤੰਤਰ ਕੇਂਦਰੀ ਬੈਂਕ ਅਤੇ ਭੂਮੀ ਸੁਧਾਰ।

ਗਲਤੀਆਂ ਕਾਂਗਰਸੀ ਨੇਤਾਵਾਂ ਤੋਂ ਵੀ ਹੋਈਆਂ। 1975 ਵਿੱਚ ਇੰਦਰਾ ਗਾਂਧੀ ਵੱਲੋਂ ਲਗਾਈ ਗਈ ਐਮਰਜੈਂਸੀ ਲੋਕਤੰਤਰ 'ਤੇ ਇੱਕ ਵੱਡਾ ਦਾਗ ਸੀ। ਪਰ ਉਸ ਵੇਲੇ ਵੀ ਜੈਪ੍ਰਕਾਸ਼ ਨਾਰਾਇਣ ਦੀ ਅਗਵਾਈ ਹੇਠ ਦੇਸ਼ ਦਾ ਨੌਜਵਾਨ ਸੰਗਠਿਤ ਹੋਇਆ, ਵਿਸ਼ਾਲ ਜਨ-ਅੰਦੋਲਨ ਛਿੜਿਆ, ਕੇਂਦਰ ਸਰਕਾਰ ਬਦਲੀ ਅਤੇ ਲੋਕਤੰਤਰ ਦੀ ਮੁੜ ਬਹਾਲੀ ਲਈ ਸੰਵਿਧਾਨਕ ਸੁਰੱਖਿਆ ਢਾਂਚਾ ਲਾਗੂ ਕੀਤਾ ਗਿਆ। ਇਹ ਸਭ ਬਦਲਾਅ ਰਾਜਨੀਤਿਕ ਧਿਰਾਂ ਦੀਆਂ ਕੋਸ਼ਿਸ਼ਾਂ, ਨੌਜਵਾਨਾਂ ਦੀ ਜਾਗਰੂਕਤਾ ਅਤੇ ਸੰਵਿਧਾਨਕ ਸੰਘਰਸ਼ਾਂ ਰਾਹੀਂ ਹੀ ਸੰਭਵ ਹੋਏ ਸਨ।



ਅੱਜ ਦੇ ਦੌਰ ਵਿੱਚ ਜਦੋਂ ਰਵਾਇਤੀ ਰਾਜਨੀਤਿਕ ਪਾਰਟੀਆਂ ਸੱਤਾਧਾਰੀ ਧਿਰ ਦੀਆਂ ਧੱਕੇਸ਼ਾਹੀਆਂ ਅੱਗੇ ਬੇਵੱਸ ਨਜ਼ਰ ਆ ਰਹੀਆਂ ਸਨ। ਪਿਛਲੇ ਦਿਨੀਂ ਜੰਤਰ-ਮੰਤਰ 'ਤੇ ਜਾਗਰੂਕ ਨੌਜਵਾਨਾਂ ਨੇ ਇਕੱਠੇ ਹੋ ਕੇ ਲੋਕਤੰਤਰ ਦਾ ਅਸਲੀ ਮਤਲਬ ਪੂਰੇ ਦੇਸ਼ ਨੂੰ ਸਮਝਾ ਦਿੱਤਾ। ਉਨ੍ਹਾਂ ਸਾਬਤ ਕਰ ਦਿੱਤਾ ਕਿ ਜੇਕਰ ਲੋਕ ਇੱਕਜੁੱਟ ਹੋ ਜਾਣ ਤਾਂ ਹੰਕਾਰੀ ਸੱਤਾ ਨੂੰ ਹਿਲਾਇਆ ਜਾ ਸਕਦਾ ਹੈ ਅਤੇ ਸ਼ਾਸਕ ਨੂੰ ਗੋਡਿਆਂ ਭਾਰ ਕੀਤਾ ਜਾ ਸਕਦਾ ਹੈ। ਆਪ-ਮੁਹਾਰੀਆਂ ਤਾਕਤਾਂ ਹਾਸਲ ਕਰੀ ਬੈਠੇ ਡਿਕਟੇਟਰ ਸੋਚ ਵਾਲੇ ਸ਼ਾਸਕ ਨੂੰ, ਜੋ ਵਿਰੋਧੀਆਂ ਨੂੰ ਬੌਣੇ ਸਮਝਦਾ ਹੈ, ਸਬਕ ਸਿਖਾਇਆ ਜਾ ਸਕਦਾ ਹੈ। ਨੌਜਵਾਨਾਂ ਨੇ ਪੇਪਰ ਲੀਕੇਜ ਵਰਗੇ ਗੰਭੀਰ ਮੁੱਦਿਆਂ 'ਤੇ ਡਟ ਕੇ ਪ੍ਰਦਰਸ਼ਨ ਕੀਤਾ, ਮੰਤਰੀਆਂ ਦੇ ਅਸਤੀਫ਼ੇ ਦੀ ਮੰਗ ਕੀਤੀ ਅਤੇ ਸਰਕਾਰੀ ਤਸ਼ੱਦਦ ਸਹਿ ਕੇ ਵੀ ਸ਼ਾਂਤਮਈ ਸੰਘਰਸ਼ ਜਿੱਤਿਆ। ਇਸ ਅੰਦੋਲਨ ਨੇ ਮੋਦੀ ਦੇ ਵਿਰੋਧੀਆਂ ਦੇ ਮਨਾਂ ਵਿੱਚੋਂ ਡਰ ਦਾ ਮਾਹੌਲ ਖ਼ਤਮ ਕਰ ਦਿੱਤਾ।

ਇੱਕ ਵੱਡੀ ਮਿਸਾਲ ਤਾਮਿਲਨਾਡੂ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੇਖਣ ਨੂੰ ਮਿਲੀ, ਜਿੱਥੇ ਨਵੀਂ ਸਥਾਪਤ ਤਮਿਲਗਾ ਵੈਟਰੀ ਕੜਗਮ (ਟੀਵੀਕੇ) ਵਰਗੀ ਪਾਰਟੀ ਨੇ ਇਤਿਹਾਸ ਰਚ ਦਿੱਤਾ। ਇਸ ਪਾਰਟੀ ਕੋਲ ਨਾ ਕੋਈ ਦਹਾਕਿਆਂ ਪੁਰਾਣਾ ਸੰਗਠਨ ਸੀ, ਨਾ ਵੱਡਾ ਕਾਡਰ, ਨਾ ਮੈਂਬਰਸ਼ਿਪ ਦੀਆਂ ਲੰਬੀਆਂ ਕਤਾਰਾਂ, ਪਰ ਫਿਰ ਵੀ ਲੋਕਾਂ ਦੇ ਵਿਸ਼ਵਾਸ ਨਾਲ ਇਸ ਨੇ ਲਗਭਗ 35 ਫ਼ੀਸਦੀ (34.92%) ਵੋਟਾਂ ਹਾਸਲ ਕਰਕੇ ਰਾਜਨੀਤਿਕ ਸਮੀਕਰਨ ਬਦਲ ਦਿੱਤੇ। ਕੀ ਇਹ ਘਟਨਾਕ੍ਰਮ ਇਹ ਨਹੀਂ ਦਰਸਾਉਂਦਾ ਕਿ ਲੋਕਤੰਤਰ ਵਿੱਚ ਸ਼ਕਤੀ ਦਾ ਅਸਲ ਸਰੋਤ ਜਨਤਾ ਹੈ, ਕੋਈ ਖਾਸ ਰਾਜਨੀਤਿਕ ਘਰਾਣਾ ਜਾਂ ਪਾਰਟੀ ਢਾਂਚਾ ਨਹੀਂ?

ਅੱਜ ਦੇ ਨੌਜਵਾਨਾਂ ਨੇ ਆਪਣੇ ਸੰਘਰਸ਼ ਲਈ ਸੋਸ਼ਲ ਮੀਡੀਆ- ਜਿਵੇਂ ਇੰਸਟਾਗ੍ਰਾਮ, ਯੂਟਿਊਬ ਅਤੇ ਐਕਸ (ਟਵਿੱਟਰ)-ਨੂੰ ਇੱਕ ਸ਼ਕਤੀਸ਼ਾਲੀ ਹਥਿਆਰ ਬਣਾਇਆ ਹੈ। ਜਿੱਥੇ ਗੋਦੀ ਮੀਡੀਆ ਲੋਕਾਂ ਦੀਆਂ ਸਮੱਸਿਆਵਾਂ ਦਿਖਾਉਣ ਤੋਂ ਇਨਕਾਰੀ ਹੈ, ਉੱਥੇ ਨੌਜਵਾਨਾਂ ਨੇ ਆਪਣੀ ਆਵਾਜ਼ ਹਰ ਘਰ ਤੱਕ ਪਹੁੰਚਾਈ। ਉਨ੍ਹਾਂ ਨੇ ਜਾਤ, ਧਰਮ, ਲਿੰਗ, ਵਿਰਾਸਤ ਅਤੇ ਧਨ-ਦੌਲਤ ਦੇ ਭੇਦਭਾਵ ਨੂੰ ਨਜ਼ਰਅੰਦਾਜ਼ ਕਰਕੇ ਇੱਕ ਅਜਿਹਾ ਸਾਂਝਾ ਮੰਚ ਤਿਆਰ ਕੀਤਾ ਜਿਸ ਦੀ ਆਵਾਜ਼ ਲੋਕਾਂ ਦੇ ਦਿਲਾਂ ਤੱਕ ਪਹੁੰਚੀ।

ਹਾਲਾਂਕਿ, ਸੱਤਾਧਾਰੀ ਧਿਰ ਅਤੇ ਮੋਦੀ ਭਗਤ ਅਜਿਹੇ ਲੋਕਤੰਤਰੀ ਪ੍ਰਦਰਸ਼ਨਾਂ ਨੂੰ 'ਅਲੋਕਤੰਤਰਕ' ਜਾਂ ਦੇਸ਼ ਨੂੰ ਅਸਥਿਰ ਕਰਨ ਦੀ ਸਾਜ਼ਿਸ਼ ਆਖਦੇ ਹਨ। ਉਹ ਦਾਅਵਾ ਕਰਦੇ ਹਨ ਕਿ ਭਾਰਤ ਵਿੱਚ ਇੰਨੀ ਆਜ਼ਾਦੀ ਹੈ ਕਿ ਪ੍ਰਧਾਨ ਮੰਤਰੀ ਖ਼ਿਲਾਫ਼ ਬੋਲਣ 'ਤੇ ਵੀ ਕੋਈ ਕਾਰਵਾਈ ਨਹੀਂ ਹੁੰਦੀ, ਅਤੇ ਪੁੱਛਦੇ ਹਨ ਕਿ ਕੀ ਅਜਿਹੀ ਆਜ਼ਾਦੀ ਚੀਨ, ਰੂਸ ਜਾਂ ਉੱਤਰੀ ਕੋਰੀਆ ਵਿੱਚ ਮਿਲ ਸਕਦੀ ਹੈ? ਸਵਾਲ ਹੈ ਕਿ ਕੀ ਭਾਰਤ ਦੀ ਤੁਲਨਾ ਤਾਨਾਸ਼ਾਹੀ ਦੇਸ਼ਾਂ ਨਾਲ ਕਰਨਾ ਭਾਰਤੀ ਸੰਵਿਧਾਨ ਦਾ ਅਪਮਾਨ ਨਹੀਂ ਹੈ? ਭਾਰਤ ਇੱਕ ਲੋਕਤੰਤਰੀ ਗਣਰਾਜ ਹੈ, ਜਿਸ ਦੀ ਤੁਲਨਾ ਤਾਨਾਸ਼ਾਹੀਆਂ ਨਾਲ ਨਹੀਂ ਕੀਤੀ ਜਾ ਸਕਦੀ।



ਗੁਰਮੀਤ ਸਿੰਘ ਪਲਾਹੀ

ਇਹ ਅਟੱਲ ਸੱਚਾਈ ਹੈ ਕਿ ਜਦੋਂ ਨਾਗਰਿਕ ਬਦਲਾਅ ਲਿਆਉਣ ਦਾ ਮਨ ਬਣਾ ਲੈਂਦੇ ਹਨ, ਤਾਂ ਕੋਈ ਵੀ ਤਾਨਾਸ਼ਾਹੀ ਤਾਕਤ ਉਨ੍ਹਾਂ ਨੂੰ ਰੋਕ ਨਹੀਂ ਸਕਦੀ। ਜਿਹੜੇ ਲੋਕ ਇੱਕ-ਦੂਜੇ ਨੂੰ ਪਹਿਲਾਂ ਜਾਣਦੇ ਵੀ ਨਹੀਂ ਸਨ, ਜਿਨ੍ਹਾਂ ਦਾ ਆਪਸ ਵਿੱਚ ਕੋਈ ਨਿੱਜੀ ਸਬੰਧ ਨਹੀਂ ਸੀ, ਜੇਕਰ ਉਨ੍ਹਾਂ ਦੀ ਸੋਚ ਦੇਸ਼ ਨੂੰ ਬਚਾਉਣ ਲਈ ਇੱਕ ਹੋ ਜਾਵੇ ਤਾਂ ਉਹ ਚੋਣਾਂ ਰਾਹੀਂ ਅਤੇ ਸ਼ਾਂਤਮਈ ਸੰਘਰਸ਼ਾਂ ਰਾਹੀਂ ਵੱਡੀਆਂ-ਵੱਡੀਆਂ ਸੱਤਾਵਾਂ ਨੂੰ ਬਦਲ ਸਕਦੇ ਹਨ।

ਜਦੋਂ ਅਦਾਲਤਾਂ ਸਮੇਂ ਸਿਰ ਇਨਸਾਫ਼ ਨਾ ਕਰ ਸਕਣ, ਜਦੋਂ ਵਿਧਾਨ ਸਭਾਵਾਂ ਅਤੇ ਲੋਕ ਸਭਾ ਦੇ ਚੁਣੇ ਹੋਏ ਨੁਮਾਇੰਦੇ ਲੋਕਾਂ ਦੇ ਦੁੱਖ-ਦਰਦ ਤੋਂ ਦੂਰ ਹੋ ਕੇ ਸੱਤਾ ਦੇ ਨਸ਼ੇ ਵਿੱਚ ਗੂੜ੍ਹੀ ਨੀਂਦ ਸੌਂ ਜਾਣ, ਉਦੋਂ ਕੀ ਸੜਕਾਂ 'ਤੇ ਉੱਤਰ ਕੇ ਕੀਤਾ ਗਿਆ ਜਨ-ਸੰਘਰਸ਼ ਹੀ ਲੋਕਤੰਤਰ ਨੂੰ ਬਚਾਉਣ ਦਾ ਅਸਲ ਅਤੇ ਸੰਵਿਧਾਨਕ ਰਾਹ ਨਹੀਂ ਹੁੰਦਾ ?

ਦੇਸ਼ ਵਿੱਚ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਯੂਨੀਵਰਸਿਟੀਆਂ ਅਤੇ ਉੱਚ ਸਿੱਖਿਆ ਸੰਸਥਾਵਾਂ ਵਿੱਚੋਂ ਅੰਧ-ਵਿਸ਼ਵਾਸ, ਫ਼ਿਰਕੇਦਾਰੀ ਅਤੇ ਮੱਧਵਰਗੀ ਜਮੂਦ (ਅੰਧ-ਸਵੀਕਾਰਤਾ) ਨੂੰ ਖ਼ਤਮ ਕਰਨਾ ਪਵੇਗਾ। ਵਿਦਿਆਰਥੀਆਂ ਨੂੰ ਮੁਕਤ ਸੋਚ ਦਾ ਮਾਹੌਲ ਦੇਣਾ ਹੋਵੇਗਾ। ਇਸ ਦੇ ਨਾਲ ਹੀ, ਗੈਰ-ਕਾਨੂੰਨੀ 'ਨੈਤਿਕ ਪੁਲਿਸਿੰਗ' ਕਰਨ ਵਾਲੇ ਅਨਸਰਾਂ, ਪੁਲਿਸ ਦੀ ਧੱਕੇਸ਼ਾਹੀ ਅਤੇ ਬਜਰੰਗ ਦਲ ਵਰਗੀਆਂ ਕੱਟੜਪੰਥੀ ਸੰਸਥਾਵਾਂ ਦੀ ਗੈਰ-ਸੰਵਿਧਾਨਕ ਗੁੰਡਾਗਰਦੀ ਨਾਲ ਕਾਨੂੰਨੀ ਅਤੇ ਲੋਕਤੰਤਰੀ ਢੰਗ ਨਾਲ ਨਜਿੱਠਣਾ ਪਵੇਗਾ।

ਲੋਕਤੰਤਰ ਦੀ ਲੜਾਈ ਸਿਰਫ਼ ਵੱਡੇ ਰਾਜਨੀਤਿਕ ਮੰਚਾਂ ਤੱਕ ਸੀਮਤ ਨਹੀਂ ਹੋਣੀ ਚਾਹੀਦੀ। ਸਥਾਨਕ ਪੱਧਰ 'ਤੇ ਸਰਕਾਰੀ ਹਸਪਤਾਲਾਂ, ਰਾਸ਼ਨ ਦੀਆਂ ਦੁਕਾਨਾਂ, ਸਰਕਾਰੀ ਦਫ਼ਤਰਾਂ ਵਿੱਚ ਫੈਲੇ ਦਮਨਕਾਰੀ ਭ੍ਰਿਸ਼ਟਾਚਾਰ ਦਾ ਖ਼ਾਤਮਾ ਕਰਨਾ ਅਤੇ ਦੇਸ਼ ਦੇ ਲੱਖਾਂ ਪੜ੍ਹੇ-ਲਿਖੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੁਹੱਈਆ ਸਾਧਨ ਬਣਾਉਣਾ ਹੀ ਲੋਕਤੰਤਰ ਦਾ ਅਸਲ ਮੁੱਦਾ ਹੈ।

ਲੋਕਤੰਤਰ ਦੀ ਬਿਹਤਰੀ ਲਈ ਹਰ ਨਾਗਰਿਕ ਦਾ ਜਾਗਰੂਕ ਹੋਣਾ, ਸਵਾਲ ਪੁੱਛਣਾ ਅਤੇ ਬਦਲਾਅ ਲਈ ਡਟਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

**ਮੋਬਾ : 9815802070**





# ਵੇਦ ਪ੍ਰਚਾਰ ਮੰਡਲ ਨੇ ਵੈਦਿਕ ਮੰਤਰ ਪਾਠ ਮੁਕਾਬਲਾ ਕਰਵਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਵੇਦ ਪ੍ਰਚਾਰ ਮੰਡਲ ਪੰਜਾਬ ਨੇ ਪ੍ਰਿੰਸੀਪਲ ਡਾ. ਵੰਦਨਾ ਸ਼ਾਹੀ ਦੀ ਅਗਵਾਈ ਹੇਠ ਅਤੇ ਆਰਕੀਟੈਕਟ ਸੰਜੇ ਗੋਇਲ ਦੇ ਸਹਿਯੋਗ ਨਾਲ ਬਸੰਤ ਐਵੇਨਿਊ ਦੁੱਗਰੀ ਸਥਿਤ ਬੀਸੀਐਮ ਸਕੂਲ ਵਿਖੇ ਇੱਕ ਅੰਤਰ-ਸਕੂਲ ਵੈਦਿਕ ਮੰਤਰ ਪਾਠ ਮੁਕਾਬਲਾ ਕਰਵਾਇਆ। ਪ੍ਰਿੰਸੀਪਲ ਸੰਦੀਪ ਚਾਨਣਾ, ਕਮਲਾ ਲੋਹਟੀਆ ਐਸਡੀ ਕਾਲਜ ਲੁਧਿਆਣਾ ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਆਰੀਆ ਕਾਲਜ ਪ੍ਰਬੰਧਕ ਕਮੇਟੀ ਦੇ ਸਕੱਤਰ ਗੌਰਵ ਸਰੀਨ ਅਤੇ ਆਰੀਆ ਸਮਾਜ ਅਗਰ ਨਗਰ ਦੇ ਪ੍ਰਚਾਰ ਸਕੱਤਰ ਸੰਜੇ ਵੀਰਮਾਨੀ ਨੇ ਦੀਪ ਜਗਾ ਕੇ ਸਮਾਰੋਹ ਦਾ ਉਦਘਾਟਨ ਕੀਤਾ। ਆਰੀਆ



ਸਮਾਜ ਦੁੱਗਰੀ ਤੋਂ ਕਰਮਵੀਰ ਗੁਲਾਟੀ ਅਤੇ ਵਿਕਾਸ ਬੱਤਰਾ ਨੇ ਪ੍ਰਤੀਯੋਗੀਆਂ ਨੂੰ ਬੈਜ ਭੇਟ ਕਰਕੇ ਮੁਕਾਬਲੇ ਦੀ ਸ਼ੁਰੂਆਤ ਕੀਤੀ। ਲੁਧਿਆਣਾ ਦੇ 13 ਸਕੂਲਾਂ ਦੇ 166 ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਹਿੱਸਾ ਲਿਆ। ਵਿਦਿਆਰਥੀਆਂ ਨੇ ਵੈਦਿਕ ਮੰਤਰਾਂ ਦਾ ਜਾਪ ਕੀਤਾ ਉਨ੍ਹਾਂ ਦੇ ਅਰਥ ਪੇਸ਼ ਕੀਤੇ। ਪ੍ਰੋਫੈਸਰ ਅੰਬੁਜ ਮਾਲਾ, ਪ੍ਰੋਫੈਸਰ ਅੰਤਿਮਾ ਧੂਪਰ ਅਤੇ ਡਾ. ਅਨਾਮਿਕਾ ਨੇ ਜੱਜਾਂ ਵਜੋਂ ਸੇਵਾ ਨਿਭਾਈ। ਮੁੱਖ ਮਹਿਮਾਨ ਐਨਸੀਸੀਡੀਆਰ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਦੇ ਵਿਸ਼ੇਸ਼ ਮੈਂਬਰ ਸੁਖਵਿੰਦਰ ਸਿੰਘ ਬਿੰਦਰਾ ਅਤੇ ਹੋਰ ਮਹਿਮਾਨਾਂ ਦਾ ਸਵਾਗਤ ਰੋਸ਼ਨ ਲਾਲ ਆਰੀਆ, ਬੌਬੀ ਮਲਹੋਤਰਾ, ਸਤੀਸ਼ ਸ਼ਰਮਾ, ਅਤੁਲ ਧਵਨ ਅਤੇ ਮੰਡਲ ਦੇ ਹੋਰ ਅਧਿਕਾਰੀਆਂ ਨੇ ਕੀਤਾ। ਆਪਣੇ ਸੰਬੋਧਨ ਵਿੱਚਸੰਜੇ ਗੋਇਲ ਨੇ ਕਿਹਾ ਕਿ ਨੌਜਵਾਨਾਂ ਵਿੱਚ ਨੈਤਿਕ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਅਤੇ ਵੈਦਿਕ ਸੱਭਿਆਚਾਰ ਦਾ ਪ੍ਰਚਾਰ ਕਰਨ ਲਈ ਆਯੋਜਿਤ ਮੰਤਰ ਜਾਪ ਮੁਕਾਬਲਾ ਇੱਕ ਬਹੁਤ ਹੀ ਸ਼ਲਾਘਾਯੋਗ ਸਮਾਗਮ ਹੈ। ਸਮਾਗਮ ਦੇ ਚੇਅਰਮੈਨ ਸੰਦੀਪ ਚਾਨਣਾ ਨੇ ਕਿਹਾ ਕਿ ਵੇਦ ਬ੍ਰਹਮ ਗਿਆਨ ਹਨ ਅਤੇ ਵੇਦਾਂ ਦੇ ਸੰਦੇਸ਼ ਦੀ ਅੱਜ ਬਹੁਤ ਲੋੜ ਹੈ। ਮੁੱਖ ਮਹਿਮਾਨ ਸੁਖਵਿੰਦਰ ਬਿੰਦਰਾ ਨੇ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਨੌਜਵਾਨਾਂ ਵਿੱਚ ਕਦਰਾਂ-ਕੀਮਤਾਂ ਪੈਦਾ ਕਰਨਾ ਵੀ ਜ਼ਰੂਰੀ ਹੈ। ਵੇਦ ਪ੍ਰਚਾਰ ਮੰਡਲ ਇਸ ਦਿਸ਼ਾ ਵਿੱਚ ਸ਼ਾਨਦਾਰ ਕੰਮ ਕਰ ਰਿਹਾ ਹੈ ਅਤੇ ਸਾਨੂੰ ਸਾਰਿਆਂ ਨੂੰ ਇਸ ਕੰਮ ਨੂੰ ਅੱਗੇ ਵਧਾਉਣ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਪ੍ਰਿੰਸੀਪਲ ਡਾ. ਵੰਦਨਾ ਸ਼ਾਹੀ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਨੌਜਵਾਨਾਂ ਨੂੰ ਵੈਦਿਕ ਸੰਦੇਸ਼ ਦੇਣ ਅਤੇ ਉਨ੍ਹਾਂ ਵਿੱਚ ਸ਼ਰਧਾ ਪੈਦਾ ਕਰਨ ਲਈ ਇੱਕ ਸ਼ਾਨਦਾਰ ਪ੍ਰੋਗਰਾਮ ਹੈ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਭਵਿੱਖ ਵਿੱਚ ਵੀ ਅਜਿਹੇ ਮੁਕਾਬਲੇ ਜਾਰੀ ਰਹਿਣਗੇ। ਪ੍ਰਿੰਸੀਪਲ ਡਾ. ਵੰਦਨਾ ਸ਼ਾਹੀ ਅਤੇ ਰੋਸ਼ਨ ਲਾਲ ਆਰੀਆ ਨੇ ਸਮਾਗਮ ਵਿੱਚ ਸ਼ਾਮਲ ਮਹਿਮਾਨਾਂ ਨੂੰ ਸਤਿਆਰਥ ਪ੍ਰਕਾਸ਼ ਭੇਟ ਕਰਕੇ ਸਨਮਾਨਿਤ ਕੀਤਾ। ਮੁੱਖ ਮਹਿਮਾਨ ਸੁਖਵਿੰਦਰ ਸਿੰਘ ਬਿੰਦਰਾ ਨੇ ਜੇਤੂ ਪ੍ਰਤੀਯੋਗੀਆਂ ਨੂੰ ਇਨਾਮ ਵੰਡੇ।

# ਸਪੋਰਟਸ ਪ੍ਰਮੋਟਰ ਸੋਨੀਆ ਅਲੱਗ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਜ ਸੇਵਿਕਾ ਸਨਮਾਨ



ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਪੰਜਾਬ ਸਪੋਰਟਸ ਵੈਲਫੇਅਰ ਬੋਰਡ ਦੀ ਮੈਂਬਰ ਅਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਸੋਨੀਆ ਅਲੱਗ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਜ ਸੇਵਿਕਾ ਦੇ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ। ਸ਼ਨੀਵਾਰ ਨੂੰ ਆਜ਼ਾਦੀ ਦਿਵਸ ਮੌਕੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਡ ਮੈਦਾਨ ਵਿੱਚ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਕਰ ਤੇ ਆਬਕਾਰੀ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਉਨ੍ਹਾਂ ਨੂੰ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਅਣਮੁੱਲੇ ਯੋਗਦਾਨ ਸਦਕਾ ਸਨਮਾਨਿਤ ਕੀਤਾ। ਸਨਮਾਨ ਮਿਲਣ 'ਤੇ ਸੋਨੀਆ ਅਲੱਗ ਨੇ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਬੇਹੱਦ ਮਾਣ ਅਤੇ ਖੁਸ਼ੀ ਵਾਲਾ ਪਲ ਹੈ। ਉਨ੍ਹਾਂ ਕਿਹਾ ਕਿ ਸਮਾਜ ਸੇਵਾ ਉਨ੍ਹਾਂ ਲਈ ਕਿਸੇ ਅਹੁਦੇ ਜਾਂ ਸਨਮਾਨ ਦੀ ਪ੍ਰਾਪਤੀ ਦਾ ਸਾਧਨ ਨਹੀਂ, ਸਗੋਂ ਲੋਕਾਂ ਦੀ ਸੇਵਾ ਕਰਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਉਹ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਸਮਾਜ ਦੇ ਲੋੜਵੰਦ ਵਰਗਾਂ ਦੀ ਮਦਦ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਲਈ ਆਪਣੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਰੱਖਣਗੇ। ਸੋਨੀਆ ਅਲੱਗ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਮਾਗਮ ਦੌਰਾਨ ਸਨਮਾਨ ਦੇਣ ਵਾਲੇ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਨਮਾਨ ਸਮਾਜ ਸੇਵਾ ਨਾਲ ਜੁੜੇ ਲੋਕਾਂ ਦਾ ਹੌਸਲਾ ਵਧਾਉਂਦੇ ਹਨ। ਉਨ੍ਹਾਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਸਮਾਜ ਅਤੇ ਖੇਡਾਂ ਦੇ ਖੇਤਰ ਵਿੱਚ ਹੋਰ ਵਧੇਰੇ ਉਪਰਾਲੇ ਕਰਨ ਲਈ ਵਚਨਬੱਧ ਹਨ।

# ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਚੌਪਹਿਰਾ ਸਮਾਗਮ ਕਰਵਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਵਿਜੇ**

ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸਪਤਾਹਿਕ ਚੌਪਹਿਰਾ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਹਜ਼ਾਰਾਂ ਦੀ

**'ਗੁਰੂ ਲਾਧੋ ਰੇ' ਦਿਵਸ ਨੂੰ ਸਮਰਪਿਤ ਰਿਹਾ ਚੌਪਹਿਰਾ ਸਮਾਗਮ-ਅਮਰਜੀਤ ਸਿੰਘ ਟਿੱਕਾ**

ਗਿਣਤੀ ਵਿਚ ਸੰਗਤਾਂ ਨੇ ਹਿੱਸਾ ਲਿਆ। ਚੌਪਹਿਰਾ ਸਮਾਗਮ 'ਗੁਰੂ ਲਾਧੋ ਰੇ' ਦਿਵਸ ਨੂੰ ਸਮਰਪਿਤ ਕੀਤਾ ਗਿਆ ਜਿਸ ਵਿਚ ਬੁੱਢਾ ਦਲ ਦੇ ਮੁੱਖ ਕਥਾ ਵਾਚਕ ਭਾਈ ਸੁਖਜੀਤ ਸਿੰਘ ਜੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਜਿਨ੍ਹਾਂ ਵੱਲੋਂ 'ਗੁਰੂ ਲਾਧੋ ਰੇ' ਦਿਵਸ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਅਤੇ ਚੌਪਹਿਰਾ ਸਮਾਗਮ ਦੀ ਮਹੱਤਤਾ ਬਾਰੇ ਸੰਗਤਾਂ ਨੂੰ ਜਾਗਰੂਕ ਕੀਤਾ ।ਉਪਰੰਤ ਬੀਬੀਆਂ ਦੇ





ਜੱਥੇ ਵਲੋਂ ਸੰਗਤੀ ਰੂਪ ਵਿਚ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਗਏ। ਅਰਦਾਸ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਭਾਈ ਸੁਖਜੀਤ ਸਿੰਘ ਅਤੇ ਉਹਨਾਂ ਦੇ ਜੱਥੇ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ ਜਿਸ ਵਿਚ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੁਰਿੰਦਰਪਾਲ ਸਿੰਘ ਬਿੰਦਰਾ, ਟਰੱਸਟੀ ਹਰਪ੍ਰੀਤ ਸਿੰਘ ਰਾਜਧਾਨੀ, ਨਵਪ੍ਰੀਤ ਸਿੰਘ ਬਿੰਦਰਾ, ਅਮਰਜੀਤ ਸਿੰਘ ਟਿੱਕਾ, ਜਸਵਿੰਦਰ ਸਿੰਘ ਸੇਠੀ, ਅਮਰਪਾਲ ਸਿੰਘ ਸਰਨਾ, ਹਰਵਿੰਦਰ ਸਿੰਘ ਚਾਵਲਾ ਹਾਜ਼ਰ ਸਨ।

# ਲੁਧਿਆਣਾ ਦੇ 6 ਵਿਧਾਨ ਸਭਾ ਹਲਕਿਆਂ ਦੇ ਸ਼੍ਰੋਮਣੀ ਅਕਾਲੀ ਦਲ ਇੰਚਾਰਜਾਂ ਦੀ ਅਹਿਮ ਮੀਟਿੰਗ

## 2027 ਦੀਆਂ ਚੋਣਾਂ ਦੀ ਤਿਆਰੀ, ਜਥੇਬੰਦਕ ਢਾਂਚੇ ਦੇ ਵਿਸਥਾਰ ਅਤੇ ਪੰਜਾਬ ਦੇ ਮੌਜੂਦਾ ਹਾਲਾਤਾਂ 'ਤੇ ਹੋਇਆ ਵਿਚਾਰ-ਵਟਾਂਦਰਾ

ਜ਼ਿਕਰ ਪੰਜਾਬ

**ਲੁਧਿਆਣਾ/ਪਾਲੀ**

ਅਕਾਲੀ ਜਥੇ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਭਿੰਦਾ ਦੇ ਸੱਦੇ 'ਤੇ ਉਨ੍ਹਾਂ ਦੇ ਦਫ਼ਤਰ ਵਿਖੇ ਲੁਧਿਆਣਾ ਸ਼ਹਿਰ ਦੇ ਛੇ ਵਿਧਾਨ ਸਭਾ ਹਲਕਿਆਂ ਦੇ ਇੰਚਾਰਜਾਂ ਦੀ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਵਿੱਚ ਰਣਜੀਤ ਸਿੰਘ ਢਿੱਲੋਂ, ਇੰਚਾਰਜ ਹਲਕਾ ਪੂਰਬੀ ਅਤੇ ਲੋਕ ਸਭਾ ਹਲਕਾ ਲੁਧਿਆਣਾ, ਮੈਂਬਰ ਕੋਰ ਕਮੇਟੀ; ਜਗਬੀਰ ਸਿੰਘ ਸੋਖੀ, ਇੰਚਾਰਜ ਹਲਕਾ ਆਤਮ ਨਗਰ; ਜਸਪਾਲ ਸਿੰਘ ਗਿਆਸਪੁਰਾ, ਇੰਚਾਰਜ ਹਲਕਾ ਦੱਖਣੀ; ਐਡਵੋਕੇਟ ਪਰਉਪਕਾਰ ਸਿੰਘ ਘੁੰਮਣ, ਇੰਚਾਰਜ ਹਲਕਾ ਪੱਛਮੀ; ਆਰ. ਡੀ. ਸ਼ਰਮਾ, ਇੰਚਾਰਜ ਹਲਕਾ ਉੱਤਰੀ ਅਤੇ ਅੰਮਿਤ ਗੋਸਾਂਈ, ਇੰਚਾਰਜ ਹਲਕਾ ਕੇਂਦਰੀ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਪਾਰਟੀ ਦੀ ਜਥੇਬੰਦਕ ਮਜ਼ਬੂਤੀ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਸਬੰਧੀ ਵਿਸਥਾਰ ਨਾਲ ਵਿਚਾਰ-



ਵਟਾਂਦਰਾ ਕੀਤਾ ਗਿਆ। ਇਸ ਮੌਕੇ ਬੂਥ ਕਮੇਟੀਆਂ ਨੂੰ ਹੋਰ ਮਜ਼ਬੂਤ ਕਰਨ, ਅਕਾਲੀ ਦਲ ਦੇ ਵੱਖ-ਵੱਖ ਵਿੰਗਾਂ ਦਾ ਵਿਸਥਾਰ ਕਰਨ ਅਤੇ ਹਰੇਕ ਪੱਧਰ 'ਤੇ ਪਾਰਟੀ ਦੀ ਜਥੇਬੰਦੀ ਨੂੰ ਸਰਗਰਮ ਕਰਨ ਬਾਰੇ ਵਿਚਾਰ ਕੀਤੇ ਗਏ। ਇਸ ਤੋਂ ਇਲਾਵਾ ਸਰਕਲ-ਵਾਈਜ਼ 'ਵਰਕਰ ਵਿਚਾਰ ਮਿਲਣੀ' ਪ੍ਰੋਗਰਾਮ ਤਹਿਤ ਪਾਰਟੀ ਵਰਕਰਾਂ ਨਾਲ ਮੀਟਿੰਗਾਂ ਕਰਨ ਦਾ ਫੈਸਲਾ ਕੀਤਾ ਗਿਆ, ਤਾਂ ਜੋ ਜ਼ਮੀਨੀ ਪੱਧਰ 'ਤੇ ਵਰਕਰਾਂ ਦੀਆਂ ਮੁਸ਼ਕਲਾਂ, ਸੁਝਾਵਾਂ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਸਮਝਿਆ ਜਾ ਸਕੇ। ਮੀਟਿੰਗ ਵਿੱਚ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਗਿਆ ਕਿ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਮੁੱਦਿਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਰਕਰਾਂ ਨੂੰ ਹੋਰ ਸਰਗਰਮ ਕੀਤਾ ਜਾਵੇ। ਮੀਟਿੰਗ ਵਿੱਚ ਲੁਧਿਆਣਾ ਸ਼ਹਿਰ ਅਤੇ ਸਮੁੱਚੇ ਪੰਜਾਬ ਦੀ ਮੌਜੂਦਾ ਸਥਿਤੀ 'ਤੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਬੁਨਿਆਦੀ ਢਾਂਚੇ ਦੀ ਮਾੜੀ ਹਾਲਤ, ਸੜਕਾਂ, ਸੀਵਰੇਜ, ਸਫ਼ਾਈ ਅਤੇ ਹੋਰ ਨਾਗਰਿਕ ਸਹੂਲਤਾਂ ਨਾਲ ਜੁੜੀਆਂ ਸਮੱਸਿਆਵਾਂ ਕਾਰਨ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਮਨ-ਕਾਨੂੰਨ ਦੀ ਸਥਿਤੀ 'ਤੇ ਚਰਚਾ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਪੈਦਾ ਹੋ ਰਿਹਾ ਡਰ ਅਤੇ ਅਸੁਰੱਖਿਆ ਦਾ ਮਾਹੌਲ ਚਿੰਤਾ ਦਾ ਵਿਸ਼ਾ ਹੈ। ਖਾਸ ਕਰਕੇ ਉਦਯੋਗਪਤੀਆਂ ਅਤੇ ਵਪਾਰੀਆਂ ਵਿੱਚ ਪੈਦਾ ਹੋ ਰਹੀ ਅਸੁਰੱਖਿਆ ਕਾਰਨ ਉਦਯੋਗਾਂ ਅਤੇ ਕਾਰੋਬਾਰਾਂ ਦਾ ਪੰਜਾਬ ਤੋਂ ਬਾਹਰ ਜਾਣਾ ਸੂਬੇ ਦੀ ਆਰਥਿਕਤਾ ਲਈ ਵੱਡਾ ਨੁਕਸਾਨ ਹੈ। ਉਦਯੋਗ ਸੂਬੇ ਤੋਂ ਬਾਹਰ ਜਾਣ ਨਾਲ ਰੁਜ਼ਗਾਰ ਦੇ ਮੌਕੇ ਘਟਣਗੇ ਅਤੇ ਪੰਜਾਬ ਦੇ ਨੌਜਵਾਨਾਂ ਲਈ ਭਵਿੱਖ ਹੋਰ ਮੁਸ਼ਕਲ ਹੋਵੇਗਾ। ਆਗੂਆਂ ਨੇ ਕਿਹਾ ਕਿ ਜੇਕਰ ਮੌਜੂਦਾ ਹਾਲਾਤਾਂ ਵਿੱਚ ਸੁਧਾਰ ਨਾ ਕੀਤਾ ਗਿਆ ਤਾਂ ਸਿਰਫ਼ ਉਦਯੋਗ ਅਤੇ ਕਾਰੋਬਾਰ ਹੀ ਨਹੀਂ, ਸਗੋਂ ਆਮ ਲੋਕ ਵੀ ਬਿਹਤਰ ਰੁਜ਼ਗਾਰ, ਸੁਰੱਖਿਆ ਅਤੇ ਭਵਿੱਖ ਦੀ ਭਾਲ ਵਿੱਚ ਪੰਜਾਬ ਛੱਡਣ ਲਈ ਮਜਬੂਰ ਹੋ ਸਕਦੇ ਹਨ। ਇਸ ਲਈ ਸਰਕਾਰ ਨੂੰ ਸਿਆਸੀ ਬਿਆਨਬਾਜ਼ੀ ਦੀ ਬਜਾਏ ਪੰਜਾਬ ਦੀਆਂ ਅਸਲ ਸਮੱਸਿਆਵਾਂ ਵੱਲ ਤੁਰੰਤ ਧਿਆਨ ਦੇ ਕੇ ਠੋਸ ਕਦਮ ਚੁੱਕਣੇ ਚਾਹੀਦੇ ਹਨ। ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੇ ਮੁੱਦਿਆਂ ਨੂੰ ਜ਼ੋਰਦਾਰ ਢੰਗ ਨਾਲ ਉਠਾਉਂਦਾ ਰਹੇਗਾ ਅਤੇ ਜਥੇਬੰਦੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਕੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਸੁਚੱਜੀ ਅਤੇ ਯੋਜਨਾਬੱਧ ਤਿਆਰੀ ਕੀਤੀ ਜਾਵੇਗੀ। ਵਰਕਰਾਂ ਨਾਲ ਲਗਾਤਾਰ ਸੰਪਰਕ, ਲੋਕਾਂ ਦੀਆਂ ਸਮੱਸਿਆਵਾਂ ਦੀ ਪਛਾਣ ਅਤੇ ਉਨ੍ਹਾਂ ਦੇ ਹੱਲ ਲਈ ਆਵਾਜ਼ ਬੁਲੰਦ ਕਰਨਾ ਪਾਰਟੀ ਦੀ ਮੁੱਖ ਤਰਜੀਹ ਰਹੇਗੀ। ਮੀਟਿੰਗ ਦੇ ਅੰਤ ਵਿੱਚ ਸਾਰੇ ਹਲਕਾ ਇੰਚਾਰਜਾਂ ਨੇ ਜਥੇਬੰਦਕ ਸਰਗਰਮੀਆਂ ਨੂੰ ਹੋਰ ਤੇਜ਼ ਕਰਨ ਅਤੇ ਪਾਰਟੀ ਵਰਕਰਾਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ ਲਈ ਸਾਂਝੇ ਤੌਰ 'ਤੇ ਵਚਨਬੱਧਤਾ ਪ੍ਰਗਟ ਕੀਤੀ।

# ਇਲਾਹੀ ਬਾਣੀ ਦੇ ਕੀਰਤਨ ਨੇ ਕੀਤਾ ਸੰਗਤਾਂ ਨੂੰ ਨਿਹਾਲ

ਜ਼ਿਕਰ ਪੰਜਾਬ

**ਲੁਧਿਆਣਾ/ਵਿਜੇ**

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਗੁਰ ਦਸ਼ਮੇਸ਼ ਸੇਵਾ ਸੁਸਾਇਟੀ ਵੱਲੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹਫ਼ਤਾਵਾਰੀ ਕੀਰਤਨ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਜਤਿੰਦਰ ਜੋਧ ਸਿੰਘ ਜਲੰਧਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਤੇ ਭਗਤਾਂ ਵੱਲੋਂ ਉਚਾਰੀ ਇਲਾਹੀ ਬਾਣੀ ਸਮੁੱਚੀ ਮਨੁੱਖਤਾ ਨੂੰ ਅਕਾਲ ਪੁਰਖ ਦੀ ਬੰਦਗੀ ਕਰਨ ਅਤੇ ਸਾਂਝੀਵਾਲਤਾ ਦਾ ਉਪਦੇਸ਼ ਦਿੰਦੀ ਹੈ। ਉਨ੍ਹਾਂ ਨੇ ਕੀਰਤਨ ਸਮਾਗਮ ਵਿੱਚ ਜੁੜ ਬੈਠੀਆਂ ਸੰਗਤਾਂ ਨੂੰ ਧਰਮ ਦੇ ਮਾਰਗ ਉਪਰ ਚੱਲਣ, ਬਾਣੀ ਤੇ ਬਾਣੇ ਦੇ ਧਾਰਨੀ ਬਣਨ ਦੀ ਤਾਕੀਦ ਵੀ ਕੀਤੀ। ਇਸ ਦੌਰਾਨ ਭਾਈ ਜਤਿੰਦਰ ਜੋਧ ਸਿੰਘ ਨੇ ਕਿਹਾ ਕਿ ਕੀਰਤਨ ਸਮਾਗਮ ਕਰਵਾਉਣੇ ਤਾਂ ਹੀ ਸਫਲਾ ਹੋ ਸਕਦੇ ਹਨ ਜੇਕਰ ਅਸੀਂ ਗੁਰੂ



ਦੇ ਉਪਦੇਸ਼ਾਂ ਨੂੰ ਸਮੁੱਚੀ ਮਾਨਵਤਾ ਤੱਕ

**ਭਾਈ ਜਤਿੰਦਰ ਜੋਧ ਸਿੰਘ ਦੇ ਕੀਰਤਨੀ ਜੱਥੇ ਨੇ ਹ.ਫਤਾਵਾਰੀ ਕੀਰਤਨ ਸਮਾਗਮ ਵਿੱਚ ਲਵਾਈ ਹਾਜ਼ਰੀ**

ਪੁਹੰਚਾਣ ਦਾ ਯਤਨ ਕਰੀਏ ਅਤੇ ਆਪਣੇ ਆਪ ਨੂੰ ਸੰਪੂਰਨ ਸਿੱਖ ਬਣਾ ਕੇ ਸਿਮਰਨ ਦੇ ਸਿਧਾਂਤ ਨਾਲ ਜੁੜੀਏ ਤਾਂ ਹੀ ਸਿੱਖੀ ਦੀ ਫੁਲਵਾੜੀ ਹੋਰ ਮਹਿਕ ਸਕੇਗੀ। ਇਸ ਮੌਕੇ ਸੁਸਾਇਟੀ ਦੇ ਮੈਂਬਰਾਂ ਨੇ ਸਾਂਝੇ ਤੌਰ 'ਤੇ ਕੀਰਤਨੀ ਜੱਥੇ ਦੇ ਮੈਂਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ । ਕੀਰਤਨ ਸਮਾਗਮ ਅੰਦਰ ਦਸ਼ਮੇਸ਼ ਸੇਵਾ ਸੁਸਾਇਟੀ ਦੇ ਪ੍ਰਮੁੱਖ ਮੈਂਬਰ ਇੰਦਰਬੀਰ ਸਿੰਘ ਬੱਤਰਾ, ਹਰਪਾਲ ਸਿੰਘ ਬੱਤਰਾ, ਰਜਿੰਦਰ ਸਿੰਘ ਡੰਗ, ਸਰਬਜੀਤ ਸਿੰਘ ਦਸ਼ਮੇਸ਼ ਪੰਪ ਵਾਲੇ, ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ, ਭੁਪਿੰਦਰ ਸਿੰਘ ਜੁਨੇਜਾ, ਗੁਰਦੀਪ ਸਿੰਘ ਡੀਮਾਰਟੇ, ਐਨ.ਪੀ. ਸਿੰਘ ਕਥੂਰੀਆ, ਰਘਬੀਰ ਸਿੰਘ, ਮਹਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਬਚਨ ਸਿੰਘ, ਅੱਤਰ ਸਿੰਘ ਮਕੱੜ, ਸੁਰਿੰਦਰਪਾਲ ਸਿੰਘ ਭੁਟਿਆਣੀ , ਸੁਰਜੀਤ ਸਿੰਘ ਮਨਚੰਦਾ, ਤਜਿੰਦਰਪਾਲ ਸਿੰਘ, ਦਾਨ ਸਿੰਘ , ਹਰਪ੍ਰੀਤ ਸਿੰਘ ਨੀਟਾ, ਦਵਿੰਦਰ ਸਿੰਘ ਬਿੱਟੂ, ਹਰਚਰਨ ਸਿੰਘ ਕਾਲੜਾ, ਕੰਵਲਪ੍ਰੀਤ ਸਿੰਘ ਸੋਢੀ, ਇੰਦਰਜੀਤ ਸਿੰਘ ਛਾਬੜਾ, ਵਿਜੈ ਕੁਮਾਰ ਸੂਦ, ਮਨਮੋਹਨ ਸਿੰਘ, ਜੋਗਿੰਦਰ ਸਿੰਘ ਸਲੂਜਾ, ਕੁਲਜੀਤ ਸਿੰਘ ਖੁਰਾਣਾ, ਖੁਸ਼ਹਾਲ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਮਾਡਲ ਟਾਊਨ ਐਕਸਟੈਨਸ਼ਨ ਵੈਲਫੇਅਰ ਐਸੋਸੀਏਸ਼ਨ ਬਲਾਕ-ਏ ਦੀ ਨਵੀਂ ਟੀਮ ਦਾ ਕੀਤਾ ਸਨਮਾਨ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਮਾਡਲ ਟਾਊਨ ਐਕਸਟੈਨਸ਼ਨ ਵੈਲਫੇਅਰ ਐਸੋਸੀਏਸ਼ਨ ਬਲਾਕ-ਏ ਦੇ ਨਵੇਂ ਬਣੇ ਪ੍ਰਧਾਨ ਨਰਿੰਦਰਪਾਲ ਸਿੰਘ ਕਥੂਰੀਆ ਤੇ ਉਨ੍ਹਾਂ ਦੀ ਟੀਮ ਦੇ ਸਮੂਹ ਮੈਂਬਰਾਂ ਦੇ ਸਨਮਾਨ ਲਈ ਸਮਾਗਮ ਕੀਤਾ ਗਿਆ। ਨਵੀਂ ਟੀਮ ਦਾ ਸਨਮਾਨ ਕਰਦਿਆਂ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਦੇ ਮੁੱਖ ਸੇਵਾਦਾਰ ਇੰਦਰਜੀਤ ਸਿੰਘ ਮੱਕੜ ਨੇ ਕਿਹਾ ਕਿ ਨੈਤਿਕ ਕਦਰਾਂ-ਕੀਮਤਾਂ 'ਤੇ ਪਹਿਰਾ ਦੇਣ ਅਤੇ ਆਪਣੀ ਉਸਾਰੂ ਸੋਚ ਨੂੰ ਸਮਾਜ ਭਲਾਈ ਦੇ ਕਾਰਜਾਂ ਵਿੱਚ ਲਗਾਉਣ ਵਾਲੇ ਵਿਅਕਤੀ ਸਮੁੱਚੇ ਸਮਾਜ ਲਈ ਪ੍ਰੇਰਣਾ ਦਾ ਸਰੋਤ ਹੁੰਦੇ



ਹਨ। ਸ: ਮਕੱੜ ਨੇ ਆਸ ਪ੍ਰਗਟ ਕੀਤੀ ਕਿ ਸ. ਕਥੂਰੀਆ ਤੇ ਉਨ੍ਹਾਂ ਦੀ ਨਵੀਂ ਚੁਣੀ ਗਈ ਟੀਮ ਦੇ ਸਮੂਹ ਮੈਂਬਰ ਮਾਡਲ ਟਾਊਨ ਐਕਸਟੈਨਸ਼ਨ ਬਲਾਕ-ਏ ਦੇ ਵਿਕਾਸ ਤੇ ਸੁੰਦਰੀਕਰਨ ਕਾਰਜਾਂ ਵਿੱਚ ਆਪਣਾ ਬਣਦਾ ਯੋਗਦਾਨ ਪਾ ਕੇ ਆਪਣੀ ਜਿੰਮੇਵਾਰੀ ਨੂੰ ਪੁਖਤਾ ਢੰਗ ਨਾਲ ਨਿਭਾਉਣ ਵਿੱਚ ਸਫਲ ਹੋਣਗੇ। ਉਨ੍ਹਾਂ ਅਹੁਦੇਦਾਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਧਾਨ ਸ. ਨਰਿੰਦਰਪਾਲ ਸਿੰਘ ਕਥੂਰੀਆਂ ਨੇ ਪ੍ਰਧਾਨ ਇੰਦਰਜੀਤ ਸਿੰਘ ਮਕੱੜ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਬਲਾਕ-ਏ ਦੇ ਸਮੂਹ ਨਿਵਾਸੀਆਂ ਵੱਲੋਂ ਉਨ੍ਹਾਂ ਦੀ ਟੀਮ ਨੂੰ ਸੌਂਪੀ ਗਈ ਸੇਵਾ ਨੂੰ ਉਹ ਇੱਕ ਸੇਵਕ ਦੇ ਰੂਪ ਵੱਜੋਂ ਪੂਰੀ ਨਿਸ਼ਠਾ ਤੇ ਸੰਜੀਦਗੀ ਨਾਲ ਨਿਭਾਉਣਗੇ। ਇਸ ਮੌਕੇ ਚੇਅਰਮੈਨ ਚਰਨਜੀਤ ਸਿੰਘ ਛਾਬੜਾ.ਅਮਰਜੀਤ ਸਿੰਘ ਬਜਾਜ ਸੀਨੀਅਰ ਵਾਇਸ ਪ੍ਰਧਾਨ, ਤੇਜਵਿੰਦਰ ਸਿੰਘ ਬਿਗ ਬੈਨ, ਸੀਨੀਅਰ ਵਾਈਸ ਪ੍ਰਧਾਨ/ਸੀਨੀਅਰ ਸਲਾਹਕਾਰ, ਪਰਮਜੀਤ ਸਿੰਘ ਗੋਲਡੀ ਭੁਟਿਆਨੀ, ਵਾਇਸ ਪ੍ਰਧਾਨ, ਭੁਪਿੰਦਰ ਸਿੰਘ ਜੁਨੇਜਾ ਵਾਈਸ ਪ੍ਰਧਾਨ, ਪ੍ਰੀਤ ਕਮਲ ਸਿੰਘ ਪਾਹਵਾ ਜਰਨਲ ਸਕੱਤਰ, ਰਮੇਸ਼ ਸਾਹਨੀ ਵਿੱਤ ਸਕੱਤਰ, ਗੁਰਦੀਪ ਸਿੰਘ ਡੀਮਾਰਟੇ ਸਰਪ੍ਰਸਤ,ਬਲਦੇਵ ਸਿੰਘ ਸਿਡਾਨਾ ਸਲਾਹਕਾਰ,ਹਰਮੀਤ ਸਿੰਘ ਮੱਕੜ ਸਲਾਹਕਾਰ, ਕਾਰਜਕਾਰਨੀ ਮੈਂਬਰ ਮਨਪ੍ਰੀਤ ਸਿੰਘ ਧਵਨ, ਸੰਦੀਪ ਗਾਂਧੀ, ਪ੍ਰਭਜੋਤ ਸਿੰਘ ਕਾਲਰਾ, ਪਰਮਪਾਲ ਸਿੰਘ ਖੁਰਾਣਾ, ਰਮਨਜੋਤ ਸਿੰਘ ਦਸ਼ਮੇਸ਼ ਪੰਪ ਸਮੇਤ ਸੁਰਿੰਦਰਪਾਲ ਸਿੰਘ ਭੁਟਿਆਨੀ, ਮਨੋਜ ਮਕੱੜ, ਦੀਪਕ ਗੋਇਨਕਾ, ਸਰਬਜੀਤ ਮੱਕੜ, ਇੰਦਰਮੋਹਨ ਸਿੰਘ ਆਹੂਜਾ, ਤਜਿੰਦਰਪਾਲ ਸਿੰਘ ਮੱਕੜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# 80ਵਾਂ ਆਜ਼ਾਦੀ ਦਿਹਾੜਾ : ਦੇਸ਼ ਭਗਤੀ ਦੇ ਰੰਗ 'ਚ ਰੰਗੀਆਂ ਸੱਭਿਆਚਾਰਕ ਵੰਨਗੀਆਂ ਦੀ ਪੇਸ਼ਕਾਰੀ ਨੇ ਬੰਨ੍ਹਿਆ ਸਮਾਂ



ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

80ਵੇਂ ਆਜ਼ਾਦੀ ਦਿਹਾੜੇ ਮੌਕੇ ਅੱਜ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ, ਜਿਸ ਵਿੱਚ ਕੈਬਨਿਟ ਮੰਤਰੀ ਮੋਹਿੰਦਰ ਭਗਤ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ, ਦੌਰਾਨ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਸੱਭਿਆਚਾਰਕ ਵੰਨਗੀਆਂ ਦੀ ਸ਼ਾਨਦਾਰ ਪੇਸ਼ਕਾਰੀ ਨੇ ਸਮਾਂ ਬੰਨ੍ਹ ਦਿੱਤਾ। ਇਸ ਮੌਕੇ ਪੁਲਿਸ ਡੀ.ਏ.ਵੀ. ਪਬਲਿਕ ਸਕੂਲ ਦੇ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਗਏ ਭੰਗੜੇ ਨੂੰ ਸਰਬਉੱਤਮ ਪੇਸ਼ਕਾਰੀ ਐਲਾਨਿਆ ਗਿਆ। ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਰੈਡ ਕਰਾਸ ਦਿਵਿਆਂਗ ਸਕੂਲ ਦੇ ਵਿਦਿਆਰਥੀਆਂ ਵਲੋਂ 'ਪੰਜਾਂ ਪਾਣੀਆਂ ਦੀ ਧਰਤੀ ਦੇ ਜਾਏ ਹੋਏ ਹਾਂ', ਦਇਆਨੰਦ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ 'ਦੇਸ਼ ਸੇ ਹੈ ਪਿਆਰ ਤੋਂ ਹਰ ਪਲ ਕਹਿਨਾ ਚਾਹੀਏ' ਅਤੇ ਮਾਨਵ ਸਹਿਯੋਗ ਸੀਨੀਅਰ ਸੈਕੰਡਰੀ ਸਕੂਲ ਵਲੋਂ 'ਵੰਦੇ ਮਾਤਰਮ' 'ਤੇ ਵਿਸ਼ੇਸ਼ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਇਸੇ ਤਰ੍ਹਾਂ ਐਸ.ਡੀ. ਕਾਲਜ ਦੀਆਂ ਵਿਦਿਆਰਥਣਾਂ ਵਲੋਂ 'ਰਾਜਸਥਾਨੀ ਡਾਂਸ', ਦੋਆਬਾ ਕਾਲਜ ਅਤੇ ਸੇਠ ਹੁਕਮ ਚੰਦ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੀ ਭਾਵਨਾ 'ਤੇ ਆਧਾਰਿਤ ਸੱਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਸਮਾਗਮ ਦੌਰਾਨ 16 ਸਕੂਲਾਂ ਦੇ ਕਰੀਬ 1100 ਵਿਦਿਆਰਥੀਆਂ ਵੱਲੋਂ ਮਾਸ ਪੀ.ਟੀ. ਸ਼ੋਅ ਵੀ ਪੇਸ਼ ਕੀਤਾ ਗਿਆ। ਸਮਾਗਮ ਦੀ ਸਮਾਪਤੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਆਦਰਸ਼ ਨਗਰ ਦੀਆਂ ਵਿਦਿਆਰਥਣਾਂ ਵਲੋਂ ਰਾਸ਼ਟਰੀ ਗਾਣ ਨਾਲ ਹੋਈ।

# ਆਰ.ਐੱਸ. ਮਾਡਲ ਸਕੂਲ ਵੱਲੋਂ ਆਜ਼ਾਦੀ ਦਿਵਸ ਦਾ ਜੋਸ਼ ਅਤੇ ਦੇਸ਼ਭਗਤੀ ਨਾਲ ਜਸ਼ਨ



ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਆਰ.ਐੱਸ. ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿੱਚ ਆਜ਼ਾਦੀ ਦਿਵਸ ਬੜੇ ਉਤਸ਼ਾਹ, ਦੇਸ਼ਭਗਤੀ ਦੀ ਭਾਵਨਾ ਅਤੇ ਸੱਭਿਆਚਾਰਕ ਤੇ ਰਚਨਾਤਮਕ ਗਤੀਵਿਧੀਆਂ ਦੇ ਸੁੰਦਰ ਸੁਮੇਲ ਨਾਲ ਮਨਾਇਆ ਗਿਆ। ਇਹ ਸਮਾਗਮ ਮੁੱਖ ਅਧਿਆਪਕਾ ਸ੍ਰੀਮਤੀ ਸ਼ੁਭ ਲਤਾ ਜੀ ਦੀ ਸਨਮਾਨਯੋਗ ਰਹਿਨੁਮਾਈ ਹੇਠ ਕਰਵਾਇਆ ਗਿਆ। ਸਮਾਗਮ ਨੇ ਆਜ਼ਾਦੀ, ਏਕਤਾ ਅਤੇ ਦੇਸ਼ ਪ੍ਰਤੀ ਪਿਆਰ ਦੀ ਭਾਵਨਾ ਨੂੰ ਪ੍ਰਗਟ ਕੀਤਾ। ਕਾਰਜਕ੍ਰਮ ਦੀ ਸ਼ੁਰੂਆਤ ਗਾਇਤਰੀ ਮੰਤਰ ਨਾਲ ਹੋਈ, ਜਿਸ ਨਾਲ ਸਕੂਲ ਦੇ ਮਾਹੌਲ ਵਿੱਚ ਸ਼ਾਂਤੀ ਅਤੇ ਸਕਾਰਾਤਮਕਤਾ ਦਾ ਸੰਚਾਰ ਹੋਇਆ। ਸ਼੍ਰੀਮਤੀ ਕਿਰਨਾ ਜੀ ਨੇ ਪ੍ਰੇਰਣਾਦਾਇਕ ਭਾਸ਼ਣ ਦਿੱਤਾ, ਜਿਸ ਵਿੱਚ ਉਨ੍ਹਾਂ ਨੇ ਆਜ਼ਾਦੀ ਦਿਵਸ ਦੀ ਮਹੱਤਤਾ ਅਤੇ ਦੇਸ਼ ਪ੍ਰਤੀ ਨਾਗਰਿਕਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਚਾਨਣਾ ਪਾਇਆ। ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਨਾਚ, ਬੈਂਡ ਬਣਾਉਣ ਦੀ ਗਤੀਵਿਧੀ, ਫੈਂਸੀ ਡਰੈੱਸ ਪ੍ਰਸਤੁਤੀ ਅਤੇ ਇੱਕ ਭਾਵਪੂਰਤ ਕਵਿਤਾ ਪੇਸ਼ ਕੀਤੀ ਗਈ, ਜਿਸ ਨੇ ਮਾਤਭੂਮੀ ਪ੍ਰਤੀ ਉਨ੍ਹਾਂ ਦੇ ਪਿਆਰ ਨੂੰ ਸੁੰਦਰ ਢੰਗ ਨਾਲ ਪ੍ਰਗਟ ਕੀਤਾ। ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਰੰਗ ਭਰਨ ਦੀ ਮਨੋਰੰਜਕ ਗਤੀਵਿਧੀ ਰਾਹੀਂ ਸਮਾਗਮ ਵਿੱਚ ਵਿਸ਼ੇਸ਼ ਰੌਣਕ ਭਰੀ ਅਤੇ ਆਪਣੀ ਰਚਨਾਤਮਕਤਾ ਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ। ਰੰਗ-ਬਿਰੰਗੀਆਂ ਪੇਸ਼ਕਾਰੀਆਂ ਅਤੇ ਗਤੀਵਿਧੀਆਂ ਨਾਲ ਸਕੂਲ ਦਾ ਮਾਹੌਲ ਖੁਸ਼ੀ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਭਰ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀਮਤੀ ਸ਼ੁਭਲਤਾ ਜੀ ਨੇ ਵਿਦਿਆਰਥੀਆਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਆਜ਼ਾਦੀ, ਏਕਤਾ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਵਰਗੀਆਂ ਕਦਰਾਂ-ਕੀਮਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਦੇਸ਼ ਦੀ ਤਰੱਕੀ ਵਿੱਚ ਸਕਾਰਾਤਮਕ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।

# ਪੰਜਾਬ ਸਰਕਾਰ ਨੇ ਲੇਖਕ ਬੇਅੰਤ ਸਿੰਘ ਬਾਜਵਾ ਨੂੰ ਸਾਹਿਤ ਖੇਤਰ 'ਚ ਸਟੇਟ ਐਵਾਰਡ 2026 ਨਾਲ ਸਨਮਾਨਿਆ

ਜ਼ਿਕਰ ਪੰਜਾਬ

**ਫਿਰੋਜ਼ਪੁਰ/ਜ.ਸਹਿਗਲ**

ਭਾਰਤੀ ਰਿਸਰਚ ਸਕਾਲਰ ਤੇ ਨੌਜਵਾਨ ਲੇਖਕ ਬੇਅੰਤ ਸਿੰਘ ਬਾਜਵਾ ਨੂੰ 15 ਅਗਸਤ ਮੌਕੇ ਸੂਬਾ ਪੱਧਰੀ ਸਮਾਗਮ ਫਿਰੋਜ਼ਪੁਰ ਵਿਖੇ ਪੰਜਾਬ ਸਰਕਾਰ ਵੱਲੋਂ ਸਾਹਿਤਕ ਅਤੇ ਰਿਸਰਚ ਦੇ ਖੇਤਰ ਵਿੱਚ ਪਾਏ ਯੋਗਦਾਨ ਲਈ ਸਟੇਟ ਐਵਾਰਡ ਨਾਲ ਸਨਮਾਨ ਕੀਤਾ ਗਿਆ। ਇਹ ਪੁਰਸਕਾਰ ਖੁਦ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਨੂੰ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਬੇਅੰਤ ਸਿੰਘ ਬਾਜਵਾ ਹੁਣ ਤੱਕ ਪੰਜਾਬੀ ਸਾਹਿਤ ਦੀ ਝੋਲੀ 10 ਕਿਤਾਬਾਂ ਪਾ ਚੁੱਕੇ ਹਨ।ਜਿਸ ਵਿੱਚ ਨਾਵਲ,



ਕਹਾਣੀ, ਖੋਜ ਕਾਰਜ਼ ਆਦਿ ਸ਼ਾਮਲ ਹਨ। ਇਸ ਸਮੇਂ ਬਾਜਵਾ ਭਾਰਤ ਸਰਕਾਰ ਦੇ ਅਦਾਰਾ ਮਨਿਸਟਰੀ ਆਫ ਕਲਚਰ ਦਿੱਲੀ ਨਾਲ ਜੁੜੇ ਹੋਏ ਹਨ ਉਨ੍ਹਾਂ ਨੂੰ ਪਿਛਲੀ ਦਿਨੀਂ ਪੰਜਾਬ ਸਰਕਾਰ ਵੱਲੋਂ ਸਟੇਟ ਐਵਾਰਡ ਲਈ ਚੁਣਿਆ ਗਿਆ ਸੀ। ਇਸ ਤੋਂ ਇਲਾਵਾ ਬੇਅੰਤ ਬਾਜਵਾ ਰਾਮ ਸਰੂਪ ਅਣਖੀ ਸਾਹਿਤ ਸਭਾ ਦੇ ਪ੍ਰਧਾਨ ਹਨ। ਇਸ ਮੌਕੇ ਉਨ੍ਹਾਂ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਪੁਰਸਕਾਰ ਸਾਰੇ ਪਾਠਕਾਂ ਅਤੇ ਪੰਜਾਬੀਆਂ ਦਾ ਹੈ। ਉਹ ਇਸੇ ਤਰ੍ਹਾਂ ਪੰਜਾਬੀ ਸਾਹਿਤ ਲਈ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿਣਗੇ। ਉਨ੍ਹਾਂ ਨੇ ਇਸ ਮੌਕੇ ਹਲਕਾ ਵਿਧਾਇਕ ਲਾਭ ਸਿੰਘ ਉਗੋਕੇ, ਡਿਪਟੀ ਕਮਿਸ਼ਨਰ ਬਰਨਾਲਾ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਆਰ.ਡੀ.ਐੱਫ ਦਾ ਪੈਸਾ ਰੋਕ ਕੇ ਕੇਂਦਰ ਸਰਕਾਰ ਦੀ ਪੰਜਾਬ ਅਤੇ ਕਿਸਾਨੀ ਨੂੰ ਬਰਬਾਦ ਕਰਨ ਦੀ ਸਾਜ਼ਿਸ਼ ਕਾਮਯਾਬ ਨਹੀਂ ਹੋਣ ਦਵਾਂਗੇ : ਚੀਮਾ

## ਸ਼ਿਵਰਾਜ ਚੌਹਾਨ ਦੇ ਦਾਅਵੇ ਨੂੰ ਦੱਸਿਆ ਗਲਤ, ਕਿਹਾ, 'ਅੱਜ ਤੱਕ ਆਰ.ਡੀ.ਐੱਫ ਦਾ ਇੱਕ ਵੀ ਪੈਸਾ ਪੰਜਾਬ ਨੂੰ ਜਾਰੀ ਨਹੀਂ ਹੋਇਆ'

ਜ਼ਿਕਰ ਪੰਜਾਬ

**ਈਸੜੂ (ਖੰਨਾ)/ ਵਾਸੂ ਜੇਤਲੀ**

ਗੋਆ ਦੀ ਆਜ਼ਾਦੀ ਦੇ ਮਹਾਨ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੀ ਯਾਦ ਵਿੱਚ ਅੱਜ ਪਿੰਡ ਈਸੜੂ ਵਿਖੇ ਹੋਏ ਸ਼ਹੀਦੀ ਸਮਾਗਮ ਦੌਰਾਨ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਨ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਨਾਲ ਜੁੜੇ ਕਈ ਅਹਿਮ ਮੁੱਦਿਆਂ 'ਤੇ ਕੇਂਦਰ ਸਰਕਾਰ ਅਤੇ ਵਿਰੋਧੀ ਪਾਰਟੀਆਂ ਨੂੰ ਤਿੱਖੇ ਨਿਸ਼ਾਨੇ 'ਤੇ ਲਿਆ। ਉਨ੍ਹਾਂ ਦੀ ਪ੍ਰੈਸ ਕਾਨਫਰੰਸ ਵਿੱਚ ਆਰ.ਡੀ.ਐੱਫ ਦੀ ਰਕਮ, ਜਗਤਾਰ ਸਿੰਘ ਹਵਾਰਾ ਦੀ ਪੈਰੋਲ, ਸ਼੍ਰੋਮਣੀ ਕਮੇਟੀ ਦੀਆਂ ਜਾਇਦਾਦਾਂ ਦੀ ਦੁਰਵਰਤੋਂ ਅਤੇ ਸ਼ਹੀਦੀ ਸਮਾਗਮਾਂ ਦੀ ਸਿਆਸੀ ਵਰਤੋਂ ਵਰਗੇ ਮੁੱਦੇ ਪ੍ਰਮੁੱਖ ਰਹੇ। ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਦੀ ਧਰਤੀ ਨੇ ਦੇਸ਼ ਅਤੇ ਲੋਕਾਂ ਦੇ ਹੱਕਾਂ ਲਈ ਅਨੇਕਾਂ? ਕੁਰਬਾਨੀਆਂ ਦਿੱਤੀਆਂ ਹਨ। ਸ਼ਹੀਦਾਂ ਦੀ ਸੋਚ ਨੂੰ ਯਾਦ ਕਰਨਾ ਅਤੇ ਉਨ੍ਹਾਂ ਦੀ ਕੁਰਬਾਨੀ ਤੋਂ ਨਵੀਂ ਪੀੜ੍ਹੀ ਨੂੰ ਪ੍ਰੇਰਣਾ ਦੇਣਾ ਸਾਡੀ ਜ਼ਿੰਮੇਵਾਰੀ ਹੈ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਵੱਲੋਂ ਬੀਤੇ ਦਿਨ ਪੰਜਾਬ ਦੇ ਆਰ.ਡੀ.ਐੱਫ ਦਾ ਕੇਂਦਰ ਸਰਕਾਰ ਵੱਲ ਕੋਈ ਬਕਾਇਆ ਨਾ ਹੋਣ ਦੇ ਕੀਤੇ ਦਾਅਵੇ 'ਤੇ ਹਰਪਾਲ ਸਿੰਘ ਚੀਮਾ ਨੇ ਤਿੱਖਾ ਪ੍ਰਤੀਕਰਮ ਦਿੱਤਾ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਦਾ ਇਹ ਦਾਅਵਾ ਤੱਥਾਂ ਦੇ ਉਲਟ ਹੈ ਅਤੇ ਪੰਜਾਬ ਨੂੰ ਗੁੰਮਰਾਹ ਕਰਨ ਵਾਲਾ ਹੈ। ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਰ.ਡੀ.ਐੱਫ ਦੇ ਪੈਸੇ ਲਈ ਕੇਂਦਰ ਸਰਕਾਰ ਕੋਲ ਲਗਾਤਾਰ ਪੈਰਵੀ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਉਹ ਖੁਦ ਅਤੇ ਪੰਜਾਬ ਦੇ ਕਈ ਮੰਤਰੀ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਨਾਲ ਘੱਟੋ-ਘੱਟ 10 ਵਾਰ ਮੁਲਾਕਾਤਾਂ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਾਕਾਤਾਂ ਦੌਰਾਨ ਆਰ.ਡੀ.ਐੱਫ ਦੀ ਰਕਮ ਜਾਰੀ ਕਰਨ ਦਾ ਮੁੱਦਾ ਵਾਰ-ਵਾਰ ਉਠਾਇਆ ਗਿਆ। ਉਨ੍ਹਾਂ ਕਿਹਾ ਕਿ ਇੱਥੋਂ ਤੱਕ ਕਿ ਵਿਕਰਮਜੀਤ ਸਿੰਘ ਸਾਹਨੀ, ਜੋ ਕਿ ਹੁਣ ਭਾਜਪਾ ਵਿੱਚ ਹਨ, ਨੂੰ ਨਾਲ ਲੈ ਕੇ ਵੀ ਕੇਂਦਰ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕੀਤੀ ਗਈ ਸੀ। ਇਸ ਦੇ ਬਾਵਜੂਦ ਅੱਜ ਤੱਕ ਆਰ.ਡੀ.ਐੱਫ ਦਾ ਇੱਕ ਵੀ ਪੈਸਾ ਪੰਜਾਬ ਨੂੰ ਜਾਰੀ ਨਹੀਂ ਕੀਤਾ ਗਿਆ। ਹਰਪਾਲ ਸਿੰਘ ਚੀਮਾ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਜਾਣਬੁੱਝ ਕੇ ਪੰਜਾਬ ਦਾ ਪੈਸਾ ਰੋਕ ਰਹੀ ਹੈ। ਉਨ੍ਹਾਂ ਕਿਹਾ ਕਿ ਆਰ.ਡੀ.ਐੱਫ ਦੀ ਰਕਮ ਪੰਜਾਬ ਦੀਆਂ ਮੰਡੀਆਂ, ਪੇਂਡੂ ਬੁਨਿਆਦੀ ਢਾਂਚੇ ਅਤੇ ਕਿਸਾਨਾਂ ਦੀ ਭਲਾਈ ਲਈ ਵਰਤੀ ਜਾਣੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ ਇਹ ਪੈਸਾ



ਰੋਕਣਾ ਪੰਜਾਬ ਦੀ ਕਿਸਾਨੀ ਅਤੇ ਪੇਂਡੂ ਅਰਥਵਿਵਸਥਾ ਨੂੰ ਪ੍ਰਭਾਵਿਤ ਕਰਨ ਵਾਲਾ ਕਦਮ ਹੈ। ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਕੇਂਦਰ ਸਰਕਾਰ ਦੇ ਇਸ ਰਵੱਈਏ ਦਾ ਜਵਾਬ ਆਉਣ ਵਾਲੀਆਂ ਚੋਣਾਂ ਵਿੱਚ ਦੇਣਗੇ। ਜਗਤਾਰ ਸਿੰਘ ਹਵਾਰਾ ਦੀ ਪੈਰੋਲ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰ ਸਰਕਾਰ ਨੂੰ ਲਿਖੀ ਚਿੱਠੀ ਬਾਰੇ ਪੁੱਛੇ ਸਵਾਲ 'ਤੇ ਚੀਮਾ ਨੇ ਕਿਹਾ ਕਿ ਸਰਕਾਰ ਨੇ ਇਹ ਮਾਮਲਾ ਮਨੁੱਖੀ ਆਧਾਰ 'ਤੇ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਸ ਮਾਮਲੇ ਵਿੱਚ ਜਾਣਬੁੱਝ ਕੇ ਅੜੀਅਲ ਰਵੱਈਆ ਨਹੀਂ ਅਪਣਾਉਣਾ ਚਾਹੀਦਾ ਅਤੇ ਮਨੁੱਖੀ ਆਧਾਰ 'ਤੇ ਜਗਤਾਰ ਸਿੰਘ ਹਵਾਰਾ ਨੂੰ 10 ਦਿਨਾਂ ਦੀ ਪੈਰੋਲ ਦੇਣੀ ਚਾਹੀਦੀ। ਕਾਂਗਰਸ ਵੱਲੋਂ ਸਰਕਾਰ ਬਣਨ 'ਤੇ ਲੋਕਾਂ ਨੂੰ ਮੁਫ਼ਤ ਰੇਤ ਦੇਣ ਦੇ ਦਾਅਵੇ ਬਾਰੇ ਪੁੱਛੇ ਸਵਾਲ 'ਤੇ ਹਰਪਾਲ ਸਿੰਘ ਚੀਮਾ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਘੇਰਿਆ। ਉਨ੍ਹਾਂ ਕਿਹਾ ਕਿ ਜਦੋਂ ਕਾਂਗਰਸ ਦੀਆਂ ਸਰਕਾਰਾਂ ਪੰਜਾਬ ਵਿੱਚ ਰਹੀਆਂ ਤਾਂ ਉਸ ਸਮੇਂ ਲੋਕਾਂ ਨੂੰ ਮੁਫ਼ਤ ਰੇਤ ਕਿਉਂ ਨਹੀਂ ਦਿੱਤੀ ਗਈ।

ਉਸ ਸਮੇਂ ਤਾਂ ਨਸ਼ਾ, ਰੇਤ, ਟਰਾਂਸਪੋਰਟ ਆਦਿ ਮਾਫ਼ੀਆ ਪੈਦਾ ਹੋਏ। ਉਨ੍ਹਾਂ ਕਿਹਾ ਕਿ ਹੁਣ ਚੋਣਾਂ ਨੇੜੇ ਆਉਂਦਿਆਂ ਵੱਡੇ-ਵੱਡੇ ਵਾਅਦੇ ਕਰਨ ਦੀ ਬਜਾਏ ਕਾਂਗਰਸ ਨੂੰ ਆਪਣੇ ਪਿਛਲੇ ਕਾਰਜਕਾਲ ਦਾ ਹਿਸਾਬ ਦੇਣਾ ਚਾਹੀਦਾ ਹੈ। ਹਰਪਾਲ ਸਿੰਘ ਚੀਮਾ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਕੂਲ ਵਿੱਚ ਕੀਤੀ ਗਈ ਸਿਆਸੀ ਰੈਲੀ 'ਤੇ ਵੀ ਸਖ਼ਤ ਇਤਰਾਜ਼ ਜਤਾਇਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਜਾਇਦਾਦਾਂ ਅਤੇ ਸਰੋਤਾਂ ਨੂੰ ਸ਼ੁਰੂ ਤੋਂ ਹੀ ਨਿੱਜੀ ਅਤੇ ਸਿਆਸੀ ਹਿੱਤਾਂ ਲਈ ਵਰਤਿਆ ਗਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਜਾਇਦਾਦਾਂ ਸਿੱਖ ਸੰਗਤ ਦੀਆਂ ਹਨ ਅਤੇ ਇਨ੍ਹਾਂ ਨੂੰ ਕਿਸੇ ਵੀ ਸਿਆਸੀ ਪਾਰਟੀ ਦੇ ਹਿੱਤਾਂ ਲਈ ਨਹੀਂ ਵਰਤਿਆ ਜਾਣਾ ਚਾਹੀਦਾ। ਚੀਮਾ ਨੇ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਸਿੱਖ ਸੰਗਤ ਵਿੱਚ ਪਹਿਲਾਂ ਹੀ ਰੋਸ ਹੈ ਅਤੇ ਲੋਕ ਇਸਦਾ ਜਵਾਬ ਦੇਣਗੇ।

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵੀ ਵਿਰੋਧੀ ਪਾਰਟੀਆਂ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਸ਼ਹੀਦ ਕਰਨੈਲ ਸਿੰਘ ਈਸੜੂ ਦੀ ਯਾਦ ਵਿੱਚ ਸੂਬਾ ਪੱਧਰੀ ਸਮਾਗਮਾਂ ਅਤੇ ਵੱਡੀਆਂ ਰੈਲੀਆਂ 'ਤੇ ਸਰਕਾਰੀ ਖਰਚੇ ਨਾਲ ਲੱਖਾਂ ਰੁਪਏ ਖਰਚ ਕਰਦੀਆਂ ਰਹੀਆਂ, ਪਰ ਪਿੰਡ ਦੇ ਵਿਕਾਸ ਵੱਲ ਕੋਈ ਖਾਸ ਧਿਆਨ ਨਹੀਂ ਦਿੱਤਾ ਗਿਆ। ਮੰਤਰੀ ਸੌਂਦ ਨੇ ਕਿਹਾ ਕਿ ਪਹਿਲਾਂ ਈਸੜੂ ਵਿੱਚ ਨਾ ਸਿਹਤ ਸਹੂਲਤ ਸੀ ਅਤੇ ਨਾ ਹੀ ਸੀਵਰੇਜ ਦੀ ਸਮੱਸਿਆ ਦਾ ਹੱਲ ਕੀਤਾ ਗਿਆ।

ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪਿੰਡ ਵਿੱਚ ਮੁਹੱਲਾ ਕਲੀਨਿਕ ਖੋਲ੍ਹਿਆ ਗਿਆ, ਲਾਇਬ੍ਰੇਰੀ ਬਣਾਈ ਗਈ, ਸੀਵਰੇਜ ਦੀ ਸਮੱਸਿਆ ਹੱਲ ਕੀਤੀ ਗਈ ਅਤੇ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਕਰਵਾਏ ਗਏ। ਉਨ੍ਹਾਂ ਕਿਹਾ ਕਿ ਇੱਕ ਪਾਸੇ ਅੱਜ ਸ਼੍ਰੋਮਣੀ ਅਕਾਲੀ ਦਲ ਸ਼੍ਰੋਮਣੀ ਕਮੇਟੀ ਦੇ ਸਕੂਲ ਵਿੱਚ ਸਿਆਸੀ ਰੈਲੀ ਕਰ ਰਿਹਾ ਹੈ ਅਤੇ ਦੂਜੇ ਪਾਸੇ ਕਾਂਗਰਸ ਵੱਲੋਂ ਵੀ ਸ਼ਹੀਦੀ ਸਮਾਗਮ ਨੂੰ ਰਾਜਨੀਤਕ ਰੈਲੀ ਦਾ ਨਾਮ ਦਿੱਤਾ ਗਿਆ ਹੈ। ਇਹ ਸ਼ਹੀਦਾਂ ਦਾ ਅਪਮਾਨ ਹੈ। ਮੰਤਰੀ ਸੌਂਦ ਨੇ ਕਿਹਾ ਕਿ ਸ਼ਹੀਦਾਂ ਦੀ ਧਰਤੀ ਨੂੰ ਸਿਆਸੀ ਮੰਚ ਬਣਾਉਣਾ ਠੀਕ ਨਹੀਂ ਅਤੇ ਸ਼ਹੀਦਾਂ ਦੇ ਨਾਮ 'ਤੇ ਸਿਆਸਤ ਨਹੀਂ ਹੋਣੀ ਚਾਹੀਦੀ।



# ਸੀਸੀਏ ਦਫ਼ਤਰ ਚੰਡੀਗੜ੍ਹ ਵਿਖੇ 80ਵਾਂ ਸੁਤੰਤਰਤਾ ਦਿਵਸ ਦੇਸ਼ ਭਗਤੀ ਦੇ ਉਤਸ਼ਾਹ ਅਤੇ ਜਜ਼ਬੇ ਨਾਲ ਮਨਾਇਆ

ਜ਼ਿਕਰ ਪੰਜਾਬ

**ਚੰਡੀਗੜ੍ਹ/ਪੀ.ਆਈ.ਬੀ**

ਕੰਟਰੋਲਰ ਸੰਚਾਰ ਲੇਖਾ (ਸੀਸੀਏ), ਪੰਜਾਬ, ਚੰਡੀਗੜ੍ਹ ਦੇ ਦਫ਼ਤਰ ਕੰਪਲੈਕਸ ਵਿਖੇ 80ਵਾਂ ਸੁਤੰਤਰਤਾ ਦਿਵਸ ਪੂਰੇ ਦੇਸ਼ ਭਗਤੀ ਦੇ ਜਜ਼ਬੇ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕੰਟਰੋਲਰ ਸੰਚਾਰ ਲੇਖਾ (ਸੀਸੀਏ), ਪੰਜਾਬ, ਚੰਡੀਗੜ੍ਹ, ਸ਼੍ਰੀ ਵਿਜੇਂਦਰ ਐਨ. ਟੰਡਨ ਨੇ ਅਧਿਕਾਰੀਆਂ, ਕਰਮਚਾਰੀਆਂ, ਸਟਾਫ਼ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਹਾਜ਼ਰੀ ਵਿੱਚ ਰਾਸ਼ਟਰੀ ਝੰਡਾ ਲਹਿਰਾਇਆ। ਇਸ ਮੌਕੇ ਰਾਸ਼ਟਰੀ ਗੀਤ ਅਤੇ ਰਾਸ਼ਟਰ ਗਾਨ ਪੇਸ਼ ਕੀਤਾ ਗਿਆ, ਜਿਸ ਨਾਲ ਮਾਹੌਲ ਵਿੱਚ ਦੇਸ਼ ਭਗਤੀ ਅਤੇ ਰਾਸ਼ਟਰੀ ਮਾਣ ਦੀ ਭਾਵਨਾ ਦਾ ਸੰਚਾਰ ਹੋਇਆ। ਸਮਾਰੋਹ ਦੌਰਾਨ ਇੱਕ ਜਾਣਕਾਰੀ ਭਰਪੂਰ ਸੰਬੋਧਨ ਪੇਸ਼ ਕੀਤਾ ਗਿਆ, ਜਿਸ ਵਿੱਚ ਸੁਤੰਤਰਤਾ ਦਿਵਸ ਦੀ ਮਹੱਤਤਾ ਅਤੇ ਆਜ਼ਾਦੀ ਪ੍ਰਾਪਤੀ ਤੋਂ ਬਾਅਦ ਦੇਸ਼ ਦੀ ਸ਼ਾਨਦਾਰ ਵਿਕਾਸ ਯਾਤਰਾ 'ਤੇ ਚਾਨਣਾ ਪਾਇਆ ਗਿਆ। ਇਸ ਮੌਕੇ ਆਜ਼ਾਦੀ ਘੁਲਾਟੀਏ ਦੀਆਂ ਕੁਰਬਾਨੀਆਂ ਅਤੇ ਸੁਤੰਤਰ, ਲੋਕਤੰਤਰੀ ਅਤੇ ਪ੍ਰਗਤੀਸ਼ੀਲ ਭਾਰਤ ਦੇ ਨਿਰਮਾਣ ਵਿੱਚ ਰਾਸ਼ਟਰ ਦੇ ਮਹਾਨ ਨੇਤਾਵਾਂ ਦੇ ਅਣਮੁੱਲੇ ਯੋਗਦਾਨ ਨੂੰ ਯਾਦ ਕੀਤਾ ਗਿਆ। ਨਾਲ ਹੀ, ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਅਤੇ ਦੇਸ਼ ਦੀ ਤਰੱਕੀ ਤੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਹਰੇਕ ਨਾਗਰਿਕ ਦੀਆਂ ਜ਼ਿੰਮੇਵਾਰੀਆਂ 'ਤੇ ਵੀ ਜ਼ੋਰ ਦਿੱਤਾ ਗਿਆ। ਸਮਾਰੋਹ ਦੇ ਤਹਿਤ ਸਟਾਫ਼ ਮੈਂਬਰਾਂ ਅਤੇ ਉਨ੍ਹਾਂ ਦੇ ਬੱਚਿਆਂ ਲਈ ਵੱਖ-ਵੱਖ ਖੇਡਾਂ ਅਤੇ ਮਨੋਰੰਜਕ ਗਤੀਵਿਧੀਆਂ ਦਾ ਵੀ ਆਯੋਜਨ ਕੀਤਾ ਗਿਆ। ਸਾਰਿਆਂ ਨੇ ਇਨ੍ਹਾਂ ਗਤੀਵਿਧੀਆਂ ਵਿੱਚ ਉਤਸ਼ਾਹਪੂਰਵਕ ਭਾਗ ਲਿਆ, ਜਿਸ ਨਾਲ ਸਮਾਰੋਹ ਦਾ ਮਾਹੌਲ ਹੋਰ ਵੀ ਆਨੰਦਮਈ ਅਤੇ ਖੁਸ਼ਗਵਾਰ ਹੋ ਗਿਆ। ਪ੍ਰੋਗਰਾਮ ਦਾ ਇੱਕ ਮਹੱਤਵਪੂਰਨ ਆਕਰਸ਼ਣ ਦਫ਼ਤਰ ਕੰਪਲੈਕਸ ਵਿੱਚ ਲਾਇਬ੍ਰੇਰੀ ਦਾ ਉਦਘਾਟਨ ਸੀ, ਜਿਸਦਾ ਉਦਘਾਟਨ



ਸ਼੍ਰੀ ਵਿਜੇਂਦਰ ਐਨ. ਟੰਡਨ, ਸੀਸੀਏ, ਪੰਜਾਬ ਵੱਲੋਂ ਕੀਤਾ ਗਿਆ। ਲਾਇਬ੍ਰੇਰੀ ਦਾ ਉਦੇਸ਼ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਵਿਸ਼ਵ ਪੱਧਰੀ ਕਿਤਾਬਾਂ ਅਤੇ ਅਧਿਐਨ ਸਮੱਗਰੀ ਤੱਕ ਪਹੁੰਚ ਉਪਲਬਧ ਕਰਵਾਉਣਾ, ਪੜ੍ਹਨ ਅਤੇ ਸਿੱਖਣ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਅਤੇ ਕਰਮਚਾਰੀਆਂ ਵਿਚਕਾਰ ਨਿਰੰਤਰ ਗਿਆਨ ਵਾਧੇ ਅਤੇ ਗਿਆਨ ਸਾਂਝਾ ਕਰਨ ਨੂੰ ਉਤਸ਼ਾਹਿਤ ਕਰਨਾ ਹੈ। ਪ੍ਰੋਗਰਾਮ ਵਿੱਚ ਸਟਾਫ਼ ਮੈਂਬਰਾਂ ਅਤੇ ਉਨ੍ਹਾਂ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ, ਜਿਨ੍ਹਾਂ ਨੇ ਸਮਾਰੋਹ ਵਿੱਚ ਰੰਗ, ਉਤਸ਼ਾਹ ਅਤੇ ਉਮੰਗ ਭਰ ਦਿੱਤੀ। ਇਹਨਾਂ ਪੇਸ਼ਕਾਰੀਆਂ ਵਿੱਚ ਦੇਸ਼ ਭਗਤੀ, ਕੌਮੀ ਏਕਤਾ ਅਤੇ ਦੇਸ਼ ਦੀ ਅਮੀਰ ਸੱਭਿਆਚਾਰਕ ਵਿਭਿੰਨਤਾ ਦੀ ਝਲਕ ਦੇਖਣ ਨੂੰ ਮਿਲੀ। ਬਿਹਤਰੀਨ ਕਾਰਗੁਜ਼ਾਰੀ ਅਤੇ ਸਮਰਪਿਤ ਸੇਵਾਵਾਂ ਲਈ ਸਟਾਫ਼ ਮੈਂਬਰਾਂ ਨੂੰ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ। ਸੱਭਿਆਚਾਰਕ ਪ੍ਰੋਗਰਾਮ ਅਤੇ ਖੇਡ ਗਤੀਵਿਧੀਆਂ ਵਿੱਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਵੀ ਉਹਨਾਂ ਦੀ ਉਤਸ਼ਾਹੀ ਸ਼ਮੂਲੀਅਤ ਲਈ ਤੋਹਫ਼ੇ ਪ੍ਰਦਾਨ ਕੀਤੇ ਗਏ। ਸਮਾਰੋਹ ਨੂੰ ਸੰਬੋਧਨ ਕਰਦਿਆਂ ਸੀਸੀਏ, ਪੰਜਾਬ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਸਮਰਪਣ, ਵਫ਼ਾਦਾਰੀ ਅਤੇ ਫਰਜ਼ ਦੀ ਭਾਵਨਾ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਮਾਨਦਾਰੀ, ਅਨੁਸ਼ਾਸਨ ਅਤੇ ਲੋਕ ਸੇਵਾ ਦੀ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦੇ ਰਹਿਣ ਦਾ ਸੱਦਾ ਦਿੱਤਾ। ਉਹਨਾਂ ਕਿਹਾ ਕਿ ਰਾਸ਼ਟਰ ਨਿਰਮਾਣ ਵਿੱਚ ਹਰੇਕ ਨਾਗਰਿਕ ਦੀ ਮਹੱਤਵਪੂਰਨ ਭੂਮਿਕਾ ਹੈ ਅਤੇ ਸਾਰਿਆਂ ਨੂੰ ਮਾਣਯੋਗ ਪ੍ਰਧਾਨ ਮੰਤਰੀ ਜੀ ਦੇ 'ਵਿਕਸਿਤ ਭਾਰਤ' ਦੇ ਵਿਜ਼ਨ ਨੂੰ ਸਾਕਾਰ ਕਰਨ ਲਈ ਸਾਂਝੇ ਯਤਨਾਂ, ਨਵੀਨਤਾ, ਕਾਰਜ ਕੁਸ਼ਲਤਾ ਅਤੇ ਸਮਰਪਣ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ। ਸਮਾਰੋਹ ਦੀ ਸਮਾਪਤੀ ਦੇਸ਼ ਭਗਤੀ ਅਤੇ ਉਸਾਰੂ ਊਰਜਾ ਨਾਲ ਭਰਪੂਰ ਮਾਹੌਲ ਵਿੱਚ ਹੋਈ ਅਤੇ ਹਾਜ਼ਰ ਸਾਰੇ ਲੋਕਾਂ ਨੇ ਰਾਸ਼ਟਰ ਦੇ ਆਦਰਸ਼ਾਂ ਅਤੇ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਅਤੇ ਦੇਸ਼ ਦੀ ਨਿਰੰਤਰ ਤਰੱਕੀ ਅਤੇ ਖੁਸ਼ਹਾਲੀ ਵਿੱਚ ਸਾਰਥਕ ਯੋਗਦਾਨ ਪਾਉਣ ਦਾ ਪ੍ਰਣ ਲਿਆ।

# ਬੀ.ਸੀ.ਐਮ. ਸਕੂਲ ਦੁੱਗਰੀ ਵਿਖੇ ਆਜ਼ਾਦੀ ਦਿਵਸ ਮਨਾਇਆ




ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਬੀ.ਸੀ.ਐਮ. ਸਕੂਲ, ਦੁੱਗਰੀ ਵਿਖੇ ਆਜ਼ਾਦੀ ਦਿਵਸ ਬੜੇ ਦੇਸ਼ਭਗਤੀ ਭਾਵ, ਮਾਣ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਵਿੱਚ ਸਕੂਲ ਸਟਾਫ਼, ਵਿਦਿਆਰਥੀਆਂ, ਪ੍ਰਿੰਸੀਪਲ ਅਤੇ ਮੁੱਖ ਮਹਿਮਾਨ ਆਰਕੀਟੈਕਟ ਸੰਜੇ ਗੋਇਲ, ਚੀਫ਼ ਆਰਕੀਟੈਕਟ, ਡਿਜ਼ਾਈਨਐਕਸ ਆਰਕੀਟੈਕਟਸ, ਲੁਧਿਆਣਾ ਨੇ ਸ਼ਿਰਕਤ ਕੀਤੀ। ਇਸ ਮੌਕੇ ਦੇਸ਼ ਦੀ ਆਜ਼ਾਦੀ ਦੀ ਭਾਵਨਾ ਦਾ ਜਸ਼ਨ ਮਨਾਉਣ ਦੇ ਨਾਲ-ਨਾਲ ਉਨ੍ਹਾਂ ਮਹਾਨ ਕੁਰਬਾਨੀਆਂ ਨੂੰ ਨਮਨ ਕੀਤਾ ਗਿਆ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਦੀ ਨੀਂਹ ਰੱਖੀ। ਸਮਾਗਮ ਦੀ ਸ਼ੁਰੂਆਤ ਪ੍ਰਿੰਸੀਪਲ, ਸਟਾਫ਼ ਮੈਂਬਰਾਂ ਅਤੇ ਵਿਸ਼ੇਸ਼ ਮਹਿਮਾਨ ਵੱਲੋਂ ਕੌਮੀ ਝੰਡਾ ਲਹਿਰਾਉਣ ਨਾਲ ਹੋਈ, ਜਿਸ ਉਪਰੰਤ ਰਾਸ਼ਟਰੀ ਗੀਤ ਗਾਇਆ ਗਿਆ। ਆਸਮਾਨ ਵਿੱਚ ਮਾਣ ਨਾਲ ਲਹਿਰਾਉਂਦੇ ਤਿਰੰਗੇ ਨੇ ਪੂਰੇ ਮਾਹੌਲ ਨੂੰ ਰਾਸ਼ਟਰੀ ਮਾਣ ਅਤੇ ਏਕਤਾ ਦੀ ਭਾਵਨਾ ਨਾਲ ਭਰ ਦਿੱਤਾ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਭਾਰਤੀ ਹਥਿਆਰਬੰਦ ਸੈਨਾਵਾਂ ਦੇ ਬਹਾਦਰ ਜਵਾਨਾਂ ਨੂੰ ਸਮਰਪਿਤ ਦੇਸ਼ਭਗਤੀ ਨ੍ਰਿਤ ਪੇਸ਼ ਕੀਤਾ। ਇਸ ਪੇਸ਼ਕਾਰੀ ਰਾਹੀਂ ਦੇਸ਼ ਦੀ ਪ੍ਰਭੂਸੱਤਾ ਦੀ ਰੱਖਿਆ ਵਿੱਚ ਸੈਨਿਕਾਂ ਦੇ ਸਾਹਸ, ਸਮਰਪਣ ਅਤੇ ਨਿਸ਼ਕਾਮ ਸੇਵਾ ਨੂੰ ਸ਼ਰਧਾਪੂਰਵਕ ਨਮਨ ਕੀਤਾ ਗਿਆ। ਇਸ ਤੋਂ ਇਲਾਵਾ, ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਮਨਮੋਹਕ ਕਥਕ ਨ੍ਰਿਤ ਨੇ ਭਾਰਤ ਦੀ ਅਮੀਰ ਸ਼ਾਸਤਰੀ ਵਿਰਾਸਤ ਦੀ ਖੂਬਸੂਰਤ ਝਲਕ ਪੇਸ਼ ਕੀਤੀ। ਰਵਾਇਤੀ ਕਲਾ, ਲੈਅ ਅਤੇ ਭਾਵਪੂਰਨ ਅਭਿਵਿਅਕਤੀ ਦੇ ਇਸ



ਸੁਮੇਲ ਨੇ ਸਮਾਗਮ ਵਿੱਚ ਸੱਭਿਆਚਾਰਕ ਰੰਗ ਭਰ ਦਿੱਤਾ। ਸਮਾਗਮ ਨੂੰ ਅਧਿਆਪਕਾਂ ਦੀ ਵਿਸ਼ੇਸ਼ ਨ੍ਰਿਤ ਪੇਸ਼ਕਾਰੀ ਨੇ ਵੀ ਰੌਣਕਮਈ ਬਣਾ ਦਿੱਤਾ। ਅਧਿਆਪਕਾਂ ਨੇ ਆਪਣੀ ਪੇਸ਼ਕਾਰੀ ਰਾਹੀਂ ਆਜ਼ਾਦੀ, ਏਕਤਾ ਅਤੇ ਭਾਰਤ ਦੀ ਅਟੱਲ ਭਾਵਨਾ ਨੂੰ ਖੂਬਸੂਰਤੀ ਨਾਲ ਪ੍ਰਗਟ ਕੀਤਾ। ਉਨ੍ਹਾਂ ਦੀ ਸ਼ਮੂਲੀਅਤ ਨੇ ਪੂਰੇ ਸਮਾਗਮ ਵਿੱਚ ਵਿਸ਼ੇਸ਼ ਗਰਮਜੋਸ਼ੀ ਅਤੇ ਖੁਸ਼ੀ ਦਾ ਸੰਚਾਰ ਕੀਤਾ ਅਤੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਡਾ. ਵੰਦਨਾ ਸ਼ਾਹੀ ਨੇ ਹਾਜ਼ਰ ਸਾਰਿਆਂ ਨੂੰ ਆਜ਼ਾਦੀ ਦਿਵਸ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ, "ਆਜ਼ਾਦੀ ਸਾਡੇ ਲਈ ਇੱਕ ਵਿਸ਼ੇਸ਼ ਅਧਿਕਾਰ ਹੋਣ ਦੇ ਨਾਲ-ਨਾਲ ਇੱਕ ਜ਼ਿੰਮੇਵਾਰੀ ਵੀ ਹੈ। ਆਓ, ਅਸੀਂ ਆਪਣੇ ਬੱਚਿਆਂ ਨੂੰ ਏਕਤਾ, ਇਮਾਨਦਾਰੀ, ਦਇਆ ਅਤੇ ਦੇਸ਼ਭਗਤੀ ਦੇ ਮੁੱਲਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕਰੀਏ। ਅਸੀਂ ਇੱਕ ਮਜ਼ਬੂਤ, ਉਜਵਲ ਅਤੇ ਹੋਰ ਵਧੇਰੇ ਸਦਭਾਵਨਾ ਵਾਲੇ ਭਾਰਤ ਦੇ ਨਿਰਮਾਣ ਵਿੱਚ ਲਗਾਤਾਰ ਯੋਗਦਾਨ ਪਾਉਂਦੇ ਰਹੀਏ। ਸਮਾਗਮ ਦਾ ਸਮਾਪਨ ਦੇਸ਼ਭਗਤੀ ਅਤੇ ਰਾਸ਼ਟਰੀ ਮਾਣ ਦੀ ਨਵੀਂ ਭਾਵਨਾ ਨਾਲ ਹੋਇਆ। ਇਸ ਮੌਕੇ ਨੇ ਸਾਰਿਆਂ ਨੂੰ ਦੇਸ਼ ਦੀ ਆਜ਼ਾਦੀ ਨੂੰ ਸਾਂਭਣ ਅਤੇ ਭਾਰਤ ਦੇ ਗੌਰਵਮਈ ਨਾਗਰਿਕਾਂ ਵਜੋਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਨਿਸ਼ਠਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

# ਸੁਤੰਤਰਤਾ ਦਿਵਸ-2026 ਦੇ ਮੌਕੇ 'ਤੇ ਨਾਈਪਰ, ਮੋਹਾਲੀ ਵਿੱਚ ਉਤਸ਼ਾਹ ਅਤੇ ਦੇਸ਼ ਭਗਤੀ ਨਾਲ 80ਵਾਂ ਸੁਤੰਤਰਤਾ ਦਿਵਸ ਮਨਾਇਆ

ਜ਼ਿਕਰ ਪੰਜਾਬ

**ਮੋਹਾਲੀ/ਪੀ.ਆਈ.ਬੀ**

ਨੈਸ਼ਨਲ ਇੰਸਟੀਟਿਊਟ ਆਫ਼ ਫਾਰਮਾਸਿਊਟੀਕਲ ਐਜੂਕੇਸ਼ਨ ਐਂਡ ਰਿਸਰਚ (ਨਾਈਪਰ), ਐੱਸਏਐੱਸ ਨਗਰ ਵਿੱਚ 80ਵਾਂ ਸੁਤੰਤਰਤਾ ਦਿਵਸ ਵੱਡੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਗੀਤ - 'ਵੰਦੇ ਮਾਤਰਮ' ਦੇ ਗਾਇਨ ਨਾਲ ਹੋਈ। ਇਸ ਤੋਂ ਬਾਅਦ ਸੰਸਥਾਨ ਦੇ ਡਾਇਰੈਕਟਰ ਪ੍ਰੋ. ਦੁਲਾਲ ਪਾਂਡਾ ਨੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਫਿਰ ਰਾਸ਼ਟਰ ਗਾਨ ਗਾਇਆ ਗਿਆ। ਆਪਣੇ ਸੰਬੋਧਨ ਵਿੱਚ ਪ੍ਰੋ. ਪਾਂਡਾ ਨੇ ਕਿਹਾ ਕਿ ਤਿਰੰਗੇ ਕੋਲ ਇਕੱਠੇ ਹੋ ਕੇ ਅਸੀਂ ਉਨ੍ਹਾਂ ਅਣਗਿਣਤ ਆਜ਼ਾਦੀ ਘੁਲਾਟੀਆਂ ਪ੍ਰਤੀ ਧੰਨਵਾਦ ਪ੍ਰਗਟ ਕਰਦੇ ਹਾਂ, ਜਿਨ੍ਹਾਂ ਦੇ ਸਾਹਸ, ਤਿਆਗ ਅਤੇ ਕੁਰਬਾਨੀ ਨੇ ਸਾਨੂੰ ਇਹ ਅਣਮੁੱਲੀ ਆਜ਼ਾਦੀ ਦਿੱਤੀ। ਉਨ੍ਹਾਂ ਕਿਹਾ ਕਿ ਆਜ਼ਾਦੀ ਪ੍ਰਾਪਤੀ ਦੇ 79 ਸਾਲਾਂ ਬਾਅਦ ਭਾਰਤ ਨੇ ਹਰ ਖੇਤਰ ਵਿੱਚ ਸ਼ਲਾਘਾਯੋਗ ਤਰੱਕੀ ਕੀਤੀ ਹੈ। ਸਾਡੇ ਦੇਸ਼ ਵਾਸੀਆਂ ਦੇ ਹੁਨਰ ਅਤੇ ਬੌਧਿਕ ਸਮਰੱਥਾ ਨੇ ਵਿਸ਼ਵ ਨੂੰ ਨਵੀਂ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਭਾਰਤ ਅੱਜ ਇੱਕ ਅਜਿਹੇ ਰਾਸ਼ਟਰ ਵਜੋਂ ਵਿਕਸਿਤ ਹੋਇਆ ਹੈ, ਜੋ ਵਿਗਿਆਨ ਅਤੇ ਤਕਨਾਲੋਜੀ ਨੂੰ ਵਿਸ਼ੇਸ਼ ਮਹੱਤਵ ਦਿੰਦਾ ਹੈ। ਇਨ੍ਹਾਂ ਖੇਤਰਾਂ ਵਿੱਚ ਅਸੀਂ ਉੱਚਤਮ ਮਾਪਦੰਡਾਂ ਨੂੰ ਅਪਣਾਇਆ ਹੈ ਅਤੇ ਕਈ ਵਿਗਿਆਨਕ ਪ੍ਰਾਪਤੀਆਂ ਰਾਹੀਂ ਵਿਸ਼ਵ ਪੱਧਰ 'ਤੇ ਆਪਣੀ ਪਛਾਣ ਕਾਇਮ ਕੀਤੀ ਹੈ। ਪ੍ਰੋ. ਪਾਂਡਾ ਨੇ ਕਿਹਾ ਕਿ ਸਾਲ 2026 ਵਿੱਚ ਭਾਰਤ ਦਾ 80ਵਾਂ ਸੁਤੰਤਰਤਾ ਦਿਵਸ ਵੰਦੇ ਮਾਤਰਮ ਦੇ 150 ਸਾਲ ਅਤੇ ਵਿਕਸਿਤ ਭਾਰਤ02047 ਲਈ ਨੌਜਵਾਨ ਸ਼ਕਤੀ 'ਤੇ ਕੇਂਦ੍ਰਿਤ ਵੱਖ-ਵੱਖ ਸਰਕਾਰੀ ਮੁਹਿੰਮਾਂ ਦੇ ਨਾਲ ਮਨਾਇਆ ਜਾ ਰਿਹਾ ਹੈ। ਇਸ ਸਾਲ ਸੁਤੰਤਰਤਾ ਦਿਵਸ ਦੀ ਭਾਵਨਾ ÷ਸਵਦੇਸ਼ੀ ਤਕਨਾਲੋਜੀਆਂ, ਹਰਿਤ ਤਬਦੀਲੀ ਅਤੇ ਆਤਮ-ਨਿਰਭਰ ਰੱਖਿਆ ਰਾਹੀਂ ਵਿਕਸਿਤ ਭਾਰਤ÷ ਦੇ ਥੀਮ 'ਤੇ ਅਧਾਰਿਤ ਹੈ। ਇਹ ਸਾਨੂੰ ਕੰਮ ਕਰਨ ਲਈ ਪ੍ਰੇਰਿਤ ਕਰਦੀ ਹੈ ਅਤੇ ਯਾਦ ਦਿਵਾਉਂਦੀ ਹੈ ਕਿ ਅਸਲ ਆਜ਼ਾਦੀ ਸਿਰਫ਼ ਸਿਆਸੀ ਆਜ਼ਾਦੀ



ਤੱਕ ਸੀਮਤ ਨਹੀਂ ਹੈ, ਸਗੋਂ ਆਤਮ-ਨਿਰਭਰਤਾ, ਨਵੀਨਤਾ ਅਤੇ ਨਿਰੰਤਰ ਵਿਕਾਸ ਵੀ ਇਸ ਦੇ ਅਨਿੱਖੜਵੇਂ ਅੰਗ ਹਨ। ਪ੍ਰੋ. ਪਾਂਡਾ ਨੇ ਕਿਹਾ ਕਿ ਨਾਈਪਰ, ਮੋਹਾਲੀ ਨੂੰ ਸਿਹਤ ਸੇਵਾਵਾਂ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਭਾਰਤ ਦੀ ਰਾਸ਼ਟਰੀ ਵਿਕਾਸ ਯਾਤਰਾ ਵਿੱਚ ਆਪਣੇ ਯੋਗਦਾਨ 'ਤੇ ਮਾਣ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੰਸਥਾਨ ਵਿੱਚ ਦੋ ਨਵੇਂ ਕੋਰਸ ਸ਼ੁਰੂ ਕੀਤੇ ਗਏ ਹਨ— ਬਾਇਓਫਾਰਮਾਸਿਊਟੀਕਲਜ਼ ਵਿੱਚ ਮਾਸਟਰ ਡਿਗਰੀ ਅਤੇ ਫਾਰਮਾਸਿਊਟੀਕਲ ਰੈਗੂਲੇਟਰੀ ਸਾਇੰਸਿਜ਼ ਵਿੱਚ ਮਾਸਟਰ ਡਿਗਰੀ। ਇਹ ਕੋਰਸ ਫਾਰਮਾਸਿਊਟੀਕਲ ਖੇਤਰ ਦੀਆਂ ਬਦਲਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਅਤੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਨਾਈਪਰ, ਮੋਹਾਲੀ ਦੇ ਕੰਮਾਂ ਨੂੰ ਦਿਸ਼ਾ ਦੇਣ ਵਾਲੀਆਂ ਸੰਸਥਾਗਤ ਤਰਜੀਹਾਂ ਵਿੱਚ ਟ?ਰਾਂਸਲੇਸ਼ਨਲ ਰਿਸਰਚ, ਉਦਯੋਗ-ਅਕਾਦਮਿਕ ਸਹਿਯੋਗ, ਕਲੀਨਿਕਲ ਰਿਸਰਚ ਈਕੋਸਿਸਟਮ, ਬੌਧਿਕ ਸੰਪਤੀ ਦੀ ਸਿਰਜਣਾ ਅਤੇ ਲਾਇਸੈਂਸਿੰਗ, ਵਿਸ਼ਵ ਪੱਧਰੀ ਮਾਪਦੰਡਾਂ ਅਨੁਸਾਰ ਉੱਤਮਤਾ, ਪਾਲਣਾ ਅਤੇ ਚੰਗਾ ਪ੍ਰਸ਼ਾਸਨ (ਸੁਸ਼ਾਸਨ), ਸਮਰੱਥਾ ਨਿਰਮਾਣ ਅਤੇ ਵਿਦਿਆਰਥੀਆਂ ਦਾ ਸਸ਼ਕਤੀਕਰਣ ਮੁੱਖ ਤੌਰ 'ਤੇ ਸ਼ਾਮਲ ਹਨ। ਪ੍ਰੋ. ਪਾਂਡਾ ਨੇ ਕਿਹਾ ਕਿ ਫਾਰਮਾਸਿਊਟੀਕਲ ਵਿਗਿਆਨ ਅਤੇ ਤਕਨਾਲੋਜੀ ਅੱਜ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਖੇਤਰ ਵਜੋਂ ਵਿਕਸਿਤ ਹੋ ਚੁੱਕੇ ਹਨ ਅਤੇ ਇਹ ਦੇਸ਼ ਦੇ ਪ੍ਰਮੁੱਖ ਅਤੇ ਮੋਹਰੀ ਖੇਤਰਾਂ ਵਿੱਚ ਸ਼ਾਮਲ ਹੈ। ਆਪਣੇ ਸੰਬੋਧਨ ਦੇ ਅੰਤ ਵਿੱਚ ਪ੍ਰੋ. ਪਾਂਡਾ ਨੇ ਕਿਹਾ ਕਿ ਅੱਜ ਜਦੋਂ ਅਸੀਂ ਤਿਰੰਗੇ ਨੂੰ ਨਮਨ ਕਰਦੇ ਹੋਏ ਵਿਕਸਿਤ ਭਾਰਤ02047 ਵੱਲ ਦੇਖ ਰਹੇ ਹਾਂ, ਤਾਂ ਸਾਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਸੁਤੰਤਰਤਾ ਜ਼ਿੰਮੇਵਾਰੀ ਦੇ ਨਾਲ ਹੀ ਕਾਇਮ ਰਹਿੰਦੀ ਹੈ। ਨਾਈਪਰ, ਮੋਹਾਲੀ ਦੀ ਜ਼ਿੰਮੇਵਾਰੀ ਹੈ ਕਿ ਉਹ ਭਾਰਤ ਦੇ ਫਾਰਮਾਸਿਊਟੀਕਲ ਅਤੇ ਮੈਡੀਕਲ ਡਿਵਾਈਸ ਖੇਤਰ ਨੂੰ ਅਜਿਹੇ ਭਵਿੱਖ ਵੱਲ ਲੈ ਜਾਵੇ, ਜੋ ਨਵੀਨਤਾ, ਪਾਲਣਾ ਅਤੇ ਵਿਸ਼ਵਵਿਆਪੀ ਪ੍ਰਾਸੰਗਿਕਤਾ ਨਾਲ ਪਰਿਭਾਸ਼ਿਤ ਹੋਵੇ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਸਮੂਹਿਕ ਯਤਨਾਂ ਨਾਲ ਭਾਰਤ ਨੂੰ ਹੋਰ ਵਧੇਰੇ ਗੌਰਵਸ਼ਾਲੀ ਅਤੇ ਮਜ਼ਬੂਤ ਬਣਾਇਆ ਜਾ ਸਕੇਗਾ। ਸਮਾਗਮ ਤੋਂ ਬਾਅਦ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸੰਸਥਾਨ ਦੇ ਵਿਦਿਆਰਥੀਆਂ ਅਤੇ ਕਰਮਚਾਰੀਆਂ ਦੇ ਬੱਚਿਆਂ ਨੇ ਦੇਸ਼ ਭਗਤੀ ਦੇ ਥੀਮ 'ਤੇ ਪੇਸ਼ਕਾਰੀਆਂ ਦਿੱਤੀਆਂ। ਸਮਾਗਮ ਦੀ ਸਮਾਪਤੀ ਮੌਕੇ 'ਤੇ ਮੌਜੂਦ ਸਾਰੇ ਲੋਕਾਂ ਨੂੰ ਮਠਿਆਈਆਂ ਵੰਡਣ ਨਾਲ ਹੋਈ।

# ਖੰਨਾ ਪੁਲਿਸ ਦੀ ਚੌਕਸ ਸੁਰੱਖਿਆ ਨੇ ਜਿੱਤਿਆ ਭਰੋਸਾ, ਈਸੜੂ ਸਮਾਗਮ 'ਚ ਪਹਿਲੀ ਵਾਰ ਐੱਫਆਰਐੱਸ ਦੀ ਵਰਤੋਂ

ਜ਼ਿਕਰ ਪੰਜਾਬ

**ਖੰਨਾ-ਲੁਧਿਆਣਾ/ਰਵੀ**

ਗੋਆ ਦੀ ਆਜ਼ਾਦੀ ਦੇ ਮਹਾਨ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੀ ਯਾਦ ਵਿੱਚ ਖੰਨਾ ਦੇ ਪਿੰਡ ਈਸੜੂ ਵਿਖੇ ਕਰਵਾਏ ਗਏ ਰਾਜ ਪੱਧਰੀ ਸ਼ਹੀਦੀ ਸਮਾਗਮ ਦੌਰਾਨ ਖੰਨਾ ਪੁਲਿਸ ਵੱਲੋਂ ਕੀਤੇ ਗਏ ਸੁਰੱਖਿਆ ਪ੍ਰਬੰਧ ਪੂਰੀ

> **ਐੱਸਐੱਸਪੀ ਦੀ ਅਗਵਾਈ ਹੇਠ ਪੁਖ਼ਤਾ ਸੁਰੱਖਿਆ ਪ੍ਰਬੰਧ, ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵੀ ਕੀਤੀ ਸ਼ਲਾਘਾ**

ਤਰ੍ਹਾਂ ਚੌਕਸ ਅਤੇ ਪ੍ਰਭਾਵਸ਼ਾਲੀ ਰਹੇ। ਐੱਸ.ਐੱਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਪੁਲਿਸ ਵੱਲੋਂ ਸਮਾਗਮ ਸਥਾਨ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸੁਰੱਖਿਆ ਦਾ ਵਿਆਪਕ ਪ੍ਰਬੰਧ ਕੀਤਾ ਗਿਆ। ਸਮਾਗਮ ਦੌਰਾਨ ਨਾਕਾਬੰਦੀ, ਸ਼ੱਕੀ ਵਿਅਕਤੀਆਂ ਦੀ ਨਿਗਰਾਨੀ, ਵਾਹਨਾਂ ਦੀ ਚੈਕਿੰਗ ਅਤੇ ਸੀ.ਸੀ.ਟੀ.ਵੀ ਸਮੇਤ ਆਧੁਨਿਕ ਤਕਨੀਕੀ ਸਾਧਨਾਂ ਦੀ ਵਰਤੋਂ ਕੀਤੀ ਗਈ। ਪੁਲਿਸ ਦੀ ਮੁਸਤੈਦੀ ਕਾਰਨ ਸਮਾਗਮ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਹੋਇਆ ਅਤੇ ਲੋਕਾਂ ਨੂੰ ਵੀ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਿਆ। ਈਸੜੂ ਸਮਾਗਮ ਦੌਰਾਨ ਸੁਰੱਖਿਆ ਪ੍ਰਬੰਧਾਂ ਦੀ ਸਭ ਤੋਂ ਅਹਿਮ ਵਿਸ਼ੇਸ਼ਤਾ ਫੇਸ਼ੀਅਲ ਰਿਕੋਗਨੀਸ਼ਨ ਸਿਸਟਮ (ਐੱਫ.ਆਰ.ਐੱਸ) ਦੀ ਵਰਤੋਂ ਰਹੀ। ਖੰਨਾ ਪੁਲਿਸ ਵੱਲੋਂ ਤਿਆਰ ਕੀਤੀ ਇਸ ਤਕਨੀਕ ਰਾਹੀਂ ਸੀ.ਸੀ.ਟੀ.ਵੀ ਫੁਟੇਜ ਅਤੇ ਲਾਈਵ ਕੈਮਰਾ ਫੀਡ ਦੀ ਮਦਦ ਨਾਲ ਸ਼ੱਕੀ ਅਤੇ ਲੋੜੀਂਦੇ ਵਿਅਕਤੀਆਂ ਦੀ ਪਛਾਣ ਕਰਨ ਦੀ ਵਿਵਸਥਾ ਕੀਤੀ ਗਈ। ਪੁਲਿਸ ਅਨੁਸਾਰ ਸਿਸਟਮ ਵਿੱਚ ਕਿਸੇ ਲੋੜੀਂਦੇ ਵਿਅਕਤੀ ਦੀ ਤਸਵੀਰ ਅਤੇ ਸਬੰਧਤ ਜਾਣਕਾਰੀ ਅਪਲੋਡ ਕਰਨ ਤੋਂ ਬਾਅਦ ਉਸ ਦੇ ਚਿਹਰੇ ਦੀ ਵਿਸ਼ੇਸ਼ 512-ਡੀ ਫੇਸ ਐਂਬੈਡਿੰਗ ਤਿਆਰ ਹੁੰਦੀ ਹੈ। ਇਸ ਤੋਂ ਬਾਅਦ ਕੈਮਰਿਆਂ ਰਾਹੀਂ ਸਾਹਮਣੇ ਆਉਣ ਵਾਲੇ ਚਿਹਰਿਆਂ ਨੂੰ ਲਗਾਤਾਰ ਸਕੈਨ ਕੀਤਾ ਜਾਂਦਾ ਹੈ। ਸੰਭਾਵਿਤ ਮੈਚ ਮਿਲਣ 'ਤੇ ਸਿਸਟਮ ਤੁਰੰਤ ਅਲਰਟ ਜਾਰੀ ਕਰਦਾ ਹੈ, ਜਿਸ ਵਿੱਚ ਵਿਅਕਤੀ ਦਾ ਨਾਮ, ਮੈਚ ਪ੍ਰਤੀਸ਼ਤ, ਸਥਾਨ,



ਤਾਰੀਖ ਅਤੇ ਸਮੇਂ ਵਰਗੀ ਜਾਣਕਾਰੀ ਸਾਹਮਣੇ ਆਉਂਦੀ ਹੈ। ਹਰੇਕ ਡਿਟੈਕਸ਼ਨ ਦਾ ਰਿਕਾਰਡ ਡੈਸ਼ਬੋਰਡ 'ਤੇ ਆਪਣੇ ਆਪ ਦਰਜ ਹੋਣ ਕਾਰਨ ਪੁਲਿਸ ਅਧਿਕਾਰੀ ਮੌਕੇ 'ਤੇ ਇਸ ਦੀ ਜਾਂਚ ਅਤੇ ਤਸਦੀਕ ਕਰ ਸਕਦੇ ਹਨ। ਐੱਸ.ਐੱਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਖੰਨਾ ਪੁਲਿਸ ਵੱਲੋਂ ਸੁਰੱਖਿਆ ਪ੍ਰਬੰਧਾਂ ਵਿੱਚ ਆਧੁਨਿਕ ਤਕਨਾਲੋਜੀ ਦੀ ਵਰਤੋਂ ਨੂੰ ਪੁਲਿਸਿੰਗ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵੱਲ ਅਹਿਮ ਕਦਮ ਮੰਨਿਆ ਜਾ ਰਿਹਾ ਹੈ। ਡਾ. ਆਹਲੂਵਾਲੀਆ ਨੇ ਖੰਨਾ ਪੁਲਿਸ ਦੀ ਅਗਵਾਈ ਸੰਭਾਲਣ ਤੋਂ ਬਾਅਦ ਅਪਰਾਧ 'ਤੇ ਕਾਬੂ ਪਾਉਣ ਦੇ ਨਾਲ-ਨਾਲ ਤਕਨਾਲੋਜੀ ਅਧਾਰਿਤ ਪੁਲਿਸਿੰਗ 'ਤੇ ਵੀ ਜ਼ੋਰ ਦਿੱਤਾ ਹੈ। ਈਸੜੂ ਵਰਗੇ ਇਤਿਹਾਸਕ ਸਥਾਨ 'ਤੇ ਵੱਡੀ ਗਿਣਤੀ ਵਿੱਚ ਲੋਕਾਂ ਅਤੇ ਵੱਖ-ਵੱਖ ਸਿਆਸੀ ਤੇ ਸਮਾਜਿਕ ਆਗੂਆਂ ਦੀ ਮੌਜੂਦਗੀ ਨੂੰ ਦੇਖਦਿਆਂ ਪੁਲਿਸ ਵੱਲੋਂ ਸੁਰੱਖਿਆ ਦੀਆਂ ਕਈ ਪਰਤਾਂ ਤਿਆਰ ਕੀਤੀਆਂ ਗਈਆਂ ਸਨ। ਰਾਜ ਪੱਧਰੀ ਸਮਾਗਮ ਵਿੱਚ ਪਹੁੰਚੇ ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵੀ ਖੰਨਾ ਪੁਲਿਸ ਵੱਲੋਂ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇੰਨੇ ਵੱਡੇ ਸਮਾਗਮ ਨੂੰ ਸੁਚੱਜੇ ਅਤੇ ਸੁਰੱਖਿਅਤ ਢੰਗ ਨਾਲ ਕਰਵਾਉਣ ਵਿੱਚ ਪੁਲਿਸ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਰਹੀ। ਈਸੜੂ ਵਿੱਚ ਰਵਾਇਤੀ ਸੁਰੱਖਿਆ ਪ੍ਰਬੰਧਾਂ ਦੇ ਨਾਲ ਆਧੁਨਿਕ ਤਕਨਾਲੋਜੀ ਦੀ ਵਰਤੋਂ ਨੇ ਇਹ ਸਪੱਸ਼ਟ ਕੀਤਾ ਕਿ ਖੰਨਾ ਪੁਲਿਸ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸੁਰੱਖਿਆ ਪ੍ਰਬੰਧਾਂ ਨੂੰ ਤਕਨਾਲੋਜੀ ਨਾਲ ਜੋੜਨ ਵੱਲ ਵੀ ਲਗਾਤਾਰ ਅੱਗੇ ਵੱਧ ਰਹੀ ਹੈ।

# ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਦੋਵੇਂ ਕਾਤਲਾਨਾ ਹਮਲਿਆਂ ਦੀ ਐਨ ਆਈ ਏ ਜਾਂਚ ਕਰਵਾਈ ਜਾਵੇ : ਹਰਸਿਮਰਤ ਕੌਰ ਬਾਦਲ

ਜ਼ਿਕਰ ਪੰਜਾਬ

**ਗੁਰੂ ਹਰਿਸਹਾਏ** : ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਬਠਿੰਡਾ ਦੇ ਐਮ ਪੀ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਅੱਜ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਮੰਗ ਕੀਤੀ ਕਿ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ 'ਤੇ ਹੋਏ ਦੋ ਕਾਤਲਾਨਾ ਹਮਲਿਆਂ ਦੀ ਕੌਮੀ ਜਾਂਚ ਏਜੰਸੀ (ਐਨ ਆਈ ਏ) ਕੋਲੋਂ ਜਾਂਚ ਕਰਵਾਈ ਜਾਵੇ ਅਤੇ ਉਹਨਾਂ ਨੇ ਇਹਨਾਂ ਹਮਲਿਆਂ ਨੂੰ ਇਕ ਡੂੰਘੀ ਸਾਜ਼ਿਸ਼ ਕਰਾਰ ਦਿੱਤਾ ਜਿਸ ਵਿਚ ਸਿਆਸਤਦਾਨ ਤੇ ਪੁਲਿਸ ਅਫਸਰ ਦੋਵੇਂ ਸ਼ਾਮਲ ਹਨ। ਬਠਿੰਡਾ ਦੇ ਐਮ ਪੀ, ਜਿਹਨਾਂ ਨੇ ਇਥੇ ਪਾਰਟੀ ਦੀ ਪੰਜਾਬ ਬਚਾਓ ਮੁਹਿੰਮ ਦੇ ਦੂਜੇ ਪੜਾਅ ਵਜੋਂ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ, ਨੇ ਸਰਦਾਰ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਮਗਰੋਂ ਗੰਭੀਰ ਜ਼ਖ਼ਮੀ ਹੋਈ ਬਾਂਹ ਜਿਸਦੀ ਹੋਈ ਸਰਜਰੀ ਤਹਿਤ 150 ਟਾਂਕੇ ਲੱਗੇ ਹਨ ਅਤੇ ਹਮਲੇ ਵਿਚ ਹਮਲਾਵਰ ਵੱਲੋਂ ਵਰਤੀ ਗਈ ਡੇਢ ਫੁੱਟ ਲੰਬੀ ਕਿਰਚ ਦੀਆਂ ਤਸਵੀਰਾਂ ਵੀ ਮੀਡੀਆ ਨਾਲ ਸਾਂਝੀਆਂ ਕੀਤੀਆਂ। ਉਹਨਾਂ ਦੱਸਿਆ ਕਿ ਦੋਵੇਂ ਪਾਸੇ ਅਤੇ ਅੰਦਰਲੇ ਪਾਸੇ ਵੀ ਜ਼ਖ਼ਮ ਨੂੰ ਕਵਰ ਕਰਨ ਵਾਸਤੇ 150 ਤੋਂ ਜ਼ਿਆਦਾ ਟਾਂਕੇ ਲੱਗੇ ਹਨ। ਉਹਨਾਂ ਕਿਹਾ ਕਿ ਕਿਰਚ ਬਹੁਤ ਤਿੱਖੀ ਤੇ ਲੰਬੀ ਸੀ ਜਿਸ ਕਾਰਨ ਇਹ ਬਾਂਹ ਦੇ ਆਰ ਪਾਰ ਹੋ ਗਈ।



ਉਹਨਾਂ ਕਿਹਾ ਕਿ ਅਜਿਹਾ ਘਿਨੌਣਾ ਕੰਮ ਕੋਈ ਸੱਚਾ ਗੁਰੂ ਦਾ ਸਿੱਖ ਨਹੀਂ ਕਰ ਸਕਦਾ ਅਤੇ ਸਾਰੇ ਮਾਮਲੇ ਦੀ ਐਨ ਆਈ ਏ ਕੋਲੋਂ ਜਾਂਚ ਕਰਵਾਉਣ ਦੀ ਜ਼ਰੂਰਤ ਹੈ ਤਾਂ ਜੋ ਇਹਨਾਂ ਹਮਲਿਆਂ ਦੀ ਤਹਿ ਤੱਕ ਜਾਇਆ ਜਾ ਸਕੇ ਤੇ ਉਹ ਵਿਅਕਤੀ ਵੀ ਪਛਾਣੇ ਜਾ ਸਕਣ ਜਿਹਨਾਂ ਨੇ ਇਹ ਹਮਲੇ ਕਰਵਾਏ। ਸਰਦਾਰਨੀ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਗੁਰੂ ਦੋਖੀ ਤੇ ਦੇਸ਼ ਵਿਰੋਧੀ ਅਨਸਰ ਪੰਜਾਬ ਦੀ ਮਿਹਨਤ ਨਾਲ ਕਮਾਈ ਸ਼ਾਂਤੀ ਨੂੰ ਭੰਗ ਕਰਨਾ ਚਾਹੁੰਦੇ ਹਨ ਪਰ ਇਹਨਾਂ ਵੰਡ ਪਾਊ ਕਾਰਵਾਈਆਂ ਨਾਲ ਕਦੇ ਵੀ ਅਕਾਲੀ ਦਲ ਨਹੀਂ ਡਰੇਗਾ ਤੇ ਸਰਦਾਰ ਸੁਖਬੀਰ ਸਿੰਘ ਬਾਦਲ ਪਹਿਲਾਂ ਨਾਲੋਂ ਵੀ ਮਜ਼ਬੂਤ ਹੋ ਕੇ ਨਿਤਰਨਗੇ। ਇਸ ਮੌਕੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ, ਜਨਮੇਜਾ ਸਿੰਘ ਸੇਖੋਂ, ਸਿਕੰਦਰ ਸਿੰਘ ਮਲੂਕਾ, ਡਾ. ਦਲਜੀਤ ਸਿੰਘ ਚੀਮਾ, ਨਰਦੇਵ ਸਿੰਘ ਮਾਨ, ਜੋਗਿੰਦਰ ਸਿੰਘ ਜਿੰਦੂ, ਸੁਖਪਾਲ ਨੰਨੂ, ਰਾਜ ਕੁਮਾਰ ਡਿੱਬੀਪੁਰਾ, ਹਰਪ੍ਰੀਤ ਸਿੰਘ ਹੀਰੋ ਅਤੇ ਐਸ ਓ ਆਈ ਪ੍ਰਧਾਨ ਰਣਬੀਰ ਸਿੰਘ ਢਿੱਲੋਂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।



# ਇਨਕਮ ਟੈਕਸ ਵਿਭਾਗ, ਉੱਤਰ ਪੱਛਮੀ ਖੇਤਰ ਨੇ 80ਵਾਂ ਸੁਤੰਤਰਤਾ ਦਿਵਸ ਉਤਸ਼ਾਹਪੂਰਵਕ ਮਨਾਇਆ

ਜ਼ਿਕਰ ਪੰਜਾਬ

**ਚੰਡੀਗੜ੍ਹ/ਪੀਆਈਬੀ**

ਇਨਕਮ ਟੈਕਸ ਵਿਭਾਗ, ਉੱਤਰ ਪੱਛਮੀ ਖੇਤਰ, ਚੰਡੀਗੜ੍ਹ ਨੇ 15 ਅਗਸਤ, 2026 ਨੂੰ ਆਯਕਰ ਭਵਨ, ਸੈਕਟਰ 17-ਈ, ਚੰਡੀਗੜ੍ਹ ਵਿਖੇ ਦੇਸ਼ਭਗਤੀ ਦੇ ਉਤਸ਼ਾਹ ਨਾਲ 80ਵਾਂ ਸੁਤੰਤਰਤਾ ਦਿਵਸ ਮਨਾਇਆ। ਇਸ ਸਮਾਰੋਹ ਵਿੱਚ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਅਤੇ ਕਰਮਚਾਰੀਆਂ, ਸੇਵਾਮੁਕਤ ਅਧਿਕਾਰੀਆਂ, ਇਨਕਮ ਟੈਕਸ ਵਿਭਾਗ ਦੇ ਪਰਿਵਾਰ ਦੇ ਮੈਂਬਰਾਂ, ਐੱਨਸੀਸੀ ਕੈਡਿਟਾਂ, ਵਿਦਿਆਰਥੀਆਂ, ਅਧਿਆਪਕਾਂ ਅਤੇ ਪਤਵੰਤੇ ਮਹਿਮਾਨਾਂ ਨੇ ਭਾਗ ਲਿਆ। ਸ਼੍ਰੀ ਮਯੰਕ ਪ੍ਰਿਯਦਰਸ਼ੀ, ਆਈਆਰਐੱਸ, ਪ੍ਰਧਾਨ ਮੁੱਖ ਇਨਕਮ ਟੈਕਸ ਕਮਿਸ਼ਨਰ, ਉੱਤਰ ਪੱਛਮੀ ਖੇਤਰ, ਚੰਡੀਗੜ੍ਹ ਨੇ ਮੁੱਖ ਮਹਿਮਾਨ ਵਜੋਂ ਇਸ ਪ੍ਰੋਗਰਾਮ ਦੀ ਸ਼ੋਭਾ ਵਧਾਈ। ਪ੍ਰੋਗਰਾਮ ਦੀ ਸ਼ੁਰੂਆਤ ਰਾਸ਼ਟਰੀ ਗੀਤ ਨਾਲ ਹੋਈ, ਜਿਸ ਤੋਂ ਬਾਅਦ ਮੁੱਖ ਮਹਿਮਾਨ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ ਅਤੇ ਰਾਸ਼ਟਰੀ ਗਾਨ ਗਾਇਆ ਗਿਆ। ਕੁੰਦਨ ਇੰਟਰਨੈਸ਼ਨਲ ਸਕੂਲ ਦੇ ਐੱਨਸੀਸੀ ਕੈਡਿਟਾਂ ਨੇ ਵੀ ਇਸ ਕਾਰਵਾਈ ਵਿੱਚ ਭਾਗ ਲਿਆ। ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਸੀਨੀਅਰ ਅਧਿਕਾਰੀਆਂ ਨੇ ਰਾਸ਼ਟਰੀ ਏਕਤਾ ਅਤੇ ਤਰੱਕੀ ਦੇ ਪ੍ਰਤੀਕ ਵਜੋਂ ਤਿਰੰਗੇ ਵਾਲੇ ਗੁਬਾਰੇ ਛੱਡੇ। ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਬੱਚਿਆਂ ਨੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਕੇਂਦਰ ਬਿੰਦੂ ਬਣ ਕੇ ਸ਼ਿਵਾਲਿਕ



ਪਬਲਿਕ ਸਕੂਲ ਅਤੇ ਕੁੰਦਨ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨਾਲ ਮਿਲ ਕੇ ਦੇਸ਼ਭਗਤੀ ਦੇ ਗੀਤ, ਨਾਚ, ਕਵਿਤਾਵਾਂ ਅਤੇ ਸੰਗੀਤਕ ਪੇਸ਼ਕਾਰੀਆਂ ਦਿੱਤੀਆਂ। ਮੰਥਨ ਗਰੁੱਪ ਨੇ ਇੱਕ ਵਿਚਾਰ-ਉਤੇਜਕ ਨਾਟਕ ਨਸ਼ਾ ਮੁਕਤੀ ਨਸ਼ੇ ਤੋਂ ਆਜ਼ਾਦੀ ਪੇਸ਼ ਕਰਕੇ ਪ੍ਰੋਗਰਾਮ ਵਿੱਚ ਇੱਕ ਵਿਸ਼ੇਸ਼ ਖਿੱਚ ਜੋੜੀ, ਜਿਸ ਨੇ ਨਸ਼ੇ ਦੀ ਲਤ ਤੋਂ ਮੁਕਤੀ ਅਤੇ ਨਾਗਰਿਕ ਜ਼ਿੰਮੇਵਾਰੀ ਦੀ ਮਹੱਤਤਾ ਦਾ ਸਖ਼ਤ ਸੁਨੇਹਾ ਦਿੱਤਾ। ਇਕੱਠ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮਯੰਕ ਪ੍ਰਿਯਦਰਸ਼ੀ, ਆਈਆਰਐੱਸ, ਨੇ ਸਰੋਤ ਜੁਟਾਉਣ, ਕੁਸ਼ਲ ਟੈਕਸ ਪ੍ਰਸ਼ਾਸਨ, ਕਰਦਾਤਾ ਸੇਵਾਵਾਂ, ਪਾਰਦਰਸ਼ਿਤਾ, ਡਿਜੀਟਲ ਪਹਿਲਕਦਮੀਆਂ ਅਤੇ ਸਵੈ-ਇੱਛਤ ਪਾਲਣਾ ਨੂੰ ਉਤਸ਼ਾਹਿਤ ਕਰਨ ਰਾਹੀਂ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਵਿੱਚ ਇਨਕਮ ਟੈਕਸ ਵਿਭਾਗ ਦੀ ਅਹਿਮ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਵਚਨਬੱਧਤਾ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਇਮਾਨਦਾਰੀ, ਪੇਸ਼ੇਵਰਤਾ ਅਤੇ ਲੋਕ ਸੇਵਾ ਦੇ ਉੱਚਤਮ ਮਾਪਦੰਡਾਂ ਨੂੰ ਬਣਾਈ ਰੱਖਣ ਦੀ ਅਪੀਲ ਕੀਤੀ। ਸਨਮਾਨ ਦਾ ਇੱਕ ਵਿਸ਼ੇਸ਼ ਪਲ ਵੇਟਲਿਫਟਿੰਗ ਵਿੱਚ ਰਾਸ਼ਟਰਮੰਡਲ ਖੇਡਾਂ ਵਿੱਚ ਚਾਂਦੀ ਦਾ ਤਗਮਾ ਜੇਤੂ ਸੁਸ਼੍ਰੀ ਹਰਜਿੰਦਰ ਕੌਰ ਦਾ ਸਨਮਾਨ ਕਰਨਾ ਸੀ, ਜੋ ਇਨਕਮ ਟੈਕਸ ਇੰਸਪੈਕਟਰ ਵਜੋਂ ਕੰਮ ਕਰ ਰਹੇ ਹਨ। ਇਹ ਸਨਮਾਨ ਉਨ੍ਹਾਂ ਦੀ ਸ਼ਾਨਦਾਰ ਖੇਡ ਪ੍ਰਾਪਤੀ ਅਤੇ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਵਿੱਚ ਦਿੱਤਾ ਗਿਆ। ਸਮਾਰੋਹ ਵਿੱਚ ਭਾਗੀਦਾਰਾਂ ਦਾ ਸਨਮਾਨ ਅਤੇ ਇੱਕ ਤਿਰੰਗਾ-ਥੀਮ ਵਾਲਾ ਸੈਲਫ਼ੀ ਪੁਆਇੰਟ ਵੀ ਸ਼ਾਮਲ ਸੀ। ਸਾਰਿਆਂ ਦੀ ਉਤਸ਼ਾਹੀ ਭਾਗੀਦਾਰੀ ਨੇ ਵਿਭਾਗ ਦੇ ਆਪਸੀ ਭਾਈਚਾਰੇ, ਸੇਵਾ ਅਤੇ ਸਮੂਹਿਕ ਮਾਣ ਦੀ ਮਜ਼ਬੂਤ ਭਾਵਨਾ ਨੂੰ ਦਰਸਾਇਆ। ਪ੍ਰੋਗਰਾਮ ਦੀ ਸਮਾਪਤੀ ਧੰਨਵਾਦ ਮਤੇ ਨਾਲ ਹੋਈ ਜਿਸ ਵਿੱਚ ਕੁਸ਼ਲ ਲੋਕ ਸੇਵਾ ਪ੍ਰਤੀ ਇਨਕਮ ਟੈਕਸ ਵਿਭਾਗ ਦੀ ਵਚਨਬੱਧਤਾ ਦੀ ਮੁੜ ਪੁਸ਼ਟੀ ਕੀਤੀ ਗਈ।

# ਚੰਡੀਗੜ੍ਹ ਵਿੱਚ ਅੰਤਰਰਾਸ਼ਟਰੀ ਯੁਵਾ ਦਿਵਸ 2026 ਦਾ ਆਯੋਜਨ; ਯੁਵਾ ਚੇਂਜਮੇਕਰਜ਼ ਨੂੰ ਕੀਤਾ ਗਿਆ ਸਨਮਾਨਿਤ





ਜ਼ਿਕਰ ਪੰਜਾਬ

**ਚੰਡੀਗੜ੍ਹ/ਪੀ.ਆਈ.ਬ**

ਗਲੋਬਲ ਯੂਥ ਫੈਡਰੇਸ਼ਨ ਦੁਆਰਾ ਅੰਤਰਰਾਸ਼ਟਰੀ ਯੁਵਾ ਦਿਵਸ 2026 ਦਾ ਆਯੋਜਨ ਗੋਸਵਾਮੀ ਗਣੇਸ਼ ਦੱਤ ਸਨਾਤਨ ਧਰਮ ਕਾਲਜ, ਸੈਕਟਰ-32 ਸੀ, ਚੰਡੀਗੜ੍ਹ ਵਿਖੇ ਕੀਤਾ ਗਿਆ। ਪ੍ਰੋਗਰਾਮ ਦਾ ਆਯੋਜਨ ਸਟੇਟ NSS ਸੈੱਲ, ਯੂ.ਟੀ. ਚੰਡੀਗੜ੍ਹ; ਮਾਈ ਭਾਰਤ ਚੰਡੀਗੜ੍ਹ, ਯੁਵਾ ਪ੍ਰੋਗਰਾਮ ਅਤੇ ਖੇਡ ਮੰਤਰਾਲੇ, ਭਾਰਤ ਸਰਕਾਰ; ਰੋਟਰੀ ਕਲੱਬ ਚੰਡੀਗੜ੍ਹ; APSWDP ਅਤੇ ਮੇਜ਼ਬਾਨ ਕਾਲਜ ਦੇ ਸਹਿਯੋਗ ਨਾਲ ਕੀਤਾ ਗਿਆ। ਪ੍ਰੋਗਰਾਮ ਵਿੱਚ ਯੁਵਾ ਅਗਵਾਈ, ਸਵੈ-ਇੱਛੁਕ ਸੇਵਾ, ਮਾਨਵੀ ਸੇਵਾ ਅਤੇ ਭਾਈਚਾਰਕ ਵਿਕਾਸ ਦੇ ਖੇਤਰ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਰੇਖਾਂਕਿਤ ਕੀਤਾ ਗਿਆ। ਇਸ ਵਿੱਚ ਯੂਥ ਲੀਡਰ, ਵਲੰਟੀਅਰ, ਸਮਾਜਿਕ ਕਾਰਜਕਰਤਾ, ਸਿੱਖਿਆ ਸ਼ਾਸਤਰੀ ਅਤੇ ਵਿਦਿਆਰਥੀ ਸ਼ਾਮਲ ਹੋਏ। ਚੰਡੀਗੜ੍ਹ ਦੇ ਮਾਨਯੋਗ ਮੇਅਰ ਸ਼੍ਰੀ ਸੌਰਭ ਜੋਸ਼ੀ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ। ਪ੍ਰੋਗਰਾਮ ਵਿੱਚ ਡਾ. ਅਜੇ ਸ਼ਰਮਾ, ਪ੍ਰਿੰਸੀਪਲ, GGDSD ਕਾਲਜ; ਡਾ. ਨੇਮੀ ਚੰਦ, ਰਾਜ ਸੰਪਰਕ ਅਧਿਕਾਰੀ, NSS; ਸੁਸ਼੍ਰੀ ਅਨਾਸਤਾਸੀਆ ਇਲਿਊਸ਼ੀਨਾ, ਰਸ਼ੀਅਨ ਹਾਊਸ, ਨਵੀਂ ਦਿੱਲੀ; ਡਾ. ਵਿਵੇਕ ਤ੍ਰਿਵੇਦੀ, ਨਗਰ ਨਿਗਮ ਚੰਡੀਗੜ੍ਹ; ਸ਼੍ਰੀ ਵਿਨੈ ਕੁਮਾਰ, ਜ਼ਿਲ੍ਹਾ ਯੁਵਾ ਅਧਿਕਾਰੀ, ਮਾਈ ਭਾਰਤ ਚੰਡੀਗੜ੍ਹ ਸਮੇਤ ਹੋਰ ਪਤਵੰਤੇ ਮਹਿਮਾਨ ਹਾਜ਼ਰ ਸਨ।

ਆਪਣੇ ਸੰਬੋਧਨ ਵਿੱਚ ਸ਼੍ਰੀ ਸੌਰਭ ਜੋਸ਼ੀ ਨੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਨੌਜਵਾਨਾਂ ਨੂੰ ਸਵੈ-ਇੱਛੁਕ ਸੇਵਾ ਅਤੇ ਭਾਈਚਾਰਕ ਸੇਵਾ ਵਿੱਚ ਸਰਗਰਮ ਭਾਗੀਦਾਰੀ ਦਾ ਸੱਦਾ ਦਿੱਤਾ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਪੁਰਸਕਾਰ ਅਤੇ ਸਨਮਾਨ ਸਮਾਰੋਹ ਰਿਹਾ, ਜਿਸ ਵਿੱਚ ਮਾਨਵੀ ਸੇਵਾ ਅਤੇ ਭਾਈਚਾਰਕ ਵਿਕਾਸ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਵਾਲੇ ਵਿਅਕਤੀਆਂ, NGOs, ਅਧਿਆਪਕਾਂ, ਸਮਾਜਿਕ ਕਾਰਜਕਰਤਾਵਾਂ, ਵਲੰਟੀਅਰਾਂ ਅਤੇ ਯੂਥ ਚੇਂਜਮੇਕਰਜ਼ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਸੱਭਿਆਚਾਰਕ ਪ੍ਰਸਤੁਤੀਆਂ, ਪ੍ਰੇਰਨਾਦਾਇਕ ਸੈਸ਼ਨ ਅਤੇ ਅੰਤਰਰਾਸ਼ਟਰੀ ਯੁਵਾ ਸੰਦੇਸ਼ ਵੀ ਪ੍ਰਸਤੁਤ ਕੀਤੇ ਗਏ। ਇਸ ਮੌਕੇ 'ਤੇ "2 ਮੁਕਤ ਭਾਰਤ ਸਹੁੰ ਅਤੇ ਸਵੱਛਤਾ ਸਹੁੰ ਚੁਕਾਈ ਗਈ। ਸ਼੍ਰੀ ਵਿਨੈ ਕੁਮਾਰ, ਜ਼ਿਲ੍ਹਾ ਯੁਵਾ ਅਧਿਕਾਰੀ, ਮਾਈ ਭਾਰਤ ਚੰਡੀਗੜ੍ਹ ਨੇ ਸਾਰੇ ਹਾਜ਼ਰ ਭਾਗੀਦਾਰਾਂ ਨੂੰ ਸਵੱਛਤਾ ਸਹੁੰ ਚੁਕਾਈ, ਜਿਸ ਵਿੱਚ ਸਾਰਿਆਂ ਨੇ ਸਵੱਛਤਾ ਅਤੇ ਸਿਹਤਮੰਦ ਰਾਸ਼ਟਰ ਦੇ ਨਿਰਮਾਣ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਗਲੋਬਲ ਯੂਥ ਫੈਡਰੇਸ਼ਨ, ਇੰਡੀਆ ਦੇ ਨਿਰਦੇਸ਼ਕ ਸ਼੍ਰੀ ਰੋਹਿਤ ਕੁਮਾਰ ਨੇ ਕਿਹਾ ਕਿ ਨੌਜਵਾਨਾਂ ਨੂੰ ਮੌਕੇ, ਸਨਮਾਨ ਅਤੇ ਅਗਵਾਈ ਦੇ ਮੰਚ ਪ੍ਰਦਾਨ ਕਰਨਾ ਇੱਕ ਸਮਾਵੇਸ਼ੀ ਅਤੇ ਨਿਰੰਤਰ ਸਮਾਜ ਦੇ ਨਿਰਮਾਣ ਲਈ ਜ਼ਰੂਰੀ ਹੈ। ਪ੍ਰੋਗਰਾਮ ਦਾ ਸਮਾਪਨ ਧੰਨਵਾਦੀ ਮਤੇ, ਰਾਸ਼ਟਰੀ ਗਾਨ ਅਤੇ ਹਾਈ-ਟੀ ਨਾਲ ਹੋਇਆ। ਆਯੋਜਕਾਂ ਨੇ ਸਾਰੇ ਪਤਵੰਤੇ ਮਹਿਮਾਨਾਂ, ਸਹਿਯੋਗੀ ਸੰਸਥਾਵਾਂ, ਵਲੰਟੀਅਰਾਂ ਅਤੇ ਭਾਗੀਦਾਰਾਂ ਦਾ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਪ੍ਰਗਟਾਇਆ।

# ਅੰਮ੍ਰਿਤ ਇੰਡੋ ਕੈਨੇਡੀਅਨ ਅਕੈਡਮੀ ਅੰਡਰ-17 ਮੁੰਡਿਆਂ ਦੀ ਹੈਂਡਬਾਲ ਟੀਮ ਨੇ ਜ਼ੋਨ ਪੱਧਰ ਦੇ ਟੂਰਨਾਮੈਂਟ ਵਿੱਚ ਜਿੱਤ ਪ੍ਰਾਪਤ ਕੀਤੀ

ਜ਼ਿਕਰ ਪੰਜਾਬ

**ਲੁਧਿਆਣਾ/ਸੁਰਜੀਤ**

ਅੰਮ੍ਰਿਤ ਇੰਡੋ ਕੈਨੇਡੀਅਨ ਅਕੈਡਮੀ ਦੇ ਖੇਡ ਵਿਭਾਗ ਨੇ ਆਪਣੀ ਝੋਲੀ ਵਿੱਚ ਇੱਕ ਹੋਰ ਚਮਕਦਾਰ ਖੰਭ ਜੋੜਿਆ ਕਿਉਂਕਿ ਅੰਡਰ-17 ਲੜਕਿਆਂ ਦੀ ਹੈਂਡਬਾਲ ਟੀਮ ਨੇ 10 ਅਤੇ 11 ਅਗਸਤ 2026 ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਹੋਏ ਵੱਕਾਰੀ ਜ਼ੋਨ ਪੱਧਰੀ ਹੈਂਡਬਾਲ ਟੂਰਨਾਮੈਂਟ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਦੋ ਦਿਨਾਂ ਟੂਰਨਾਮੈਂਟ ਦੌਰਾਨ ਬੇਮਿਸਾਲ ਐਥਲੈਟਿਕਿਜ਼ਮ, ਰਣਨੀਤਕ ਅਨੁਸ਼ਾਸਨ ਅਤੇ ਅਟੁੱਟ ਟੀਮ ਭਾਵਨਾ ਦਾ ਪ੍ਰਦਰਸ਼ਨ ਕਰਦੇ ਹੋਏ, ਅੰਮ੍ਰਿਤਾ ਇੰਡੋ ਕੈਨੇਡੀਅਨ ਅਕੈਡਮੀ ਦੀ ਟੀਮ ਨੇ ਸ਼ੁਰੂ ਤੋਂ ਹੀ ਕੋਰਟ 'ਤੇ ਦਬਦਬਾ ਬਣਾਇਆ। ਇੱਕ ਰੋਮਾਂਚਕ ਫਾਈਨਲ ਮੁਕਾਬਲੇ ਵਿੱਚ, ਟੀਮ ਨੇ ਆਈ ਪੀ ਐਸ ਵਿਰੁੱਧ 12-6 ਦੇ ਸ਼ਾਨਦਾਰ ਪ੍ਰਦਰਸ਼ਨ ਵਿਖਾਉਂਦਿਆਂ ਜਿੱਤ ਪ੍ਰਾਪਤ ਕੀਤੀ, ਜਿਸ ਨਾਲ ਅਕੈਡਮੀ ਲਈ ਚੈਂਪੀਅਨਸ਼ਿਪ ਟਰਾਫੀ ਸੁਰੱਖਿਅਤ ਰਹੀ। ਚੈਂਪੀਅਨਸ਼ਿਪ ਜਿੱਤਣ ਵਾਲੀ ਟੀਮ ਵਿੱਚ ਗ੍ਰੇਡ ਪੱਧਰਾਂ 'ਤੇ ਪ੍ਰਤਿਭਾ ਦਾ ਪ੍ਰਭਾਵਸ਼ਾਲੀ ਤਾਲਮੇਲ ਸੀ, ਜਿਸ ਵਿੱਚ ਜਮਾਤ 10-ਮ ਖਿਡਾਰੀ ਅਨਮੋਲਪ੍ਰੀਤ ਸਿੰਘ, ਦਿਵਯਾਂਸ਼ ਵਰਮਾ, ਜੈਦੀਪ ਸਿੰਘ ਅਤੇ ਅਨੰਤ ਦੀਪ ਸਿੰਘ, ਵਿਸ਼ਵ ਜੀਤ ਸਿੰਘ (+2-6) ਦੀ ਸੀਨੀਅਰ ਲੀਡਰਸ਼ਿਪ ਸ਼ਾਮਲ ਸੀ। ਟੀਮ ਦੀ ਹਮਲਾਵਰ ਅਤੇ ਰੱਖਿਆਤਮਕ ਡੂੰਘਾਈ ਨੂੰ ਜਮਾਤ 10-6 ਦੇ ਮਜ਼ਬੂਤ ਸਮੂਹ ਦੁਆਰਾ ਹੋਰ ਮਜ਼ਬੂਤ ਕੀਤਾ ਗਿਆ ਸੀ ਜਿਸ ਵਿੱਚ ਭਾਵੀਸ਼ਿਆ, ਬੌਬਿਨਪ੍ਰੀਤ ਸਿੰਘ ਅਤੇ ਜਗਜੀਵਨ, ਲਵਨੂਰ ਸਿੰਘ (10-1) ਸ਼ਾਮਲ ਸਨ। ਉੱਭਰ ਰਹੇ ਪ੍ਰਤਿਭਾ ਭਾਵਿਕ (9-2) ਅਤੇ ਲਕਸ਼ ਗਰੋਵਰ (9-3) ਨੇ ਵੀ ਕੋਰਟ 'ਤੇ ਮੁੱਖ ਭੂਮਿਕਾਵਾਂ ਨਿਭਾਈਆਂ, ਜਿਸ ਵਿੱਚ ਪੂਰੀ ਟੀਮ ਨੇ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਤਾਲਮੇਲ, ਤੰਦਰੁਸਤੀ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦੌਰਾਨ ਟੀਮ ਨੂੰ ਵਧਾਈ ਦਿੰਦੇ ਹੋਏ, ਅਕੈਡਮੀ ਦੇ ਪ੍ਰਧਾਨ, ਸ. ਹਰਮਿੰਦਰ ਸਿੰਘ ਜੀ ਨੇ



ਵਿਦਿਆਰਥੀਆਂ ਦੇ ਪ੍ਰਦਰਸ਼ਨ 'ਤੇ ਬਹੁਤ ਮਾਣ ਪ੍ਰਗਟ ਕੀਤਾ। ਇਹ ਜਿੱਤ ਸਾਡੇ ਨੌਜਵਾਨ ਖਿਡਾਰੀਆਂ ਦੇ ਸਮਰਪਣ, ਅਣਥੱਕ ਅਭਿਆਸ ਅਤੇ ਸਹਿਣਸ਼ੀਲਤਾ ਦਾ ਪ੍ਰਮਾਣ ਹੈ। ਖੇਡਾਂ ਚਰਿੱਤਰ, ਲਚਕੀਲਾਪਣ ਅਤੇ ਲੀਡਰਸ਼ਿਪ-ਗੁਣਾਂ ਦਾ ਨਿਰਮਾਣ ਕਰਦੀਆਂ ਹਨ ਜੋ ਸਾਡੇ ਮੁੰਡਿਆਂ ਨੇ ਪੀਏਯੂ ਵਿੱਚ ਭਰਪੂਰ ਮਾਤਰਾ ਵਿੱਚ ਪ੍ਰਦਰਸ਼ਿਤ ਕੀਤੇ। ਅਸੀਂ ਇੱਕ ਅਜਿਹਾ ਮਾਹੌਲ ਬਣਾਉਣ ਲਈ ਵਚਨਬੱਧ ਹਾਂ ਜਿੱਥੇ ਅਕਾਦਮਿਕ ਅਤੇ ਐਥਲੈਟਿਕ ਉੱਤਮਤਾ ਨਾਲ-ਨਾਲ ਚੱਲੇ। ਮੈਂ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚਾਂ ਨੂੰ ਸੰਸਥਾ ਨੂੰ ਸਨਮਾਨ ਦੇਣ ਲਈ ਵਧਾਈ ਦਿੰਦਾ ਹਾਂ। ਜਸ਼ਨ ਦੀਆਂ ਭਾਵਨਾਵਾਂ ਨੂੰ ਹੋਰ ਵਧਾਉਂਦੇ ਹੋਏ, ਪ੍ਰਿੰਸੀਪਲ ਸ੍ਰੀਮਤੀ ਜਸਕਿਰਨ ਕੌਰ ਨੇ ਅਨੁਸ਼ਾਸਨ ਅਤੇ ਏਕਤਾ ਲਈ ਟੀਮ ਦੀ ਪ੍ਰਸ਼ੰਸਾ ਕੀਤੀ। ਸਾਡੇ ਵਿਦਿਆਰਥੀਆਂ ਨੇ ਸਾਬਤ ਕਰ ਦਿੱਤਾ ਹੈ ਕਿ ਸਫਲਤਾ ਲਗਨ, ਸਖ਼ਤ ਮਿਹਨਤ ਅਤੇ ਬੇਦਾਗ਼ ਟੀਮ ਵਰਕ ਦਾ ਕੁਦਰਤੀ ਨਤੀਜਾ ਹੈ। ਸਾਡੇ ਅੰਡਰ-17 ਮੁੰਡਿਆਂ ਨੂੰ ਇੰਨੇ ਜੋਸ਼ ਅਤੇ ਇਮਾਨਦਾਰੀ ਨਾਲ ਖੇਡਦੇ ਦੇਖਣਾ ਬਹੁਤ ਹੀ ਪ੍ਰਸ਼ੰਸ ਕਰਨ ਵਾਲਾ ਸੀ। ਇਹ ਜਿੱਤ ਸਿਰਫ਼ ਟਰਾਫੀ ਬਾਰੇ ਨਹੀਂ ਹੈ, ਸਗੋਂ ਪੂਰੇ ਟੂਰਨਾਮੈਂਟ ਦੌਰਾਨ ਉਨ੍ਹਾਂ ਦੁਆਰਾ ਬਣਾਈ ਰੱਖੀ ਗਈ ਖੇਡ ਭਾਵਨਾ ਦੇ ਉੱਚ ਮਿਆਰਾਂ ਬਾਰੇ ਹੈ। ਅਸੀਂ ਉਨ੍ਹਾਂ ਦੇ ਆਉਣ ਵਾਲੇ ਖੇਡ ਯਤਨਾਂ ਵਿੱਚ ਲਗਾਤਾਰ ਸਫਲਤਾ ਦੀ ਕਾਮਨਾ ਕਰਦੇ ਹਾਂ। ਅੰਮ੍ਰਿਤ ਇੰਡੋ ਕੈਨੇਡੀਅਨ ਅਕੈਡਮੀ ਦੇ ਪ੍ਰਬੰਧਨ, ਸਟਾਫ਼ ਅਤੇ ਵਿਦਿਆਰਥੀ ਜੇਤੂ ਟੀਮ ਨੂੰ ਦਿਲੋਂ ਵਧਾਈਆਂ ਦਿੰਦੇ ਹਨ ਅਤੇ ਆਉਣ ਵਾਲੇ ਜ਼ਿਲ੍ਹਾ ਅਤੇ ਰਾਜ ਪੱਧਰੀ ਮੁਕਾਬਲਿਆਂ ਲਈ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੰਦੇ ਹਨ।

# ਤਿੰਨ ਵੱਡੇ ਮੁਸਲਿਮ ਸਿਆਸੀ ਚਿਹਰੇ ਇਮਰਾਨ ਰਜ਼ਾ, ਹਾਜੀ ਅਬਦੁਲ ਸੱਤਾਰ ਅਤੇ ਮੁਹੰਮਦ ਅਖ਼ਤਰ ਆਮ ਆਦਮੀ ਪਾਰਟੀ 'ਚ ਹੋਏ ਸ਼ਾਮਲ



ਜ਼ਿਕਰ ਪੰਜਾਬ

**ਲੁਧਿਆਣਾ** : ਵਿਧਾਨਸਭਾ ਉੱਤਰੀ ਹਲਕੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਹੋਏ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਤਿੰਨ ਪ੍ਰਮੁੱਖ ਮੁਸਲਿਮ ਆਗੂਆਂ ਨੇ ਅਪਣੀਆਂ-ਅਪਣੀਆਂ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ ਹੈ। ਵਿਧਾਇਕ ਮਦਨ ਲਾਲ ਬੱਗਾ ਦੇ ਯਤਨਾਂ ਸਦਕਾ ਪਾਰਟੀ ਵਿੱਚ ਸ਼ਾਮਲ ਹੋਏ ਪੰਜਾਬ ਕਾਂਗਰਸ ਘੱਟ ਗਿਣਤੀ ਵਿਭਾਗ ਦੇ ਜਨਰਲ ਸਕੱਤਰ ਇਮਰਾਨ ਰਜ਼ਾ, ਸੁੰਨੀ ਮੁਸਲਿਮ ਭਾਈਚਾਰਾ ਪੰਜਾਬ ਦੇ ਸਰਪ੍ਰਸਤ ਹਾਜੀ ਅਬਦੁਲ ਸੱਤਾਰ ਅਤੇ ਅਕਾਲੀ ਦਲ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਹੰਮਦ ਅ?ਰਖ਼ਤਰ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸਵਾਗਤ ਕੀਤਾ। ਇਸ ਮੌਕੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੀ ਮੌਜੂਦ ਰਹੇ। ਵਿਧਾਇਕ ਮਦਨ ਲਾਲ ਬੱਗਾ ਨੇ ਕਿਹਾ ਕਿ ਇਮਰਾਨ ਰਜ਼ਾ, ਹਾਜੀ ਅਬਦੁਲ ਸੱਤਾਰ ਅਤੇ

**ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਵਿਧਾਇਕ ਮਦਨ ਲਾਲ ਬੱਗਾ ਨੇ ਕੀਤਾ ਸਵਾਗਤ**

ਮੁਹੰਮਦ ਅਖ਼ਤਰ ਵਰਗੇ ਜ਼ਮੀਨੀ ਪੱਧਰ ਨਾਲ ਜੁੜੇ ਆਗੂਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਆਮ ਆਦਮੀ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਵਿਕਾਸ ਕਾਰਜਾਂ ਅਤੇ ਇਮਾਨਦਾਰ ਸ਼ਾਸਨ ਤੋਂ ਪ੍ਰਭਾਵਿਤ ਹੋ ਕੇ ਆਮ ਲੋਕ ਲਗਾਤਾਰ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਇਮਰਾਨ ਰਜ਼ਾ, ਹਾਜੀ ਅਬਦੁਲ ਸੱਤਾਰ ਅਤੇ ਮੁਹੰਮਦ ਅ?ਰਖ਼ਤਰ ਨੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਧਾਇਕ ਮਦਨ ਲਾਲ ਬੱਗਾ ਦੀ ਅਗਵਾਈ ਹੇਠ ਹਲਕੇ ਵਿੱਚ ਹੋਏ ਵਿਕਾਸ ਕਾਰਜਾਂ ਨੇ ਹੀ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਵੱਲ ਆਕਰਸ਼ਿਤ ਕੀਤਾ ਹੈ। ਇਸ ਮੌਕੇ ਕੌਂਸਲਰ ਅਮਨ ਬੱਗਾ, ਗੌਰਵ ਬੱਗਾ, ਅਸ਼ੋਕ ਕੁਮਾਰ, ਨੀਰਜ ਆਹੂਜਾ ਬੂਟਾ, ਰਾਜੂ ਚਾਵਲਾ, ਗੌਤਮ ਗੈਬੀ ਸ਼ਰਮਾ ਸਮੇਤ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ, ਬਲਾਕ ਅਤੇ ਵਾਰਡ ਪੱਧਰੀ ਅਹੁਦੇਦਾਰ ਵੀ ਮੌਜੂਦ ਸਨ।

# ਸੰਤ ਬਾਬਾ ਸੁੱਚਾ ਸਿੰਘ ਜੀ ਦੀ 24 ਵੀ ਯਾਦ 'ਚ ਨਾਮ ਸਿਮਰਨ ਸਮਾਗਮ ਦੀ ਹੋਈ ਆਰੰਭ

## ਆਤਮਕ ਸੁਖ ਤੇ ਆਨੰਦ ਦੀ ਪ੍ਰਾਪਤੀ ਦਾ ਰਾਹ ਸਮਝਾਇਆ : ਸੰਤ ਬਾਬਾ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ

ਜ਼ਿਕਰ ਪੰਜਾਬ

**ਲੁਧਿਆਣਾ/ਪਾਲੀ**

ਪਰਮ ਸੰਤ ਬਾਬਾ ਸੁੱਚਾ ਸਿੰਘ ਜੀ ਦੀ 24 ਵੀਂ ਸਲਾਨਾ ਯਾਦ ਨੂੰ ਸਮਰਪਿਤ ਬਰਸੀ ਸਮਾਗਮਾਂ ਦੀ ਆਰੰਭਤਾ, ਉਨਾਂ ਦੇ ਜਾਨਸ਼ੀਨ ਸ੍ਰੀਮਾਨ ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਵੱਲੋਂ ਸਮੂਹ ਪ੍ਰਬੰਧਕ ਸੇਵਾਦਾਰਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਨਾਮ ਸਿਮਰਨ ਸਮਾਗਮ ਨਾਲ ਹੋਈ। ਜੁੜੀਆਂ ਸੰਗਤਾਂ ਸਨਮੁਖ ਗੁਰਮਤ ਵਿਚਾਰਾਂ ਦੀ ਸਾਂਝ ਪਾਉਂਦਿਆਂ ਮਹਾਂਪੁਰਸ਼ਾਂ ਨੇ ਸਮਝਾਇਆ ਕਿ ਸੰਤ ਬਾਬਾ ਸੁੱਚਾ ਸਿੰਘ ਨੇ ਅਤਿ ਬਿਖੜੇ ਹਾਲਾਤਾਂ ਵਿੱਚੋਂ ਲੰਘਦਿਆਂ, ਉਹਨਾਂ ਨੇ ਸਿੱਖ ਦੇ ਕੌਮ ਤੇ ਮਨੁੱਖਤਾ ਦੀ ਜੋ ਨਿੱਗਰ ਤੇ ਉਸਾਰੂ ਸੇਵਾ ਕੀਤੀ, ਗੁਰਸਿੱਖੀ ਤੇ ਆਮ ਲੋਕਾਈ ਨੂੰ ਜਿੰਨਾ ਬਹੁਪੱਖੀ ਤੇ ਯਾਦਗਾਰੀ ਦੇਣਾਂ ਨਾਲ ਨਿਵਾਜਿਆ, ਉਹ ਵੀ, ਬਹੁਤ ਹੱਦ ਤੱਕ, ਆਪਣੀ ਮਿਸਾਲ ਆਪ ਹੀ ਹਨ। ਜਿੱਥੋਂ ਤੱਕ ਇਸ ਦੇਣ ਦੇ ਸਦਾਚਾਰਕ, ਧਾਰਮਿਕ ਤੇ ਅਧਿਆਤਮਕ ਪੱਖ ਦਾ ਸਬੰਧ ਹੈ, ਉਹ ਸਹਿਜ ਤੇ ਸੂਚਕ ਘੋੜੇ ਉੱਤੇ ਜਤ ਦੀ ਲਿਖਾਇਕ ਕਾਠੀ ਪਾ ਕੇ, ਸੱਚ ਰੂਪੀ ਕਮਾਨ ਰਾਹੀਂ ਹਰੀ-ਜਸ ਦੇ ਅਜਿਹੇ ਤੀਰ ਚਲਾਏ ਜਿਨ੍ਹਾਂ ਨੇ ਲੱਖਾਂ ਹੀ ਪ੍ਰਾਣੀਆਂ ਦੇ ਜੀਵਨ ਨੂੰ ਉੱਚਿਆ ਕੇ, ਉਹਨਾਂ ਨੂੰ ਪ੍ਰਭੂ ਦੀ ਸ਼ਰਨ ਲਾ ਦਿੱਤਾ। ਉਨਾਂ ਜਗਿਆਸੂਆਂ ਨੂੰ ਗੁਰਬਾਣੀ ਸ਼ਬਦ



ਰਾਹੀਂ ਸਮਝਾਉਂਦਿਆਂ ਆਤਮਕ ਸੁਖ ਤੇ ਆਨੰਦ ਦੀ ਪ੍ਰਾਪਤੀ ਦਾ ਰਾਹ ਦੱਸਿਆ। ਹਉਮੈ, ਦੁਬਿਧਾ, ਆਪਾ-ਧਾਪੀ, ਦੁੱਖਾਂ-ਭੁੱਖਾਂ ਤੇ ਵਿਸ਼ੇ-ਵਿਕਾਰਾਂ ਦੀ ਅੱਗ ਵਿੱਚ ਸੜ ਰਹੀ ਦੁਨੀਆ ਦੀ ਪੀੜਾ ਨੂੰ ਦਿਲੋਂ ਮਹਿਸੂਸ ਕਰਦਿਆਂ, ਉਸ ਦੇ ਨਿਸਤਾਰੇ ਲਈ ਰੱਬੀ ਦਰਗਾਹ ਵਿੱਚ ਇਹ ਦਿਲ ਵਿੰਨ੍ਹਵੀਂ ਅਰਜੋਈ ਕਰਦਿਆਂ, ਅਤੇ ਆਪਣੇ ਕੋਮਲ ਚਿਤ ਤੇ ਵਿਸ਼ਾਲ ਹਿਰਦੇ ਵਿਚੋਂ ਸਰੋਦੀ ਹੂਕ ਕਢਦਿਆਂ, ਇਹ ਵੀ ਆਪ ਹੀ ਕਿਹਾ ਸੀ, ÷ ਰੱਬ ਜੀ ਇਹ ਅੱਗ ਬੁਝਾ ਦਿਓ ਮੈਂ ਨਹੀਂ ਕਹਿੰਦਾ ਕਿ ਇਹ ਮੇਰੇ ਸੁੱਟੇ ਹੋਏ ਪਾਣੀ ਨਾਲ ਹੀ ਬੁਝੇ ਮੈਂ ਤਾਂ ਇਹੋ ਅਰਜ ਕਰਦਾ ਹਾਂ ਕਿ ਇਹ ਜਿਵੇਂ ਕਿਵੇਂ ਬੁਝ ਸਕਦੀ ਹੈ।

ਆਪਣੀ ਅਪਾਰ ਮਿਹਰ ਸਦਕੇ ਇਸਨੂੰ ਬੁਝਾ ਕੇ ਜਗਤ ਵਿੱਚ ਠੰਡ ਵਰਤਾ ਦਿਓ। ਉਨਾਂ ਸਿੱਖ ਧਰਮ ਦੀ ਉਨਤੀ, ਉਸਾਰੀ ਅਤੇ ਇਸ ਦੀ ਆਜਾਦ ਹਸਤੀ ਦੀ ਬਰਕਰਾਰੀ ਲਈ ਬੜੀ ਭਰਵ, ਮਿਸਾਲੀ ਅਤੇ ਯਾਦਗਾਰੀ ਘਾਲ ਘਾਲੀ। ਮਹਾਂਪੁਰਸ਼ਾਂ ਨੇ ਸਮੂਹ ਸੰਗਤਾਂ ਨੂੰ ਬਰਸੀ ਸਮਾਗਮ ਵਿੱਚ ਸਮੂਲੀਅਤ ਕਰਨ ਦੀ ਅਪੀਲ ਕੀਤੀ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਦਾ 'ਰੰਗਲਾ ਪੰਜਾਬ' ਸਿਰਜਣ ਲਈ ਵਚਨਬੱਧ: ਹਰਪਾਲ ਸਿੰਘ ਚੀਮਾ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਦੇਸ਼ ਦੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਪੰਜਾਬ ਦੇ ਵਿੱਤ, ਯੋਜਨਾ, ਟਰਾਂਸਪੋਰਟ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਤਿਰੰਗਾ ਲਹਿਰਾਇਆ ਅਤੇ ਦੇਸ਼ ਵਾਸੀਆਂ ਨੂੰ ਹਾਰਦਿਕ ਵਧਾਈ ਦਿੱਤੀ। ਉਨ੍ਹਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਰਾਜਗੁਰੂ, ਸ਼ਹੀਦ ਸੁਖਦੇਵ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਸ਼ਹੀਦ ਲਾਲਾ ਲਾਜਪਤ ਰਾਏ, ਸ਼ਹੀਦ ਡਾ. ਦੀਵਾਨ ਸਿੰਘ ਕਾਲੇਪਾਣੀ ਸਮੇਤ ਸਾਰੇ ਆਜ਼ਾਦੀ ਘੁਲਾਟੀਆਂ ਦੀਆਂ ਲਾਸਾਨੀ ਕੁਰਬਾਨੀਆਂ ਨੂੰ ਯਾਦ ਕਰਦਿਆਂ ਕਿਹਾ ਕਿ ਆਜ਼ਾਦੀ ਸੰਘਰਸ਼ ਵਿੱਚ ਪੰਜਾਬੀਆਂ ਦਾ ਯੋਗਦਾਨ ਸਭ ਤੋਂ ਮੋਹਰੀ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ਼ਹੀਦਾਂ ਅਤੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਦਕਰ ਦੀ ਸੋਚ 'ਤੇ ਚੱਲ ਰਹੀ ਹੈ, ਜਿਸ ਤਹਿਤ ਦਫ਼ਤਰਾਂ ਵਿੱਚ ਉਨ੍ਹਾਂ ਦੀਆਂ ਤਸਵੀਰਾਂ ਲਾਈਆਂ ਗਈਆਂ ਅਤੇ ਮੋਹਾਲੀ ਹਵਾਈ ਅੱਡੇ 'ਤੇ ਸ਼ਹੀਦ ਭਗਤ ਸਿੰਘ ਦਾ ਬੁੱਤ ਸਥਾਪਤ ਕੀਤਾ ਗਿਆ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹੀਦ ਜਵਾਨਾਂ ਦੇ ਵਾਰਿਸਾਂ ਨੂੰ ਦਿੱਤੀ ਜਾਂਦੀ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਤੋਂ ਵਧਾ ਕੇ 1 ਕਰੋੜ ਰੁਪਏ ਕਰ ਚੁੱਕੀ ਹੈ, ਜਿਸ ਵਿੱਚ ਅਗਨੀਵੀਰ ਅਤੇ ਸ਼ਹੀਦ ਪੁਲਿਸ ਕਰਮਚਾਰੀ ਵੀ ਸ਼ਾਮਲ ਹਨ। ਧਰਮੀ ਫ਼ੌਜੀਆਂ ਦੀ ਵਿੱਤੀ ਸਹਾਇਤਾ 12,000 ਰੁਪਏ ਪ੍ਰਤੀ ਮਹੀਨਾ ਅਤੇ ਆਜ਼ਾਦੀ ਘੁਲਾਟੀਆਂ ਦੀ ਪੈਨਸ਼ਨ 11,000 ਰੁਪਏ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਵਾਰਸਾਂ ਲਈ ਸਰਕਾਰੀ ਭਰਤੀ ਵਿੱਚ 1% ਰਾਖਵਾਂਕਰਨ ਦਿੱਤਾ ਗਿਆ ਹੈ। ਧਾਰਮਿਕ ਵਿਰਾਸਤ ਨੂੰ ਸੰਭਾਲਦਿਆਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਲਈ 100 ਕਰੋੜ ਰੁਪਏ ਰੱਖੇ ਗਏ ਹਨ ਅਤੇ ਡੇਰਾ ਸੱਚਖੰਡ ਬੱਲਾਂ ਵਿਖੇ 37 ਕਰੋੜ ਨਾਲ ਬਾਣੀ ਅਧਿਐਨ ਕੇਂਦਰ ਬਣ ਰਿਹਾ ਹੈ। ਨਾਲ ਹੀ 650 ਏਕੜ 'ਚ ਬਗੀਚੀਆਂ, ਸ਼ੋਭਾ ਯਾਤਰਾਵਾਂ ਅਤੇ ਜਾਗਰੂਕਤਾ ਵੈਨਾਂ ਚਲਾਈਆਂ ਜਾ ਰਹੀਆਂ ਹਨ। ਗੁਰੂ ਤੇਗ਼ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਮਨਾਉਣ ਸਮੇਤ 'ਹਮਾਰੇ ਰਾਮ' ਵਰਗੇ ਧਾਰਮਿਕ ਨਾਟਕਾਂ ਦੇ ਮੰਚਨ ਅਤੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਰਾਹੀਂ 4 ਲੱਖ ਤੋਂ ਵੱਧ ਸ਼ਰਧਾਲੂਆਂ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨ ਕੀਤੇ ਜਾ ਚੁੱਕੇ ਹਨ। ਸੂਬਾ ਨਿਵਾਸੀਆਂ ਨੂੰ ਬੇਹਤਰ ਸਹੂਲਤਾਂ ਦੇਣ ਲਈ ਵਿੱਤ ਨੂੰ ਮਜ਼ਬੂਤ ਕਰਨ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਵਿੱਤੀ ਪੱਖੋਂ ਪੰਜਾਬ ਨੇ ਚਾਲੂ ਵਿੱਤੀ ਸਾਲ ਦੇ ਪਹਿਲੇ ਚਾਰ ਮਹੀਨਿਆਂ ਵਿੱਚ ਜੀ.ਐਸ.ਟੀ. ਮਾਲੀਏ ਵਿੱਚ 20% ਵਾਧਾ ਦਰਜ ਕੀਤਾ ਹੈ ਅਤੇ ਜੁਲਾਈ ਵਿੱਚ 16.23% ਐਸ.ਜੀ.ਐਸ.ਟੀ ਨਕਦ ਵਾਧਾ ਦੇਸ਼ ਵਿੱਚ ਸਭ ਤੋਂ ਵੱਧ ਰਿਹਾ। ਉਨ੍ਹਾ ਅੱਗੇ ਕਿਹਾ, ਇਸ ਵਿੱਤੀ ਵਰ੍ਹੇ ਲਈ'ਰੰਗਲਾ ਪੰਜਾਬ ਵਿਕਾਸ ਸਕੀਮ' ਦਾ ਬਜਟ ਵਧਾ ਕੇ 1,170 ਕਰੋੜ ਰੁਪਏ ਕੀਤਾ ਗਿਆ ਹੈ। ਸਿੱਖਿਆ ਕ੍ਰਾਂਤੀ ਦਾ ਜਿਕਰ ਕਰਦਿਆਂ, ਉਨ੍ਹਾਂ ਕਿਹਾ, ÷ਪੰਜਾਬ ਦੇ ਸਕੂਲਾਂ ਵਿੱਚ ਏ.ਆਈ. ਤੇ ਉੱਦਮਤਾ ਪਾਠਕ੍ਰਮ ਲਾਗੂ ਕੀਤਾ ਗਿਆ ਹੈ। 118 ਸਕੂਲ ਆਫ਼ ਐਮੀਨੈਂਸ ਤਿਆਰ ਕੀਤੇ ਜਾ ਰਹੇ ਹਨ, ਅਧਿਆਪਕਾਂ ਨੂੰ ਸਿੰਗਾਪੁਰ-ਫਿਨਲੈਂਡ ਤੋਂ ਸਿਖਲਾਈ, 15 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਲਈ ਮੁਫ਼ਤ ਬੱਸ ਸੇਵਾ, ਪ੍ਰਾਈਵੇਟ ਸਕੂਲਾਂ ਦੀ ਫੀਸ ਵਾਧੇ 'ਤੇ 5% ਦੀ





ਸੀਮਾ ਅਤੇ ਆਈ.ਟੀ.ਆਈ. ਸੀਟਾਂ ਵਧਾ ਕੇ 52,000 ਕੀਤੀਆਂ ਗਈਆਂ ਹਨ। ਵਿਦਿਆਰਥੀਆਂ ਨੇ ਜੇ.ਈ.ਈ. ਅਤੇ ਨੀਟ ਵਿੱਚ ਵੱਡੀਆਂ ਮੱਲਾਂ ਮਾਰੀਆਂ ਹਨ। ਸੂਬੇ ਦੇ ਨੌਜਵਾਨਾਂ ਲਈ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਟ ਜ਼ੋਰ ਦਿੰਦਿਆਂ, ਵਿੱਤ ਮੰਤਰੀ ਚੀਮਾ ਨੇ ਕਿਹਾ, ਅਪ੍ਰੈਲ 2022 ਤੋਂ ਹੁਣ ਤੱਕ 69,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਆਊਟਸੋਰਸ ਮੁਲਾਜ਼ਮਾਂ ਲਈ ਵਿਸ਼ੇਸ਼ ਬਿੱਲ ਪਾਸ ਕੀਤਾ ਗਿਆ ਹੈ। ਮਜ਼ਦੂਰਾਂ ਦੀਆਂ ਉਜਰਤਾਂ ਵਿੱਚ 15% ਵਾਧਾ ਕੀਤਾ ਗਿਆ। ਸਿਹਤ ਖੇਤਰ ਵਿਚ ਕੀਤੇ ਉਪਰਾਲਿਆਂ ਬਰ ਦੱਸਦਿਆਂ ਵਿੱਤ ਮੰਤਰੀ ਨੇ ਕਿਹਾ, ' 'ਮੁੱਖ ਮੰਤਰੀ ਸਿਹਤ ਯੋਜਨਾ' ਰਾਹੀਂ 65 ਲੱਖ ਪਰਿਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਗਿਆ ਹੈ। 1,090 ਆਮ ਆਦਮੀ ਕਲੀਨਿਕਾਂ ਤੋਂ 6 ਕਰੋੜ ਲੋਕ ਲਾਭ ਲੈ ਚੁੱਕੇ ਹਨ, 356 ਹਾਈਟੈੱਕ ਐਂਬੂਲੈਂਸਾਂ ਚਲਾਈਆਂ ਗਈਆਂ ਹਨ ਅਤੇ 'ਸੀ.ਐਮ. ਦੀ ਯੋਗਸ਼ਾਲਾ' ਤਹਿਤ ਰੋਜ਼ਾਨਾ 11,000 ਤੋਂ ਵੱਧ ਕਲਾਸਾਂ ਲੱਗ ਰਹੀਆਂ ਹਨ। ਅਮਨ-ਕਾਨੂੰਨ ਤਹਿਤ 'ਯੁੱਧ ਨਸ਼ਿਆਂ ਵਿਰੁੱਧ' ਵਿੱਚ 75,000 ਤੋਂ ਵੱਧ ਨਸ਼ਾ ਤਸਕਰ ਅਤੇ 'ਗੈਂਗਸਟਰਾਂ 'ਤੇ ਵਾਰ' ਤਹਿਤ 59,000 ਤੋਂ ਵੱਧ ਮੁਲਜ਼ਮ ਗ੍ਰਿਫ਼ਤਾਰ ਕਰਨ ਵਰਗੇ ਠੋਸ ਕਦਮਾਂ ਦਾ ਜ਼ਿਕਰ ਕਰਨ ਦੇ ਨਾਲ ਨਾਲ ਵਿੱਤ ਮੰਤਰੀ ਨੇ ਸੜਕ ਸੁਰੱਖਿਆ ਫੋਰਸ ਨਾਲ ਹਾਦਸਿਆਂ ਵਿੱਚ ਮੌਤਾਂ 53% ਘਟਣ ਵਰਗੀਆਂ ਪ੍ਰਾਪਤੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾ ਅੱਗੇ ਕਿਹਾ, ਸਾਡੀ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ ਰਾਹੀਂ ਸੈਂਕੜੇ ਭ੍ਰਿਸ਼ਟਾਚਾਰੀਆਂ ਨੂੰ ਸਜ਼ਾਵਾਂ ਦਵਾਈਆਂ ਗਈਆਂ ਹਨ। ਵਿੱਤ ਮੰਤਰੀ ਨੇ ਆਪਣੇ ਭਾਸ਼ਣ ਵਿਚ 45,000 ਕਿਲੋਮੀਟਰ ਸੜਕਾਂ ਦੇ ਨਿਰਮਾਣ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਦੇ ਨਾਲ ਨਾਲ ਸਰਕਾਰੀ ਬੱਸਾਂ ਦੇ ਬੇੜੇ ਵਿੱਚ 1,279 ਨਵੀਆਂ ਬੱਸਾਂ, ਏਅਰਪੋਰਟ ਵੋਲਵੋ ਸੇਵਾ ਅਤੇ 56 ਡਿਜੀਟਲ ਟਰਾਂਸਪੋਰਟ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾ ਪ੍ਰਸ਼ਾਸਨਿਕ ਸੁਧਾਰਾਂ ਤਹਿਤ 'ਸਰਕਾਰ ਤੁਹਾਡੇ ਦੁਆਰ' ਰਾਹੀਂ 437 ਘਰ ਬੈਠੇ ਸੇਵਾਵਾਂ, ਈਜ਼ੀ ਰਜਿਸਟਰੀ, ਐਨ.ਓ.ਸੀ. ਤੋਂ ਬਿਨਾਂ ਪਲਾਟ ਰਜਿਸਟਰੀ ਦੀ ਰਾਹਤ, 100% ਪੇਂਡੂ ਘਰਾਂ ਨੂੰ ਪਾਈਪ ਰਾਹੀਂ ਪਾਣੀ ਅਤੇ 14,200 ਏਕੜ ਜ਼ਮੀਨ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਕਰਵਾਉਣ ਦਾ ਵੀ ਵਿਸ਼ੇਸ਼ ਤੌਰ ਤੇ ਜ਼ਿਕਰ ਕੀਤਾ। ਲੁਧਿਆਣਾ ਜ਼ਿਲ੍ਹੇ ਦਾ ਵਿਸ਼ੇਸ਼ ਵਰਨਣ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਨਅਤੀ ਸ਼ਹਿਰ ਲੁਧਿਆਣਾ ਦੇ ਵਿਕਾਸ ਨੂੰ ਹੋਰ ਰਫਤਾਰ ਦੇਣ ਲਈ ਇਸ ਸਾਲ ਹਲਵਾਰਾ ਏਅਰਪੋਰਟ ਟਰਮੀਨਲ ਬਿਲਡਿੰਗ ਦੇ ਨਿਰਮਾਣ ਦੇ ਨਾਲ-ਨਾਲ ਹਲਵਾਰਾ ਤੋਂ ਦਿੱਲੀ ਲਈ ਰੋਜ਼ਾਨਾ 2 ਉਡਾਣਾਂ ਦੀ ਸ਼ੁਰੂਆਤ ਵੀ ਸ਼ੁਰੂ ਕੀਤੀ ਗਈ। ਉਨ੍ਹਾ ਕਿਹਾ, ÷ਲੁਧਿਆਣਾ ਦੇ ਸਕੂਲ ਆਫ਼ ਐਮੀਨੈਂਸ, ਕਿਦਵਈ ਨਗਰ ਅਤੇ ਸਕੂਲ ਆਫ਼ ਐਮੀਨੈਂਸ, ਮਿਲਰ ਗੰਜ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਅਤੇ ਭਵਿੱਖ-ਕੇਂਦ੍ਰਿਤ ਸਿੱਖਿਆ ਮਾਹੌਲ ਪ੍ਰਦਾਨ ਕਰਦਿਆਂ ਹਰ ਵਰਗ ਦੇ ਵਿਦਿਆਰਥੀਆਂ ਲਈ ਮਿਆਰੀ ਯਕੀਨੀ ਬਣਾ ਰਹੇ ਹਨ। ਪੀ.ਏ.ਯੂ. ਸਕੂਲ ਅਤੇ ਸਕੂਲ ਆਫ਼ ਐਮੀਨੈਂਸ, ਇੰਦਰਪੁਰੀ ਵਿਖੇ ਰੋਬੋਟਿਕਸ ਲੈਬ ਵਿਦਿਆਰਥੀਆਂ ਨੂੰ ਰੋਬੋਟਿਕਸ, ਕੋਡਿੰਗ ਆਦਿ ਤਕਨੀਕਾਂ ਤੋਂ ਜਾਣੂੰ ਕਰਵਾਕੇ ਉਨ੍ਹਾਂ ਅੰਦਰ ਸਮੱਸਿਆ-ਹੱਲ ਕਰਨ, ਗੁਣਨਾਤਮਕ ਸੋਚ ਅਤੇ ਹੁਨਰ ਨੂੰ ਵਿਕਸਤ ਕਰ ਰਹੀਆਂ ਹਨ। ਵਿੱਤ ਮੰਤਰੀ ਨੇ ਕਿਹਾ ਕਿ ਲੁਧਿਆਣਾ ਵਿੱਚ 80 ਨਵੇਂ ਆਮ ਆਦਮੀ ਕਲੀਨਿਕ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 37 ਦਾ ਉਦਘਾਟਨ ਕੀਤਾ ਜਾ ਚੁੱਕਾ ਹੈ ਅਤੇ ਬਾਕੀ 43 ਨੂੰ ਅਗਲੇ 1 ਮਹੀਨੇ ਵਿੱਚ ਚਾਲੂ ਕਰ ਦਿੱਤਾ ਜਾਵੇਗਾ। ਉਨ੍ਹਾ ਕਿਹਾ, ਸਿਵਲ ਹਸਪਤਾਲ ਲੁਧਿਆਣਾ ਨੇ ਵੱਖ-ਵੱਖ ਅਹਿਮ ਪਹਿਲਕਦਮੀਆਂ ਸਦਕਾ ਕਾਇਆਕਲਪ ਮੁਲਾਂਕਣ ਰੈਂਕਿੰਗ ਵਿੱਚ ਪਹਿਲਾ ਰੈਂਕ ਪ੍ਰਾਪਤ ਕੀਤਾ ਹੈ। ਇਸ ਤੋਂ ਇਲਾਵਾ ਐਮ.ਸੀ.ਐਚ. ਦਾ ਵਿਸਤਾਰ ਕਰਦਿਆਂ 100 ਹੋਰ ਬਿਸਤਰੇ ਸ਼ਾਮਲ ਕੀਤੇ ਜਾ ਰਹੇ ਹਨ, ਸੀ.ਸੀ.ਯੂ. ਦੀ ਉਸਾਰੀ ਜਾਰੀ ਹੈ ਅਤੇ75 ਹੋਰ ਬਿਸਤਰੇ ਸ਼ਾਮਲ ਕੀਤੇ ਜਾਣਗੇ। ਡੀ.ਐਚ. ਲੁਧਿਆਣਾ ਇਸ ਸਾਲ ਦੇ ਅੰਤ ਤੱਕ 500 ਬਿਸਤਰਿਆਂ ਵਾਲਾ ਹਸਪਤਾਲ ਬਣ ਜਾਵੇਗਾ। ਕੈਂਸਰ ਕੇਅਰ ਯੂਨਿਟ ਸ਼ੁਰੂ ਹੋ ਗਿਆ ਹੈ ਅਤੇ ਕੈਂਸਰ ਦੇ ਮਰੀਜ਼ਾਂ ਨੂੰ ਕੀਮੋਥੈਰੇਪੀ ਦਿੱਤੀ ਜਾ ਰਹੀ ਹੈ। ਲੁਧਿਆਣਾ ਵੱਲੋਂ ਲੋਕ ਭਲਾਈ ਅਤੇ ਬੇਹਤਰ ਸਮਾਜ ਪੱਖੀ ਸੂਬਾ ਸਰਕਾਰ ਦੀਆਂ ਯੋਜਨਾਵਾਂ ਵਿੱਚ ਮੱਲਾਂ ਮਾਰਨ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ÷ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਲੁਧਿਆਣਾ ਵਿੱਚ 5 ਲੱਖ ਤੋਂ ਵੱਧ ਮਹਿਲਾਵਾਂ ਰਜਿਸਟਰ ਹੋਈਆਂ- ਜੋ ਕਿ ਪੰਜਾਬ ਵਿੱਚ ਸਭ ਤੋਂ ਵੱਧ ਹਨ। ਇਸ ਤੋਂ ਇਲਾਵਾ ਪ੍ਰੋਜੈਕਟ ਉਮੀਦ, ਕੈਫੇ ਸਪਾਈਸ, ਸਹਾਇਕ-ਉਪਕਰਣ ਕੈਂਪਾਂ ਅਤੇ ਨਸ਼ਾ ਛੁਡਾਊ ਪਹਿਲਕਦਮੀਆਂ ਸਦਕਾ ਲੁਧਿਆਣਾ ਇੱਕ ਅਜਿਹਾ ਮਾਡਲ ਬਣ ਰਿਹਾ ਹੈ ਜਿੱਥੇ ਵਿਕਾਸ ਸਮਾਜ ਦੇ ਹਰ ਵਰਗ ਤੱਕ ਪਹੁੰਚਾਇਆ ਜਾ ਰਿਹਾ ਹੈ।÷ ਉਨ੍ਹਾ ਕਿਹਾ ਕਿ ਇਸ ਤੋਂ ਇਲਾਵਾ ਲੁਧਿਆਣਾ ਵਿੱਚ ਇੱਕ ਉੱਚ ਪੱਧਰੀ ਜਿਮ ਦੀ ਸਹੂਲਤ ਦੇਣ ਦੇ ਨਾਲ-ਨਾਲ ਸ਼ਾਸਤਰੀ ਬੈਡਮਿੰਟਨ ਹਾਲ ਦਾ ਨਵੀਨੀਕਰਨ, ਵੇਟਲਿਫਟਿੰਗ ਹਾਲ ਦੀ ਉਸਾਰੀ ਕੀਤੀ ਗਈ ਹੈ। ਸ਼ੂਟਿੰਗ ਰੇਂਜ ਦਾ ਨਵੀਨੀਕਰਨ ਅਗਲੇ 1 ਮਹੀਨੇ ਵਿੱਚ ਮੁਕੰਮਲ ਕਰ ਲਿਆ ਜਾਵੇਗਾ ਜਦੋਂ ਕਿ ਅਤਿ-ਆਧੁਨਿਕ ਵਾਲੀਬਾਲ ਇਨਡੋਰ ਹਾਲ ਆਉਂਦੇ 4 ਮਹੀਨਿਆਂ ਵਿੱਚ ਤਿਆਰ ਕੀਤਾ ਜਾਵੇਗਾ। ਇਸ ਮੌਕੇ ਵਿਧਾਇਕ ਮਦਨ ਲਾਲ ਬੱਗਾ, ਜੀਵਨ ਸਿੰਘ ਸੰਗੋਵਾਲ, ਰਜਿੰਦਰਪਾਲ ਕੌਰ ਛੀਨਾ, ਦਲਜੀਤ ਸਿੰਘ ਗਰੇਵਾਲ, ਅਸ਼ੋਕ ਪਰਾਸ਼ਰ ਪੱਪੀ ਅਤੇ ਕੁਲਵੰਤ ਸਿੰਘ ਸਿੱਧੂ, ਮੇਅਰ ਇੰਦਰਜੀਤ ਕੌਰ, ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ, ਡਿਪਟੀ ਮੇਅਰ ਪ੍ਰਿੰਸ ਜੌਹਰ, ਚੇਅਰਮੈਨ ਨਵਜੋਤ ਸਿੰਘ ਜਰਗ, ਚੇਅਰਮੈਨ ਤੇਜਪਾਲ ਸਿੰਘ ਗਿੱਲ, ਜ਼ਿਲ੍ਹਾ ਤੇ ਸੈਸ਼ਨ ਜੱਜ ਹਰਪ੍ਰੀਤ ਕੌਰ ਰੰਧਾਵਾ, ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਕਮਿਸ਼ਨਰ ਪੁਲਿਸ ਸਵਪਨ ਸ਼ਰਮਾ, ਨਗਰ ਨਿਗਮ ਕਮਿਸ਼ਨਰ ਓਜਸਵੀ ਅਲੰਕਾਰ, ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ ਤੋਂ ਇਲਾਵਾ ਕਈ ਹੋਰ ਹਾਜ਼ਰ ਸਨ। ਇਸ ਸਮਾਗਮ ਵਿੱਚ ਪਰੇਡ ਕਮਾਂਡਰ ਹਰਸ਼ਪ੍ਰੀਤ ਸਿੰਘ ਪੀ.ਪੀ.ਐਸ ਅਫਸਰ ਦੀ ਅਗਵਾਈ ਵਿੱਚ ਮਾਰਚ ਪਾਸਟ ਵੀ ਹੋਇਆ ਜਿਸ ਵਿੱਚ ਪੰਜਾਬ ਪੁਲਿਸ, ਪੰਜਾਬ ਹੋਮ ਗਾਰਡ, ਐਨ.ਸੀ.ਸੀ ਸਕਾਊਟਸ ਅਤੇ ਹੋਰ ਟੁਕੜੀਆਂ ਸ਼ਾਮਲ ਸਨ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੁਆਰਾ ਇੱਕ ਜੀਵੰਤ ਮਾਸ ਪੀ.ਟੀ ਪ੍ਰਦਰਸ਼ਨੀ ਅਤੇ ਵੱਖ-ਵੱਖ ਸੰਸਥਾਵਾਂ ਦੇ ਵਿਦਿਆਰਥੀਆਂ ਦੁਆਰਾ ਇੱਕ ਦੇਸ਼ ਭਗਤੀ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸ. ਹਰਪਾਲ ਸਿੰਘ ਚੀਮਾ ਨੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ, ਪੁਲਿਸ ਕਰਮਚਾਰੀਆਂ ਅਤੇ ਪਰੇਡ ਭਾਗੀਦਾਰਾਂ ਨੂੰ ਸਨਮਾਨਿਤ ਕੀਤਾ ਅਤੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ ਵਿਅਕਤੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਅਪਾਹਜ ਵਿਅਕਤੀਆਂ ਨੂੰ ਟ?ਰਾਈਸਾਈਕਲ ਅਤੇ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਵੀ ਵੰਡੀਆਂ। ਇਸ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਅਤੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਦਾ ਸਨਮਾਨ ਕੀਤਾ।

# ਜਗਸ਼ੇਰ ਸਿੰਘ ਤੇ ਇਨਾਇਤ ਗੁਲਾਟੀ ਬਣੇ ਪੰਜਾਬ ਦੇ ਸੀਨੀਅਰ ਬੈਡਮਿੰਟਨ ਚੈਂਪੀਅਨ

## ਸੱਚੇ ਚੈਂਪੀਅਨ ਦੀ ਪਛਾਣ ਜਿੱਤ-ਹਾਰ ਤੋਂ ਬਾਅਦ ਦੂਜਿਆਂ ਨਾਲ ਉਸ ਦੇ ਵਿਹਾਰ ਤੋਂ ਹੁੰਦੀ ਹੈ : ਰਾਮਵੀਰ ਸਿੰਘ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**



ਇਨੋਸੈਂਟ ਹਾਰਟਸ ਪੰਜਾਬ ਸਟੇਟ ਸੀਨੀਅਰ ਰੈਂਕਿੰਗ ਬੈਡਮਿੰਟਨ ਟੂਰਨਾਮੈਂਟ ਐਤਵਾਰ ਨੂੰ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ ਸ਼ਾਨਦਾਰ ਢੰਗ ਨਾਲ ਸਮਾਪਤ ਹੋਇਆ। ਪਟਿਆਲਾ ਦੇ ਜਗਸ਼ੇਰ ਸਿੰਘ ਖੰਗੂੜਾ ਅਤੇ ਜਲੰਧਰ ਦੀ ਇਨਾਇਤ ਗੁਲਾਟੀ ਨੇ ਕ੍ਰਮਵਾਰ ਪੁਰਸ਼ ਅਤੇ ਮਹਿਲਾ ਸਿੰਗਲਜ਼ ਦਾ ਖਿਤਾਬ ਜਿੱਤਿਆ। ਦੋਵੇਂ ਜੇਤੂ ਅਗਲੇ ਮਹੀਨੇ ਹੋਣ ਵਾਲੀ ਨਾਰਥ ਜ਼ੋਨ ਚੈਂਪੀਅਨਸ਼ਿਪ ਵਿੱਚ ਪੰਜਾਬ ਦੀ ਨੁਮਾਇੰਦਗੀ ਕਰਨਗੇ। ਪੁਰਸ਼ ਸਿੰਗਲਜ਼ ਦੇ ਫਾਈਨਲ ਵਿੱਚ ਜਗਸ਼ੇਰ ਸਿੰਘ ਖੰਗੂੜਾ ਨੇ ਜਲੰਧਰ ਦੇ ਵੀਰਨ ਸੇਠ ਨੂੰ ਬੇਹੱਦ ਰੋਮਾਂਚਕ ਮੁਕਾਬਲੇ ਵਿੱਚ 15-10, 10-15, 20-18 ਨਾਲ ਹਰਾਇਆ। ਮਹਿਲਾ ਸਿੰਗਲਜ਼ ਦੇ ਫਾਈਨਲ ਵਿੱਚ ਵੀ ਸਖ਼ਤ ਟੱਕਰ ਦੇਖਣ ਨੂੰ ਮਿਲੀ। ਇਨਾਇਤ ਗੁਲਾਟੀ ਨੇ ਗੁਰਦਾਸਪੁਰ ਦੀ ਮਹਿਵਿਸ਼ ਕੌਰ ਨੂੰ 9-15, 15-9, 19-17 ਨਾਲ ਹਰਾ ਕੇ ਖਿਤਾਬ ਆਪਣੇ ਨਾਮ ਕੀਤਾ। ਅੰਡਰ-19 ਲੜਕਿਆਂ ਦੇ ਸਿੰਗਲਜ਼ ਫਾਈਨਲ ਵਿੱਚ ਜਲੰਧਰ ਦੇ ਵੀਰਨ ਸੇਠ ਨੇ ਆਪਣੇ ਹੀ ਸ਼ਹਿਰ ਦੇ ਦਿਵਯਮ ਸਚਦੇਵਾ ਨੂੰ 15-9, 9-15, 15-1 ਨਾਲ ਹਰਾ ਕੇ ਖਿਤਾਬ ਜਿੱਤਿਆ। ਅੰਡਰ-19 ਲੜਕੀਆਂ ਦੇ ਸਿੰਗਲਜ਼ ਵਿੱਚ ਮਹਿਵਿਸ਼ ਕੌਰ ਨੇ ਸੀਨੀਅਰ ਵਰਗ ਦੇ ਫਾਈਨਲ ਵਿੱਚ ਮਿਲੀ ਹਾਰ ਦਾ ਬਦਲਾ ਲੈਂਦਿਆਂ ਇਨਾਇਤ ਗੁਲਾਟੀ ਨੂੰ ਸਿੱਧੇ ਗੇਮਾਂ ਵਿੱਚ 15-11, 15-13 ਨਾਲ ਹਰਾਇਆ। ਇਨਾਮ ਵੰਡ ਸਮਾਗਮ ਵਿੱਚ ਜਲੰਧਰ ਦੇ ਡਵੀਜ਼ਨਲ ਕਮਿਸ਼ਨਰ ਰਾਮਵੀਰ ਸਿੰਘ, ਆਈਏਐਸ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਸੱਚੇ ਚੈਂਪੀਅਨ ਦੀ ਪਛਾਣ ਸਿਰਫ਼ ਜਿੱਤ ਦਾ ਜਸ਼ਨ ਮਨਾਉਣ ਨਾਲ ਨਹੀਂ, ਸਗੋਂ ਜਿੱਤ ਜਾਂ ਹਾਰ ਤੋਂ ਬਾਅਦ ਦੂਜਿਆਂ ਨਾਲ ਉਸ ਦੇ ਵਿਹਾਰ ਤੋਂ ਹੁੰਦੀ ਹੈ। ਉਨ੍ਹਾਂ ਖਿਡਾਰੀਆਂ ਨੂੰ ਆਪਣੇ ਵਿਰੋਧੀਆਂ ਦਾ ਹਮੇਸ਼ਾ ਸਤਿਕਾਰ ਕਰਨ ਅਤੇ ਹਾਰ ਦੇ ਸਮੇਂ ਵੀ ਖੇਡ ਭਾਵਨਾ ਬਣਾਈ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹੀ ਗੁਣ ਕਿਸੇ ਖਿਡਾਰੀ ਨੂੰ ਸੱਚਾ ਚੈਂਪੀਅਨ ਬਣਾਉਂਦੇ ਹਨ। ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਦੱਸਿਆ ਕਿ ਅੰਡਰ-19 ਲੜਕੀਆਂ ਦੇ ਡਬਲਜ਼ ਵਿੱਚ ਸਮਾਇਰਾ ਅਰੋੜਾ ਅਤੇ ਸੀਜਾ ਨੇ ਖਿਤਾਬ ਜਿੱਤਿਆ, ਜਦਕਿ ਦਿਸ਼ਿਕਾ ਸੂਰੀ ਅਤੇ ਉਪਨੀਤ ਕੌਰ ਉਪ ਜੇਤੂ ਰਹੀਆਂ। ਗੁਰਲੀਨ ਕੌਰ ਢਿੱਲੋਂ-ਗੁਰਸਿਮਰਤ ਕੌਰ ਚਹਿਲ ਅਤੇ ਅਮੇਲੀਆ ਭਾਕੂ-ਅਨੰਨਿਆ ਨਿਸ਼ਾਵਨ ਦੀਆਂ ਜੋੜੀਆਂ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-19 ਲੜਕਿਆਂ ਦੇ ਡਬਲਜ਼ ਵਿੱਚ ਆਦਿਤਿਆ ਸ਼ਰਮਾ ਅਤੇ ਵੀਰਨ ਸੇਠ ਜੇਤੂ ਰਹੇ, ਜਦਕਿ ਅਖਿਲ ਅਰੋੜਾ ਅਤੇ ਕ੍ਰਿਤੱਗ ਅਰੋੜਾ ਉਪ ਜੇਤੂ ਰਹੇ। ਅਨਿਰੁੱਧ ਗਿਲਹੋਤਰਾ-ਜ਼ੋਰਾਵਰ ਸਿੰਘ ਅਤੇ ਰੁਦਰਾਕਸ਼ ਕਾਸ਼ਨੀਆ-ਸਮਾਰਥ ਭਾਰਦਵਾਜ ਦੀਆਂ ਜੋੜੀਆਂ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੀਆਂ। ਅੰਡਰ-19 ਮਿਕਸਡ ਡਬਲਜ਼ ਵਿੱਚ ਸਮਾਰਥ ਭਾਰਦਵਾਜ ਅਤੇ ਸੀਜਾ ਨੇ ਖਿਤਾਬ ਜਿੱਤਿਆ। ਸ਼ਿਵੇਨ ਢੀਂਗਰਾ ਅਤੇ ਅਨੰਨਿਆ ਨਿਸ਼ਾਵਨ ਉਪ ਜੇਤੂ ਰਹੇ। ਅਰਨਵ ਠਾਕੁਰ-ਲਿਆਜ਼ਦੀਪ ਕੌਰ ਅਤੇ ਕ੍ਰਿਤੱਗ ਅਰੋੜਾ-ਸਮਾਇਰਾ ਅਰੋੜਾ ਦੀਆਂ ਜੋੜੀਆਂ ਨੇ ਸਾਂਝਾ ਤੀਜਾ ਸਥਾਨ ਹਾਸਲ ਕੀਤਾ। ਮਿਕਸਡ ਡਬਲਜ਼ ਵਿੱਚ ਸਿਆਮ ਪ੍ਰਸਾਦ ਉਦਯਕੁਮਾਰ ਅਤੇ ਲਿਜ਼ਾ ਟਾਂਕ ਨੇ ਖਿਤਾਬ ਆਪਣੇ ਨਾਮ ਕੀਤਾ, ਜਦਕਿ ਮ੍ਰਿਦੁਲ ਝਾ ਅਤੇ ਮਾਨਿਆ ਰਾਹਲਾਨ ਉਪ ਜੇਤੂ ਰਹੇ। ਸ਼ਿਵੇਨ ਢੀਂਗਰਾ-ਅਨੰਨਿਆ ਨਿਸ਼ਾਵਨ ਅਤੇ ਆਕਰਸ਼ਿਤ ਸ਼ਰਮਾ-ਸੀਜਾ ਦੀਆਂ ਜੋੜੀਆਂ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੀਆਂ। ਮਹਿਲਾ ਡਬਲਜ਼ ਵਿੱਚ ਮਾਨਿਆ ਰਾਹਲਾਨ ਅਤੇ ਸਾਨਵੀ ਨੌਟਿਆਲ ਨੇ ਖਿਤਾਬ ਜਿੱਤਿਆ, ਜਦਕਿ ਲਿਜ਼ਾ ਟਾਂਕ ਅਤੇ ਸੀਜਾ ਦੂਜੇ ਸਥਾਨ 'ਤੇ ਰਹੀਆਂ। ਦਿਸ਼ਿਕਾ ਸੂਰੀ-ਉਪਨੀਤ ਕੌਰ ਅਤੇ ਅਮੇਲੀਆ ਭਾਕੂ-ਅਨੰਨਿਆ ਨਿਸ਼ਾਵਨ ਦੀਆਂ ਜੋੜੀਆਂ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੀਆਂ। ਪੁਰਸ਼ ਡਬਲਜ਼ ਵਿੱਚ ਅਰਿਆਨ ਅਜੀ ਅਤੇ ਸਿਆਮ ਪ੍ਰਸਾਦ ਉਦਯਕੁਮਾਰ ਨੇ ਖਿਤਾਬ ਜਿੱਤਿਆ, ਜਦਕਿ ਅਨਿਸ਼ ਭਾਰਦਵਾਜ ਅਤੇ ਮ੍ਰਿਦੁਲ ਝਾ ਉਪ ਜੇਤੂ ਰਹੇ। ਸਮਾਗਮ ਵਿੱਚ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸੀਨੀਅਰ ਅਹੁਦੇਦਾਰ ਰਾਕੇਸ਼ ਖੰਨਾ, ਹਰਪ੍ਰੀਤ ਸਿੰਘ, ਧੀਰਜ ਸ਼ਰਮਾ ਅਤੇ ਸ਼ਮਸ਼ੇਰ ਸਿੰਘ ਢਿੱਲੋਂ ਸਮੇਤ ਹੋਰ ਅਹੁਦੇਦਾਰ ਅਤੇ ਖਿਡਾਰੀ ਮੌਜੂਦ ਸਨ।

# ਸੁਤੰਤਰਤਾ ਦਿਵਸ ਮੌਕੇ ਪੰਜਾਬ ਨੇ 'ਯੁੱਧ ਨਸ਼ਿਆਂ ਵਿਰੁੱਧ' ਦੇ ਜ਼ਮੀਨੀ ਪੱਧਰ ਦੇ ਵਲੰਟੀਅਰਾਂ ਨੂੰ ਕੀਤਾ ਸਨਮਾਨਿਤ

## ਭਗਵੰਤ ਮਾਨ ਸਰਕਾਰ 16 ਤੋਂ 31 ਅਗਸਤ ਤੱਕ ਦੋ ਹਫ਼ਤਿਆਂ ਦੌਰਾਨ ਨਸ਼ਾ ਵਿਰੋਧੀ ਮੁਹਿੰਮ ਦੀ ਕਰੇਗੀ ਸਮੀਖਿਆ



ਜ਼ਿਕਰ ਪੰਜਾਬ

**ਚੰਡੀਗੜ੍ਹ** : ਭਗਵੰਤ ਮਾਨ ਸਰਕਾਰ ਨੇ ਸੁਤੰਤਰਤਾ ਦਿਵਸ ਮੌਕੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਯੋਗਦਾਨ ਪਾਉਣ ਵਾਲੀਆਂ ਗ੍ਰਾਮ ਅਤੇ ਵਾਰਡ ਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ। ਸਨਮਾਨ ਸਮਾਗਮਾਂ ਦੇ ਨਾਲ ਹੀ ਦੋ ਹਫ਼ਤਿਆਂ ਦੀ ਇੱਕ ਸੁਚੱਜੀ ਕਾਰਵਾਈ ਅਤੇ ਸਮੀਖਿਆ ਪ੍ਰਕਿਰਿਆ ਸ਼ੁਰੂ ਕੀਤੀ ਗਈ, ਜਿਸ ਦੀ ਸਮਾਪਤੀ 31 ਅਗਸਤ ਨੂੰ ਮੁੱਖ ਮੰਤਰੀ ਦੀ ਅਗਵਾਈ ਹੇਠ ਹੋਣ ਵਾਲੀ ਸੂਬਾ ਪੱਧਰੀ ਸਮੀਖਿਆ ਮੀਟਿੰਗ ਨਾਲ ਹੋਵੇਗੀ। ਭਗਵੰਤ ਮਾਨ ਸਰਕਾਰ ਦੀ ਇਸ ਪਹਿਲਕਦਮੀ ਨੂੰ ਸ਼ਾਸਨ ਦੇ ਸਾਰੇ ਪੱਧਰਾਂ ਤੱਕ ਪਹੁੰਚਾਉਣ ਲਈ ਕੌਮੀ ਦਿਵਸਾਂ ਅਤੇ ਹੋਰ ਮਹੱਤਵਪੂਰਨ ਸਰਕਾਰੀ ਮੌਕਿਆਂ 'ਤੇ ਹੋਣ ਵਾਲੇ ਸਾਰੇ ਸਮਾਗਮਾਂ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਦੀਆਂ ਗਤੀਵਿਧੀਆਂ ਨੂੰ ਪ੍ਰਮੁੱਖਤਾ ਨਾਲ ਸ਼ਾਮਲ ਕੀਤਾ ਜਾਵੇਗਾ। ਇਸ ਸਬੰਧੀ ਫ਼ੈਸਲਾ 2 ਅਗਸਤ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਏ ਸੂਬਾ ਪੱਧਰੀ ਸਮਾਗਮ ਦੌਰਾਨ ਲਿਆ ਗਿਆ ਸੀ। ਇਸ ਪਹਿਲਕਦਮੀ ਤਹਿਤ, ਸੂਬੇ ਭਰ ਵਿੱਚ ਗ੍ਰਾਮ ਰੱਖਿਆ ਕਮੇਟੀਆਂ (ਵੀਡੀਸੀਜ਼) ਅਤੇ ਵਾਰਡ ਰੱਖਿਆ ਕਮੇਟੀਆਂ (ਡਬਲਿਊਡੀਸੀਜ਼) ਦੇ ਬਿਹਤਰੀਨ ਕਾਰਗੁਜ਼ਾਰੀ ਵਾਲੇ ਮੈਂਬਰਾਂ ਨੂੰ ਨਸ਼ਿਆਂ ਖ਼ਿਲਾਫ਼ ਪੰਜਾਬ ਦੀ ਲੜਾਈ ਵਿੱਚ ਉਨ੍ਹਾਂ ਦੇ ਸ਼ਲਾਘਾਯੋਗ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਪੱਧਰ 'ਤੇ ਡਿਪਟੀ ਕਮਿਸ਼ਨਰਾਂ ਨੇ ਅਸੈਂਬਲੀ ਕੋਆਰਡੀਨੇਟਰਾਂ ਅਤੇ ਵਾਈਸ ਅਸੈਂਬਲੀ ਕੋਆਰਡੀਨੇਟਰਾਂ ਨੂੰ ਸਨਮਾਨਿਤ ਕੀਤਾ। ਜਦਕਿ ਸਬ-ਡਿਵੀਜ਼ਨ ਪੱਧਰ 'ਤੇ, ਸਬ-ਡਿਵੀਜ਼ਨਲ ਮੈਜਿਸਟ੍ਰੇਟਸ (ਐਸ ਡੀ ਐਮਜ਼) ਵੱਲੋਂ ਬਲਾਕ ਕੋਆਰਡੀਨੇਟਰਾਂ ਨੂੰ ਸਨਮਾਨਿਤ ਕੀਤਾ ਗਿਆ। ਪਿੰਡ ਪੱਧਰ 'ਤੇ ਵੱਖ-ਵੱਖ ਸਕੂਲਾਂ ਅਤੇ ਗ੍ਰਾਮ ਪੰਚਾਇਤਾਂ ਵਿੱਚ ਵਿਸ਼ੇਸ਼ ਸਮਾਗਮ ਕਰਵਾਏ ਗਏ, ਜਿੱਥੇ ਸਰਪੰਚਾਂ ਅਤੇ ਕਮਿਉਨਿਟੀ ਮੈਂਬਰਾਂ ਵੱਲੋਂ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਵੱਲ ਕੀਤੇ ਜਾ ਰਹੇ ਯਤਨਾਂ ਲਈ ਗ੍ਰਾਮ ਰੱਖਿਆ ਕਮੇਟੀ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। 16 ਤੋਂ 25 ਅਗਸਤ ਤੱਕ, ਹਰੇਕ ਪਿੰਡ ਵਿੱਚ ਗ੍ਰਾਮ ਰੱਖਿਆ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਈਆਂ ਜਾਣਗੀਆਂ। ਇਸ ਤੋਂ ਬਾਅਦ ਇਹ ਪ੍ਰਕਿਰਿਆ ਜ਼ਿਲ੍ਹਾ ਪੱਧਰ 'ਤੇ ਅੱਗੇ ਵਧੇਗੀ।

26 ਤੋਂ 29 ਅਗਸਤ ਦਰਮਿਆਨ, ਕੈਬਨਿਟ ਮੰਤਰੀ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗਾਂ ਦੀ ਅਗਵਾਈ ਕਰਨਗੇ, ਜਿਨ੍ਹਾਂ ਵਿੱਚ ਪ੍ਰਸ਼ਾਸਨ ਅਤੇ ਪੁਲਿਸ ਅਧਿਕਾਰੀਆਂ ਦੇ ਨਾਲ-ਨਾਲ ਸਿਹਤ ਵਿਭਾਗ ਦੇ ਨੁਮਾਇੰਦੇ ਅਤੇ ਜ਼ਿਲ੍ਹਾ, ਅਸੈਂਬਲੀ ਤੇ ਬਲਾਕ ਪੱਧਰ ਦੇ ਕੋਆਰਡੀਨੇਟਰ ਸ਼ਾਮਲ ਹੋਣਗੇ। ਇਸ ਪੂਰੀ ਪ੍ਰਕਿਰਿਆ ਦੀ ਸਮਾਪਤੀ 31 ਅਗਸਤ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹੋਣ ਵਾਲੀ ਸੂਬਾ ਪੱਧਰੀ ਸਮੀਖਿਆ ਮੀਟਿੰਗ ਨਾਲ ਹੋਵੇਗੀ।

# ਸੰਤ ਬਾਬਾ ਨਿਧਾਨ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ

## ਸੇਵਾ ਤੇ ਭਗਤੀ ਦੇ ਪੁੰਜ ਸਨ ਸੰਤ ਬਾਬਾ ਨਿਧਾਨ ਸਿੰਘ : ਭੁਪਿੰਦਰ ਸਿੰਘ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲ**

ਪੰਥ ਦੀ ਮਹਾਨ ਸ਼ਖਸ਼ੀਅਤ ਸੰਤ ਬਾਬਾ ਨਿਧਾਨ ਸਿੰਘ ਜੀ ਸੇਵਾ ਤੇ ਸਿਮਰਨ ਦੇ ਮੁਜੱਸਮਾ ਸਨ। ਜਿੰਨਾ ਨੇ ਆਪਣਾ ਸਮੁੱਚਾ ਜੀਵਨ ਗੁਰੂ ਘਰ ਵਿੱਚ ਲੰਗਰ ਦੀ ਸੇਵਾ ਨੂੰ ਸਮਰਪਿਤ ਕੀਤਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ.ਭੁਪਿੰਦਰ ਸਿੰਘ ਮੁੱਖ ਸੇਵਾਦਾਰ ਨਿਸ਼ਕਾਮ ਨਾਮ ਸਿਮਰਨ ਸੇਵ ਸੁਸਾਇਟੀ ਨੇ ਅੱਜ ਗੁਰਦੁਆਰਾ ਸ਼?ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਸੰਤ ਬਾਬਾ ਨਿਧਾਨ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਵੱਲੋ ਆਯੋਜਿਤ ਕੀਤੇ ਗਏ ਹਫਤਾਵਾਰੀ ਕੀਰਤਨ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਇੱਕਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਉਨ੍ਹਾਂ ਨੇ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਆਰੰਭੀ ਲੰਗਰਾਂ ਦੀ ਸੇਵਾ ਨੂੰ ਪੂਰੀ ਲਗਨ ਤੇ ਸ਼ਰਧਾ ਭਾਵਨਾ ਨਾਲ ਚਲਾਉਣ ਵਾਲੇ ਸੰਤ ਬਾਬਾ ਨਿਧਾਨ ਸਿੰਘ ਜੀ ਦਾ ਜੀਵਨ ਸਮੁੱਚੀ ਕੌਮ ਦੇ ਲਈ ਪ੍ਰੇਨਾ ਦਾ ਸਰੋਤ ਹੈ।। ਇਸ ਲਈ ਮੌਜੂਦਾ ਸਮੇਂ ਦੀ ਨੌਜਵਾਨ ਪੀੜ੍ਹੀ ਤੇ ਬੱਚਿਆਂ ਨੂੰ ਬਾਬਾ ਜੀ ਦੇ ਜੀਵਨ ਤੇ ਫਲਸਫੇ ਤੋ ਵੱਧ ਤੋ ਵੱਧ ਜਾਣੂ ਕਰਵਾਉਣ ਦੀ ਲੋੜ ਹੈ ਤਾਂ ਹੀ ਉਹ ਸੇਵਾ ਕਾਰਜਾਂ ਨਾਲ ਜੁੜ ਸਕਣਗੇ। ਇਸ ਤੋ ਪਹਿਲਾਂ ਕੀਰਤਨ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਗੁਰਦੀਪ ਸਿੰਘ ਜੈਪੁਰ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ਅਤੇ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਕਿਹਾ ਕਿ ਮੌਜੂਦਾ ਸਮੇਂ ਅੰਦਰ ਗੁਰੂ ਸਾਹਿਬ ਵੱਲੋਂ ਬਖਸ਼ੇ ਸੇਵਾ ਤੇ ਸਿਮਰਨ ਦੇ ਸੰਕਲਪ ਨੂੰ ਸੰਭਾਲਣ ਦੀ ਮੁੱਖ ਜ਼ਰੂਰਤ ਹੈ ਤਾਂ ਹੀ ਹਰ ਬੱਚਾ ਤੇ ਨੌਜਵਾਨ ਆਪਣੇ ਅੰਦਰ ਸੰਤ ਬਾਬਾ ਨਿਧਾਨ ਸਿੰਘ ਜੀ ਵਾਲੀ ਸੋਚ ਤੇ ਗੁਰਸਿੱਖੀ ਵਾਲਾ ਜ਼ਜਬਾ ਪੈਦਾ ਕਰਕੇ ਗੁਰੂ ਵਾਲਾ ਬਣ ਸਕਦਾ ਹੈ।ਇਸ ਮੌਕੇ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਨੇ ਕਿਹਾ ਕਿ ਸਵ: ਜੱਥੇਦਾਰ ਅਵਤਾਰ ਸਿੰਘ ਮੱਕੜ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਸੁਸਾਇਟੀ ਵੱਲੋਂ ਚਲਾਈ ਜਾ ਰਹੀ ਹਫ਼ਤਾਵਰੀ ਕੀਰਤਨ ਸਮਾਗਮ ਦੀ ਲੜੀ ਸੰਗਤਾਂ ਦੇ ਲਈ ਪ੍ਰੇਨਾ ਦਾ ਸਰੋਤ ਬਣ ਚੁੱਕੀ ਹੈ ਅਤੇ ਇਸੇ ਲੜੀ ਤਹਿਤ ਅਗਲੇ ਹਫ਼ਤਾਵਾਰੀ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਮਨਰਾਜ ਸਿੰਘ ਮਾਰਕੰਡੇ ਵਾਲਿਆ ਦਾ ਕੀਰਤਨੀ ਜੱਥਾ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰੇਗਾ। ਇਸ ਮੌਕੇ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਅਤੇ ਉਨ੍ਹਾਂ ਦੇ ਸਾਥੀ ਮੈਂਬਰਾਂ ਨੇ ਕੀਰਤਨੀ ਜੱਥੇ ਦੇ ਸਮੂਹ ਮੈਂਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ । ਸਮਾਗਮ ਅੰਦਰ ਗੁਰਦੁਵਾਰਾ ਸਾਹਿਬ ਦੇ ਪ੍ਰਧਾਨ ਸ.ਇੰਦਰਜੀਤ ਸਿੰਘ ਮਕੱੜ, ਜਤਿੰਦਰਪਾਲ ਸਿੰਘ ਸਲੂਜਾ, ਕਰਨੈਲ ਸਿੰਘ ਬੇਦੀ ਪ੍ਰਿਤਪਾਲ ਸਿੰਘ, ਮਨਜੀਤ ਸਿੰਘ ਟੋਨੀ, ਬਲਜੀਤ ਸਿੰਘ ਦੂਆ (ਨਵਦੀਪ ਰੀਜ਼ੋਰਟ) ਦਵਿੰਦਰਪਾਲ ਸਿੰਘ, ਗੁਰਦੀਪ ਸਿੰਘ ਡੀਮਾਰਟੇ, ਸੁਰਿੰਦਰਪਾਲ ਸਿੰਘ ਭੁਟੀਆਨੀ, ਨਰਿੰਦਰਪਾਲ ਸਿੰਘ ਕਥੂਰੀਆ, ਰਜਿੰਦਰ ਸਿੰਘ ਮਕੱੜ, ਹਰਵਿੰਦਰ ਸਿੰਘ (ਬਲਬੀਰ ਕਲਾਥ ਵਾਲੇ,) ਜਤਿੰਦਰ ਸਿੰਘ ਪ੍ਰਧਾਨ, ਕਵੰਲਪ੍ਰੀਤ ਸਿੰਘ ਸਚਦੇਵਾ, ਭੁਪਿੰਦਰਪਾਲ ਸਿੰਘ ਧਵਨ, ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਪ੍ਰੀਤ ਸਿੰਘ ਪ੍ਰਿੰਸ, ਜੀਤ ਸਿੰਘ, ਗੁਰਵਿੰਦਰ ਸਿੰਘ ਆੜਤੀ, ਹਰਕੀਰਤ ਸਿੰਘ ਬਾਵਾ ਮਸਾਲਾ, ਸੁਰਿੰਦਰ ਸਿੰਘ ਸਚਦੇਵਾ, ਸੁਖਪ੍ਰੀਤ ਸਿੰਘ ਮਨੀ, ਬਾਦਸ਼ਾਹਦੀਪ ਸਿੰਘ, ਇੰਦਰਪਾਲ ਸਿੰਘ ਕਾਲੜਾ , ਕਮਲਦੀਪ ਸਿੰਘ ਕਾਲੜਾ, ਪਰਮਜੀਤ ਸਿੰਘ ਡੀਮਾਰਟੇ ਪਰਮਿੰਦਰਪਾਲ ਸਿੰਘ ਡੀਮਾਰਟੇ, ਕਰਨਦੀਪ ਸਿੰਘ ਸਿਮਰਨ, ਬਲਫਤਿਹ ਸਿੰਘ,ਡਾ. ਮਨਰੂਪ ਕੌਰ ਬਾਣੀ ਵਿਸ਼ੇਸ਼ ਤੌਰ ਤੇ ਹਾਜਰ ਸਨ।



# ਪੁਲਿਸ ਵੱਲੋਂ 1.310 ਕਿਲੋ ਆਈਸ ਡਰੱਗ ਤੇ 3 ਪਿਸਤੌਲ ਬਰਾਮਦ

ਜ਼ਿਕਰ ਪੰਜਾਬ



**ਅੰਮ੍ਰਿਤਸਰ** : ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਅੰਮ੍ਰਿਤਸਰ ਦਿਹਾਤੀ ਦੇ ਇਲਾਕੇ ਵਿੱਚ ਥਾਣਾ ਰਮਦਾਸ ਦੀ ਪੁਲਿਸ ਨੇ ਵੱਡੀ ਕਾਰਵਾਈ ਕਰਦਿਆਂ ਰਾਵੀ ਦਰਿਆ ਨੇੜਿਓਂ 1 ਕਿਲੋ 310 ਗ੍ਰਾਮ ਆਈਸ ਡਰੱਗ ਅਤੇ ਤਿੰਨ ਪਿਸਤੌਲ ਬਰਾਮਦ ਕੀਤੇ ਹਨ। ਪੁਲਿਸ ਨੂੰ ਇਹ ਸਫਲਤਾ ਮੁਖਬਰ ਦੀ ਸੂਚਨਾ ਮਿਲਣ ਤੋਂ ਬਾਅਦ ਚਲਾਈ ਗਈ ਤਲਾਸ਼ੀ ਮੁਹਿੰਮ ਦੌਰਾਨ ਹਾਸਲ ਹੋਈ। ਰਾਵੀ ਦਰਿਆ ਨੇੜੇ ਸਰਕੰਡਿਆਂ ਵਾਲੇ ਇਲਾਕੇ ਦੀ ਤਲਾਸ਼ੀ ਲੈਂਦਿਆਂ ਪੁਲਿਸ ਨੂੰ ਪੀਲੀ ਟੇਪ ਨਾਲ ਲਪੇਟੇ ਹੋਏ ਤਿੰਨ ਪੈਕਟ ਮਿਲੇ। ਜਾਂਚ ਕਰਨ 'ਤੇ ਇਨ੍ਹਾਂ ਵਿੱਚੋਂ ਆਈਸ ਡਰੱਗ ਅਤੇ ਤਿੰਨ ਪਿਸਤੌਲ ਬਰਾਮਦ ਹੋਏ। ਪੁਲਿਸ ਮੁਤਾਬਕ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਨਸ਼ੀਲਾ ਪਦਾਰਥ ਅਤੇ ਹਥਿਆਰ ਪਾਕਿਸਤਾਨ ਵਾਲੇ ਪਾਸਿਓਂ ਡਰੋਨ ਰਾਹੀਂ ਭਾਰਤੀ ਖੇਤਰ ਵਿੱਚ ਸੁੱਟੇ ਗਏ ਸਨ। ਹਾਲਾਂਕਿ, ਇਸ ਪੂਰੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਜਾਰੀ ਹੈ। ਮਾਮਲੇ ਸਬੰਧੀ ਥਾਣਾ ਰਮਦਾਸ ਵਿਖੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਹੈ। ਪੁਲਿਸ ਹੁਣ ਇਸ ਖੇਪ ਨਾਲ ਜੁੜੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਤੱਕ ਪਹੁੰਚਣ ਲਈ ਜਾਂਚ ਕਰ ਰਹੀ ਹੈ। ਸਰਹੱਦੀ ਇਲਾਕਿਆਂ ਵਿੱਚ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਨੂੰ ਰੋਕਣ ਲਈ ਪੁਲਿਸ ਵੱਲੋਂ ਕਾਰਵਾਈ ਲਗਾਤਾਰ ਜਾਰੀ ਹੈ।

# ਲੁਧਿਆਣਾ ਦੇ ਹਲਕਾ ਦੱਖਣੀ 'ਚ ਬਾਵਾ ਨੇ ਤਿਰੰਗਾ ਝੰਡਾ ਲਹਿਰਾ ਕੇ ਕਾਂਗਰਸੀ ਵਰਕਰਾਂ ਨਾਲ ਮਨਾਇਆ ਸੁਤੰਤਰਤਾ ਦਿਵਸ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਵਿਧਾਨ ਸਭਾ ਹਲਕਾ ਦੱਖਣੀ ਵਿਖੇ ਜ਼ਿਲ੍ਹਾ ਕਾਂਗਰਸ ਕਮੇਟੀ (ਓ.ਬੀ.ਸੀ) ਦੇ ਦਫਤਰ ਵਿਖੇ ਪ੍ਰਧਾਨ ਵਰਿੰਦਰ ਭੱਲਾ ਅਤੇ ਗੁਰਨਾਮ ਸਿੰਘ ਜਨਰਲ ਸਕੱਤਰ ਪ੍ਰਦੇਸ਼ ਕਾਂਗਰਸ ਓ.ਬੀ.ਸੀ ਵੱਲੋਂ ਆਯੋਜਿਤ ਕੀਤੇ ਗਏ ਸੁਤੰਤਰਤਾ ਦਿਵਸ ਦੀ 80ਵੀਂ ਵਰੇਗੰਢ?ਹ 'ਤੇ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਏ.ਆਈ.ਸੀ.ਸੀ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਰਾਸ਼ਟਰੀ ਗਾਇਨ ਗਾਇਆ। ਇਸ ਸਮੇਂ ਅਮਿਤ ਕੁਮਾਰ, ਪਰਮਾਤਮਾ ਤਿਵਾਰੀ, ਨਵੀਨ ਸ਼ਰਮਾ, ਵਿਕਾਸ ਰਾਏ, ਕਨਵ ਰਾਏ, ਰਾਜਨ ਕੁਮਾਰ, ਰਾਜ ਤਿਵਾੜੀ, ਸੰਤ ਲਾਲ ਗੁਪਤਾ, ਪਰਮਜੀਤ ਸਿੰਘ, ਮਨਿੰਦਰ ਸਿੰਘ ਉੱਭੀ, ਸੀਨੀਅਰ ਨੇਤਾ ਮਨਪ੍ਰੀਤ ਕੌਰ, ਸ਼ਿਵਰਾਜ ਸਿੰਘ, ਕੁਲਵੰਤ ਰਾਏ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਸਮੇਂ ਬੋਲਦੇ ਸ਼੍ਰੀ ਬਾਵਾ ਨੇ ਕਿਹਾ ਕਿ ਅੱਜ ਦਾ ਇਤਿਹਾਸਿਕ ਦਿਹਾੜਾ ਸਾਨੂੰ ਉਨ੍ਹਾਂ ਮਹਾਨ ਦੇਸ਼ ਭਗਤਾਂ, ਸੁਤੰਤਰਤਾ ਸੰਗਰਾਮੀਆਂ ਦੀ ਯਾਦ ਦਿਵਾਉਂਦਾ ਹੈ ਜਿਨਾਂ ਨੇ ਭਾਰਤ ਦੀ ਆਜ਼ਾਦੀ ਖਾਤਰ ਆਪਣੀ ਜਾਨ ਦੀ ਆਹੂਤੀ ਦਿੱਤੀ, ਸੱਤਿਆਗ੍ਰਹਿ ਕੀਤਾ, ਜਿਨਾਂ ਵਿੱਚ ਰਾਸ਼ਟਰ ਪਿਤਾ ਮਹਾਤਮਾ ਗਾਂਧੀ, ਲਾਲਾ ਲਾਜਪਤ ਰਾਏ, ਸ਼ਹੀਦ-ਏ-ਆਜ਼ਮ ਭਗਤ ਸਿੰਘ, ਕਰਤਾਰ ਸਿੰਘ ਸਰਾਭਾ, ਰਾਜਗੁਰੂ, ਸੁਖਦੇਵ ਥਾਪਰ ਦੇ ਨਾਮ ਵਰਨਣਯੋਗ ਹਨ। ਉਹਨਾਂ ਕਿਹਾ ਕਿ ਲੋੜ ਹੈ ਉਹਨਾਂ ਆਜ਼ਾਦੀ ਦੇ ਪਰਵਾਨਿਆਂ ਨੂੰ ਵੀ ਯਾਦ ਕਰੀਏ ਜਿਹਨਾਂ ਲਾਲ ਕਿਲੇ ਤੋਂ ਨਾਅਰਾ ਲਗਾਇਆ ਸੀ।

**ਲਾਲ ਕਿਲੇ ਸੇ ਆਈ ਆਵਾਜ਼- ਢਿਲੋਂ, ਸਹਿਗਲ, ਸ਼ਾਹਨਵਾਜ਼**



ਲੱਗਦਾ ਹੈ ਕਿ ਅੱਜ ਮਹਿੰਗੇ ਮੁੱਲ ਮਿਲੀ ਆਜ਼ਾਦੀ ਅਤੇ ਵੋਟ ਦੀ ਤਾਕਤ ਨੂੰ ਭੁੱਲ ਕੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਵੀ ਸਿਰਫ ਆਜ਼ਾਦੀ ਦਿਹਾੜੇ 'ਤੇ ਹੀ ਯਾਦ ਕਰਦੇ ਹਾਂ ਪਰ ਉਨ੍ਹਾਂ ਨੇ ਆਜ਼ਾਦ ਭਾਰਤ ਸਬੰਧੀ ਸੁਪਨੇ ਲਏ ਸਨ, ਅਸੀਂ ਉਨ੍ਹਾਂ ਨੂੰ ਭੁੱਲ ਗਏ ਜੋ ਸਾਨੂੰ ਵੋਟ ਅਧਿਕਾਰ ਹਜ਼ਾਰਾਂ ਕੁਰਬਾਨੀਆਂ ਦੇ ਕੇ ਮਿਲਿਆ, ਅਸੀਂ ਵਿਸਾਰ ਦਿੱਤਾ ਹੈ। ਅਸੀਂ ਤਾਂ ਵੋਟ ਸ਼ਰਾਬ ਦੀ ਬੋਤਲ, ਚੰਦ ਪੈਸਿਆਂ ਬਦਲੇ ਧਨਾਂਢ ਲੋਕਾਂ ਨੂੰ ਪਾ ਕੇ ਮਹਾਨ ਸ਼ਹੀਦਾਂ ਦਾ ਨਿਰਾਦਰ ਕਰ ਰਹੇ ਹਾਂ। ਅੱਜ ਦਾ ਦਿਨ ਸਾਨੂੰ ਕੁਝ ਕਹਿੰਦਾ ਹੈ ਜਿਸ ਨੂੰ ਸੁਣਨ, ਸੋਚਣ, ਸਮਝਣ ਅਤੇ ਅਮਲ ਕਰਨ ਦੀ ਜਰੂਰਤ ਹੈ। ਉਹਨਾਂ ਕਿਹਾ ਕਿ ਦੇਸ਼ ਕਿਸ ਪਾਸੇ ਜਾ ਰਿਹਾ ਹੈ..? ਭਾਜਪਾ ਕਹਿ ਰਹੀ ਹੈ ਕਿ ਹਮ ਉਨ ਕੋ ਲਾਏਂਗੇ ਜੋ ਰਾਮ ਕੋ ਲਾਏ ਹੈ ਅਤੇ 'ਆਪ' ਕਹਿ ਰਹੀ ਹੈ ਏਕ ਸ਼ਾਮ ਸ਼ਿਵ ਕੇ ਨਾਮ ਜਦਕਿ ਸ੍ਰੀ ਰਾਮ ਅਤੇ ਸ਼ਿਵ ਜੀ ਸਾਡੇ ਆਸਥਾ ਵਿਸ਼ਵਾਸ ਦੀ ਕੇਂਦਰ ਹਨ ਜਿਨਾਂ ਨੂੰ ਪ੍ਰਭੂ ਦੇ ਰੂਪ ਵਿੱਚ ਮੰਨਦੇ ਹਾਂ ਲੋੜ ਹੈ। ਸੈਕੂਲਰ ਸੋਚ ਦਾ ਪਾਲਣ ਕਰਦੇ ਹੋਏ ਕਿ ਅੱਜ ਦੇਸ਼ ਨੂੰ ਉਸ ਪਾਰਟੀ ਦੀ ਲੋੜ ਹੈ ਜੋ ਸਭ ਧਰਮਾਂ ਦਾ ਬਰਾਬਰ ਸਤਿਕਾਰ ਕਰੇ। ਜੋ ਸ਼ਾਂਤੀ, ਵਿਕਾਸ ਅਤੇ ਖੁਸ਼ਹਾਲੀ ਵਿੱਚ ਵਿਸ਼ਵਾਸ ਰੱਖੇ। ਜਿਨਾਂ ਨੇ ਖੇਤੀਬਾੜੀ ਯੂਨੀਵਰਸਿਟੀ, ਭਾਖੜਾ ਡੈਮ, ਪੀ.ਜੀ.ਆਈ, ਵੱਡੀਆਂ ਸਨਅਤਾਂ ਲਗਾ ਕੇ ਕੰਪਿਊਟਰ ਯੁਗ ਲਿਆਂਦਾ ਹੈ, ਭਾਰਤ ਦੀ ਕਾਇਆ ਕਲਪ ਕੀਤੀ ਹੈ, ਉਹ ਸਿਰਫ ਕਾਂਗਰਸ ਹੈ ਜਿਸ ਦੇ ਯੁਵਾ ਨੇਤਾ ਰਾਹੁਲ ਗਾਂਧੀ ਹਨ। ਬਾਵਾ ਨੇ ਕਿਹਾ ਕਿ ਯੂਥ 'ਤੇ ਗੋਲੀਆਂ ਚਲਾਉਣਾ, ਡੰਡੇ ਵਰ੍ਹਾਉਣਾ, ਤਸ਼ੱਦਦ ਕਰਨਾ ਦੱਸਦਾ ਹੈ ਕਿ ਅਸੀਂ ਆਜ਼ਾਦ ਭਾਰਤ ਵਿੱਚ ਵੀ ਗੁਲਾਮੀ ਦਾ ਅਹਿਸਾਸ ਭਾਜਪਾ ਦੇ ਰਾਜ ਵਿਚ ਕਰ ਰਹੇ ਹਾਂ। ਉਹਨਾਂ ਕਿਹਾ ਕਿ ਭਾਰਤ ਦੇ ਕ੍ਰਾਂਤੀਕਾਰੀ ਨੇਤਾ ਰਾਹੁਲ ਗਾਂਧੀ ਨੇ ਜੋ ਸੰਘਰਸ਼ ਦਾ ਬਿਗੁਲ ਵਜਾਇਆ ਹੈ, ਉਸ ਨੂੰ ਮਜਬੂਤ ਅਤੇ ਤਾਕਤਵਰ ਬਣਾਉਣ ਦੀ ਲੋੜ ਹੈ। ਇਸ ਸਮੇਂ ਮਨਜੀਤ ਕੌਰ, ਲਲਿਤਾ ਦੇਵੀ, ਵੀਨਾ ਰਾਣੀ, ਰੇਖਾ ਰਾਣੀ, ਕਰਮਵੀਰ ਸਿੰਘ, ਅਨੋਖ ਸਿੰਘ, ਅਮਰਜੀਤ ਸਿੰਘ, ਕਮਲ ਸ਼ੁਕਲਾ ਆਦਿ ਹਾਜਰ ਸਨ।

# ਕੌਮੀ ਇਨਸਾਫ਼ ਮੋਰਚਾ ਵੱਲੋਂ 21 ਨੂੰ ਪੰਜਾਬ ਬੰਦ ਦਾ ਐਲਾਨ

ਜ਼ਿਕਰ ਪੰਜਾਬ

**ਮੁਹਾਲੀ** : ਪੰਜਾਬ ਬੰਦ ਸਬੰਧੀ ਮਹੱਤਵਪੂਰਨ ਖ਼ਬਰਾਂ ਸਾਹਮਣੇ ਆਈਆਂ ਹਨ। 21 ਅਗਸਤ ਨੂੰ ਪੰਜਾਬ ਬੰਦ (ਦਾ ਐਲਾਨ ਕੀਤਾ ਗਿਆ ਹੈ। ਰਿਪੋਰਟਾਂ ਅਨੁਸਾਰ, ਕੌਮੀ ਇਨਸਾਫ਼ ਮੋਰਚਾ ਦੇ ਆਗੂਆਂ ਨੇ 21 ਅਗਸਤ ਨੂੰ ਪੰਜਾਬ ਬੰਦ ਦਾ ਐਲਾਨ ਕੀਤਾ ਹੈ। ਪ੍ਰਦਰਸ਼ਨਕਾਰੀਆਂ ਦੀਆਂ ਮੁੱਖ ਮੰਗਾਂ ਵਿੱਚ ਉਨ੍ਹਾਂ ਸਿੱਖ ਕੈਦੀਆਂ ਦੀ ਰਿਹਾਈ ਸ਼ਾਮਲ ਹੈ ਜਿਨ੍ਹਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ। ਇਸ ਤੋਂ ਇਲਾਵਾ, ਮੋਰਚਾ ਆਗੂਆਂ ਨੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ ਵਿੱਚ ਦੋਸ਼ੀ ਜਗਤਾਰ ਸਿੰਘ ਹਵਾਰਾ ਲਈ ਪੈਰੋਲ ਦੀ ਵੀ ਮੰਗ ਕੀਤੀ ਹੈ। ਚੰਡੀਗੜ੍ਹ ਵਿੱਚ ਪ੍ਰਦਰਸ਼ਨ ਦੌਰਾਨ ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿਚਕਾਰ ਹੋਈ ਝੜਪ ਤੋਂ ਬਾਅਦ, 21 ਅਗਸਤ ਨੂੰ ਪੰਜਾਬ ਬੰਦ ਦੇ ਐਲਾਨ ਨੇ ਪ੍ਰਸ਼ਾਸਨ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ। ਸ਼ਨੀਵਾਰ, 15 ਅਗਸਤ ਨੂੰ, ਪ੍ਰਦਰਸ਼ਨ ਦੌਰਾਨ ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿਚਕਾਰ ਝੜਪ ਹੋਈ। ਪ੍ਰਦਰਸ਼ਨ ਦੌਰਾਨ ਪੁਲਿਸ ਨੇ ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੀ, ਜਿਸ ਨਾਲ ਬਹੁਤ ਸਾਰੇ ਪ੍ਰਦਰਸ਼ਨਕਾਰੀਆਂ ਨੂੰ ਪਿੱਛੇ ਹਟਣ ਲਈ ਮਜਬੂਰ ਹੋਣਾ ਪਿਆ। ਸ਼ਨੀਵਾਰ ਨੂੰ ਚੰਡੀਗੜ੍ਹ ਵਿੱਚ ਮਾਹੌਲ ਤਣਾਅਪੂਰਨ ਹੋ ਗਿਆ। ਕੌਮੀ ਇਨਸਾਫ਼ ਮੋਰਚਾ ਦੀ ਅਗਵਾਈ ਵਿੱਚ ਇੱਕ ਪ੍ਰਦਰਸ਼ਨ ਮੋਹਾਲੀ ਤੋਂ ਰਾਜਪਾਲ ਭਵਨ ਵੱਲ ਮਾਰਚ ਕੀਤਾ ਗਿਆ। ਇਹ ਵੀ ਧਿਆਨ ਦੇਣ ਯੋਗ ਹੈ ਕਿ ਚੰਡੀਗੜ੍ਹ ਪੁਲਿਸ ਨੇ ਕੈਦ ਸਿੱਖਾਂ ਦੀ ਰਿਹਾਈ ਦੀ ਮੰਗ ਕਰਦੇ ਹੋਏ ਪੰਜਾਬ ਰਾਜਪਾਲ ਭਵਨ ਵੱਲ ਮਾਰਚ ਕਰਨ ਵਾਲੇ ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੀ।

ਇਸ ਦੌਰਾਨ ਪੁਲਿਸ ਨੇ ਹੰਝੂ ਗੈਸ ਦੇ ਗੋਲੇ ਵੀ ਸੁੱਟੇ। ਰਿਪੋਰਟਾਂ ਅਨੁਸਾਰ, ਪੁਲਿਸ ਨੇ ਕਈ ਸਿੱਖ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੂੰ ਵੀ ਚੰਡੀਗੜ੍ਹ ਪੁਲਿਸ ਨੇ ਹਿਰਾਸਤ ਵਿੱਚ ਲੈ ਲਿਆ। ਘਟਨਾ ਦੌਰਾਨ ਮਾਨ ਜ਼ਖਮੀ ਦਿਖਾਈ ਦਿੱਤੇ। ਇਸ ਦੌਰਾਨ, ਚੰਡੀਗੜ੍ਹ ਪੁਲਿਸ ਨੇ ਸਾਵਧਾਨੀ ਵਜੋਂ ਸਰਹੱਦ ਸੀਲ ਕਰ ਦਿੱਤੀ। ਪ੍ਰਦਰਸ਼ਨਕਾਰੀਆਂ ਨੇ ਬੈਰੀਕੇਡ ਹਟਾਉਣ ਲਈ ਟਰੈਕਟਰਾਂ ਦਾ ਸਹਾਰਾ ਲਿਆ। ਪੁਲਿਸ ਅਨੁਸਾਰ, ਭੀੜ ਨੂੰ ਰੋਕਣ ਲਈ ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੀ ਗਈ। ਜਦੋਂ ਪ੍ਰਦਰਸ਼ਨਕਾਰੀਆਂ ਨੇ ਫਿਰ ਵੀ ਪਿੱਛੇ ਹਟਣ ਤੋਂ ਇਨਕਾਰ ਕਰ ਦਿੱਤਾ, ਤਾਂ ਪੁਲਿਸ ਨੇ ਡਰੋਨ ਅਤੇ ਹੋਰ ਤਰੀਕਿਆਂ ਨਾਲ ਅੱਥਰੂ ਗੈਸ ਦੇ ਗੋਲੇ ਛੱਡੇ, ਜਿਸ ਤੋਂ ਬਾਅਦ ਭੀੜ ਪਿੱਛੇ ਹਟ ਗਈ। ਉਨ੍ਹਾਂ ਨੇ ਪੰਜਾਬ ਦੇ ਸਾਰੇ ਸਮਾਜਿਕ, ਧਾਰਮਿਕ ਅਤੇ ਵਪਾਰਕ ਸੰਗਠਨਾਂ ਨੂੰ ਜੇਲ੍ਹਾਂ ਵਿੱਚ ਬੰਦ ਸਿੱਖਾਂ ਦੀ ਰਿਹਾਈ ਦੀ ਮੰਗ ਲਈ 21 ਅਗਸਤ ਨੂੰ ਪੰਜਾਬ ਬੰਦ ਦੇ ਸੱਦੇ ਦਾ ਸਮਰਥਨ ਕਰਨ ਦੀ ਅਪੀਲ ਕੀਤੀ। ਕੌਮੀ ਇਨਸਾਫ ਮੋਰਚੇ ਵੱਲੋਂ ਬਲਵੰਤ ਸਿੰਘ ਰਾਜੋਆਣਾ, ਜਗਤਾਰ ਸਿੰਘ ਹਵਾਰਾ, ਜਗਤਾਰ ਸਿੰਘ ਤਾਰਾ, ਪਰਮਜੀਤ ਸਿੰਘ ਭਿਓਰਾ, ਦਵਿੰਦਰ ਸਿੰਘ ਭੁੱਲਰ, ਅਤੇ ਗੁਰਦੀਪ ਸਿੰਘ ਖੇੜਾ ਦੀ ਰਿਹਾਈ ਦੀ ਮੰਗ ਕੀਤੀ ਗਈ ਹੈ।

# ਸੁੱਖ ਸਾਗਰ ਸਾਹਿਬ ਵਿਖੇ ਸਲਾਨਾ ਧਾਰਮਿਕ ਸਮਾਗਮ ਵਿੱਚ ਕੈਬਨਿਟ ਮੰਤਰੀ ਹਰਜੋਤ ਬੈਂਸ ਹੋਏ ਨਤਮਸਤਕ

## ਧਾਰਮਿਕ ਸਮਾਗਮਾਂ ਨਾਲ ਮਨੁੱਖ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਪ੍ਰੇਰਨਾ ਮਿਲਦੀ ਹੈ : ਕੈਬਨਿਟ ਮੰਤਰੀ

ਜ਼ਿਕਰ ਪੰਜਾਬ

**ਸ੍ਰੀ ਅਨੰਦਪੁਰ ਸਾਹਿਬ** : ਕੈਬਨਿਟ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਅੱਜ ਸੁੱਖ ਸਾਗਰ ਸਾਹਿਬ ਲੰਗ ਮਜਾਰੀ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਇੱਥੇ ਕਰਵਾਏ ਗਏ ਸਲਾਨਾ ਧਾਰਮਿਕ ਸਮਾਗਮ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਸ਼ਮੂਲੀਅਤ ਕੀਤੀ ਅਤੇ ਗੁਰੂ ਚਰਨਾਂ ਵਿੱਚ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੇ ਸੰਗਤ ਨਾਲ ਮਿਲ ਕੇ ਗੁਰਬਾਣੀ ਕੀਰਤਨ ਅਤੇ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਭਰੀ ਅਤੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਕੈਬਨਿਟ ਮੰਤਰੀ ਬੈਂਸ ਨੇ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਸਾਨੂੰ ਸੱਚ, ਸੇਵਾ, ਨਿਮਰਤਾ, ਭਾਈਚਾਰਕ ਸਾਂਝ ਅਤੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਡੀ ਨੌਜਵਾਨ ਪੀੜ੍ਹੀ ਨੂੰ ਆਪਣੇ ਅਮੀਰ ਧਾਰਮਿਕ ਅਤੇ ਸੱਭਿਆਚਾਰਕ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬਾਨ ਵੱਲੋਂ ਦਿੱਤੇ ਸਰਬ ਸਾਂਝੀਵਾਲਤਾ ਅਤੇ ਸੇਵਾ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਦਾ ਸਿੱਖ ਇਤਿਹਾਸ ਅਤੇ ਧਾਰਮਿਕ ਵਿਰਸੇ ਵਿੱਚ ਵਿਸ਼ੇਸ਼ ਸਥਾਨ ਹੈ। ਇਸ ਪਵਿੱਤਰ ਧਰਤੀ ਨਾਲ ਜੁੜੇ ਹਰ ਧਾਰਮਿਕ ਅਸਥਾਨ ਦੀ ਆਪਣੀ ਵਿਲੱਖਣ ਮਹੱਤਤਾ ਹੈ ਅਤੇ ਇੱਥੇ ਹੋਣ ਵਾਲੇ ਸਮਾਗਮ ਸੰਗਤਾਂ ਨੂੰ ਆਤਮਿਕ ਸ਼ਾਂਤੀ ਪ੍ਰਦਾਨ ਕਰਨ ਦੇ ਨਾਲ-ਨਾਲ ਸਾਂਝੀਵਾਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਧਾਰਮਿਕ ਅਤੇ ਇਤਿਹਾਸਕ ਵਿਰਸੇ ਦੀ ਸੰਭਾਲ ਅਤੇ ਇਸ ਨਾਲ ਸਬੰਧਤ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਵਚਨਬੱਧ ਹੈ। ਇਸ ਮੌਕੇ ਪ੍ਰਬੰਧਕਾਂ ਅਤੇ ਸੰਗਤ ਵੱਲੋਂ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਦਾ ਸਨਮਾਨ ਵੀ ਕੀਤਾ ਗਿਆ। ਬੈਂਸ ਨੇ ਸਮਾਗਮ ਦੇ ਪ੍ਰਬੰਧਕਾਂ ਨੂੰ ਸਲਾਨਾ ਧਾਰਮਿਕ ਸਮਾਗਮ ਸਫਲਤਾਪੂਰਵਕ ਕਰਵਾਉਣ ਲਈ ਵਧਾਈ ਦਿੱਤੀ ਅਤੇ ਸੰਗਤ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਵਿੱਚ ਨਤਮਸਤਕ ਹੋ ਕੇ ਸੇਵਾ ਅਤੇ ਸਿਮਰਨ ਨਾਲ ਜੁੜਨਾ ਹਮੇਸ਼ਾ ਮਨ ਨੂੰ ਸਕੂਨ ਦਿੰਦਾ ਹੈ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਤ ਬਾਬਾ ਦਰਸ਼ਨ ਸਿੰਘ, ਗੁਰਨਾਮ ਸਿੰਘ ਬਿੰਦਰਾ, ਕਰਤਾਰ ਸਿੰਘ ਬਰੋਟੂ, ਸਰਪੰਚ ਮਹਿਸ਼ਾ ਆਨੰਦ, ਕੁਲਵਿੰਦਰ ਸਿੰਘ ਬਿੰਦਰਾ, ਸ਼ਸ਼ੀ ਬਾਲਾ ਆਦਿ ਹਾਜ਼ਰ ਸਨ।



# ਪਹਿਲੀ ਵਾਰ ਕਿਸੇ ਸਰਕਾਰ ਨੇ ਮਾਵਾਂ-ਧੀਆਂ ਦੀਆਂ ਲੋੜਾਂ, ਸਨਮਾਨ ਅਤੇ ਹੱਕ ਨੂੰ ਦਿੱਤੀ ਪਹਿਲ

## ਤੀਜ ਦੇ ਰੰਗ ਵਿੱਚ ਗੂੰਜੀ ਅਮਰਗੜ੍ਹ ਦੀਆਂ ਔਰਤਾਂ ਦੀ ਆਵਾਜ਼

ਜ਼ਿਕਰ ਪੰਜਾਬ

**ਅਮਰਗੜ੍ਹ** : ਅਮਰਗੜ੍ਹ ਹਲਕੇ ਵਿੱਚ ਅੱਜ ਤੀਆਂ ਦੇ ਪਵਿੱਤਰ ਤਿਉਹਾਰ 'ਤੇ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਕਰਵਾਏ ਗਏ ਤੀਆਂ ਦੇ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਉਤਸ਼ਾਹ ਨਾਲ ਲਿਆ ਹਿੱਸਾ। ਰੰਗ-ਬਿਰੰਗੇ ਪਾਰੰਪਰਿਕ ਪਹਿਰਾਵੇ, ਲੋਕ ਗੀਤਾਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਪੂਰਾ ਪ੍ਰੋਗਰਾਮ ਪੰਜਾਬੀ ਸੱਭਿਆਚਾਰ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਪ੍ਰੋਗਰਾਮ ਵਿੱਚ ਔਰਤਾਂ ਨੇ ਤੀਜ ਦੇ ਨਾਲ-ਨਾਲ ਪੰਜਾਬ ਸਰਕਾਰ ਦੀ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਬਾਰੇ ਵੀ ਚਰਚਾ ਕੀਤੀ। ਔਰਤਾਂ ਨੇ ਕਿਹਾ ਕਿ ਪਹਿਲੀ ਵਾਰ ਉਨ੍ਹਾਂ ਦੀਆਂ ਰੋਜ਼ਾਨਾ ਦੀਆਂ ਲੋੜਾਂ ਅਤੇ ਆਰਥਿਕ ਸਨਮਾਨ ਨਾਲ ਜੁੜੇ ਮੁੱਦਿਆਂ ਨੂੰ ਸਰਕਾਰ ਦੀਆਂ ਨੀਤੀਆਂ ਵਿੱਚ ਇੰਨੀ ਮੁੱਖਤਾ ਮਿਲੀ ਹੈ। ਜੁਲਾਈ 2026 ਵਿੱਚ ਸ਼ੁਰੂ ਹੋਈ ਇਸ ਯੋਜਨਾ ਤਹਿਤ ਯੋਗ ਔਰਤਾਂ ਨੂੰ ਮਹੀਨਾਵਾਰ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਮੌਕੇ ਵਿਧਾਇਕ ਗੱਜਣਮਾਜਰਾ ਨੇ ਕਿਹਾ ਕਿ ਤੀਆਂ ਕੇਵਲ ਇੱਕ ਤਿਉਹਾਰ ਨਹੀਂ, ਸਗੋਂ ਪੰਜਾਬ ਦੀਆਂ ਧੀਆਂ ਅਤੇ ਔਰਤਾਂ ਦੀਆਂ ਖੁਸ਼ੀਆਂ, ਸਨਮਾਨ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੁੜਿਆ ਤਿਓਹਾਰ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਔਰਤਾਂ ਨੂੰ ਸ਼ਕਤੀਸ਼ਾਲੀ ਬਣਾਉਣ ਦੇ ਨਾਲ-ਨਾਲ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਨੂੰ ਨਵੀਂ ਰਫ਼ਤਾਰ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਅਮਰਗੜ੍ਹ ਹਲਕੇ ਵਿੱਚ ਵਿਕਾਸ ਦੀ ਰਫ਼ਤਾਰ ਲਗਾਤਾਰ ਤੇਜ਼ ਹੋਈ ਹੈ। ਕਿਸਾਨਾਂ ਨੂੰ ਨਹਿਰੀ ਪਾਣੀ ਪਹੁੰਚਾਉਣ ਲਈ ਵੀ ਕਰੋੜਾਂ ਰੁਪਏ ਦੇ ਪ੍ਰੋਜੈਕਟ ਚੱਲ ਰਹੇ ਹਨ। ਪ੍ਰੋਗਰਾਮ ਵਿੱਚ ਔਰਤਾਂ ਦਾ ਉਤਸ਼ਾਹ ਅਤੇ ਵੱਡੀ ਗਿਣਤੀ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਇਸ ਗੱਲ ਦਾ ਸੰਕੇਤ ਰਹੀ ਕਿ ਅਮਰਗੜ੍ਹ ਦੀਆਂ ਔਰਤਾਂ ਹੁਣ ਸਿਰਫ਼ ਤਿਉਹਾਰ ਮਨਾਉਣ ਤੱਕ ਸੀਮਤ ਨਹੀਂ, ਸਗੋਂ ਪੰਜਾਬ ਦੀ ਰਾਜਨੀਤੀ ਅਤੇ ਆਪਣੇ ਭਵਿੱਖ ਨੂੰ ਲੈ ਕੇ ਵੀ ਪੂਰੀ ਤਰ੍ਹਾਂ ਜਾਗਰੂਕ ਹਨ। ਔਰਤਾਂ ਵਿਚਕਾਰ ਸਰਕਾਰ ਦੀਆਂ ਯੋਜਨਾਵਾਂ ਅਤੇ ਖੇਤਰ ਵਿੱਚ ਹੋਏ ਵਿਕਾਸ ਕਾਰਜਾਂ ਨੂੰ ਲੈ ਕੇ ਹਾਂ-ਪੱਖੀ ਚਰਚਾ ਦੇਖਣ ਨੂੰ ਮਿਲੀ। ਪ੍ਰੋਗਰਾਮ ਦੌਰਾਨ ਔਰਤਾਂ ਵਿੱਚ ਆਗਾਮੀ ਚੋਣਾਂ ਨੂੰ ਲੈ ਕੇ ਵੀ ਉਤਸ਼ਾਹ ਨਜ਼ਰ ਆਇਆ। ਕਈ ਔਰਤਾਂ ਨੇ ਕਿਹਾ ਕਿ "ਕੰਮ ਕਰਨ ਵਾਲੀ ਸਰਕਾਰ ਨੂੰ ਇੱਕ ਹੋਰ ਮੌਕਾ ਮਿਲਣਾ ਚਾਹੀਦਾ ਹੈ ਅਤੇ ਭਗਵੰਤ ਮਾਨ ਸਰਕਾਰ ਨੂੰ ਫਿਰ ਤੋਂ ਚੁਣ ਕੇ ਪੰਜਾਬ ਦੀ ਵਿਕਾਸ ਯਾਤਰਾ ਨੂੰ ਅੱਗੇ ਵਧਾਉਣਾ ਚਾਹੀਦਾ ਹੈ। ਤੀਜ ਸਮਾਗਮ ਨੇ ਇੱਕ ਵਾਰ ਫਿਰ ਇਹ ਸੰਦੇਸ਼ ਦਿੱਤਾ ਕਿ ਅਮਰਗੜ੍ਹ ਵਿੱਚ ਔਰਤਾਂ ਦੀ ਭਾਗੀਦਾਰੀ ਹੁਣ ਸਮਾਜਿਕ ਸਮਾਗਮਾਂ ਤੋਂ ਅੱਗੇ ਵਧ ਕੇ ਵਿਕਾਸ ਅਤੇ ਰਾਜਨੀਤਿਕ ਬਦਲਾਅ ਦੀ ਮਜ਼ਬੂਤ ਆਵਾਜ਼ ਬਣ ਰਹੀ ਹੈ।



ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦ.ਫਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly